




WEEKLY NEWS PAPER

# ਬੀ ਸੀ ਪੰਜਾਬੀ ਨਿਊਜ਼ ਕੈਨੇਡਾ

BRITISH COLUMBIA : Vancouver, Victoria, Surrey, Nanaimo By: Mangat Media Group








Vol-1 Issue - 09 14 August to 20 August, 2026 Email: bcpunjabinews@gmail.com Website: www.bcpunjabinews.ca Phone: +1 604 750 4259


## ਓਂਟਾਰੀਓ ’ਚ ਜ਼ਮਾਨਤ ਦੇ ਨਿਯਮ ਹੋਏ ਸਖ਼ਤ, ਹੁਣ ਸਾਰੀ ਰਕਮ ਜਮ੍ਹਾਂ ਕਰਵਾਉਣੀ ਪਵੇਗੀ

### ਨਵੇਂ ਨਿਯਮ 17 ਅਗਸਤ ਤੋਂ ਲਾਗੂ, ਸ਼ਰਤਾਂ ਤੋੜਨ ’ਤੇ ਜ਼ਮਾਨਤੀ ਰਕਮ ਹੋਵੇਗੀ ਜ਼ਬਤ



**ਓਂਟਾਰੀਓ:** ਕੈਨੇਡਾ ਦੇ ਸਭ ਤੋਂ ਵੱਧ ਅਬਾਦੀ ਵਾਲੇ ਸੂਬੇ ਓਂਟਾਰੀਓ ਵਿੱਚ ਸਰਕਾਰ ਨੇ ਜ਼ਮਾਨਤ ਅਤੇ ਰਿਹਾਈ ਦੇ ਨਿਯਮ ਸਖ਼ਤ ਕਰ ਦਿੱਤੇ ਹਨ। ਨਵੇਂ ਨਿਯਮ 17 ਅਗਸਤ ਤੋਂ ਲਾਗੂ ਹੋਣਗੇ। ਇਸ ਤਹਿਤ ਜ਼ਮਾਨਤ ’ਤੇ ਰਿਹਾਈ ਲਈ ਮੁਲਜ਼ਮ ਨੂੰ ਲਿਖਤੀ ਜ਼ਮਾਨਤੀ ਬਾਂਡ ਦੀ ਥਾਂ ਨਿਰਧਾਰਤ ਰਕਮ ਨਕਦ ਜਮ੍ਹਾਂ ਕਰਵਾਉਣੀ ਪਵੇਗੀ।

ਸਰਕਾਰ ਮੁਤਾਬਕ ਜੇਕਰ ਰਿਹਾਈ ਦੀਆਂ ਸ਼ਰਤਾਂ ਦੀ ਉਲੰਘਣਾ ਹੁੰਦੀ ਹੈ ਤਾਂ ਜਮ੍ਹਾਂ ਕਰਵਾਈ ਰਕਮ ਜ਼ਬਤ ਕੀਤੀ ਜਾ ਸਕੇਗੀ। ਅਟਾਰਨੀ ਜਨਰਲ ਡੱਗ ਡਾਉਣੀ ਨੇ ਕਿਹਾ ਕਿ ਨਵੀਂ ਵਿਵਸਥਾ ਦਾ ਮਕਸਦ ਵਾਰ-ਵਾਰ ਅਪਰਾਧ ਕਰਨ ਵਾਲੇ ਅਤੇ ਹਿੰਸਕ ਗਤੀਵਿਧੀਆਂ ਵਿੱਚ ਸ਼ਾਮਲ ਮੁਲਜ਼ਮਾਂ ’ਤੇ ਸਖ਼ਤੀ ਕਰਨਾ ਹੈ।

ਸਾਲਿਸਿਟਰ ਜਨਰਲ ਮਾਈਕਲ ਕਰਜਨਰ ਨੇ ਕਿਹਾ ਕਿ ਜ਼ਮਾਨਤ ਦੀਆਂ ਸ਼ਰਤਾਂ ਅਦਾਲਤੀ ਹੁਕਮ ਹੁੰਦੀਆਂ ਹਨ ਅਤੇ ਇਨ੍ਹਾਂ ਦੀ ਉਲੰਘਣਾ ਕਰਨ ਵਾਲਿਆਂ ਦੀ ਜਵਾਬਦੇਹੀ ਤੈਅ ਹੋਣੀ ਚਾਹੀਦੀ ਹੈ। ਸਰਕਾਰ ਦਾ ਦਾਅਵਾ ਹੈ ਕਿ ਨਵੇਂ ਨਿਯਮਾਂ ਨਾਲ ਭਾਈਚਾਰਿਆਂ ਦੀ ਸੁਰੱਖਿਆ ਮਜ਼ਬੂਤ ਹੋਵੇਗੀ ਅਤੇ ਦੁਹਰਾਏ ਜਾਣ ਵਾਲੇ ਅਪਰਾਧਾਂ ’ਤੇ ਕਾਬੂ ਪਾਉਣ ਵਿੱਚ ਮਦਦ ਮਿਲੇਗੀ।

# ਓਨਟਾਰੀਓ ਵਿੱਚ ਗੈਰ-ਕਾਨੂੰਨੀ ਤੌਰ ’ਤੇ ਰਹਿ ਰਹੇ ਲੋਕਾਂ ਲਈ ਸੋਸ਼ਲ ਅਸਿਸਟੈਂਸ ਬੰਦ



**ਟੋਰਾਂਟੋ: (ਬੀ ਸੀ ਪੰਜਾਬੀ ਨਿਊਜ਼ ਬਿਊਰੋ)** ਓਨਟਾਰੀਓ ਦੀ ਡਗ ਫੋਰਡ ਸਰਕਾਰ ਨੇ ਸੂਬੇ ਵਿੱਚ ਬਿਨਾਂ ਕਾਨੂੰਨੀ ਸਟੇਟਸ ਦੇ ਰਹਿ ਰਹੇ ਲੋਕਾਂ ਨੂੰ ਸਰਕਾਰੀ ਸੋਸ਼ਲ ਅਸਿਸਟੈਂਸ ਮਿਲਣ ’ਤੇ ਰੋਕ ਲਗਾ ਦਿੱਤੀ ਹੈ। ਸਰਕਾਰ ਵੱਲੋਂ ਨਿਯਮਾਂ ਵਿੱਚ ਕੀਤੀਆਂ ਤਬਦੀਲੀਆਂ 13 ਅਗਸਤ 2026 ਤੋਂ ਤੁਰੰਤ ਲਾਗੂ ਹੋ ਗਈਆਂ ਹਨ।

ਨਵੇਂ ਨਿਯਮਾਂ ਤਹਿਤ ਕੈਨੇਡਾ ਵਿੱਚ ਬਿਨਾਂ ਕਾਨੂੰਨੀ ਸਟੇਟਸ ਦੇ ਰਹਿ ਰਹੇ ਵਿਅਕਤੀ ਹੁਣ Ontario Works Aqy Ontario Disaibilty Support Program (ODSP) ਦੇ ਲਾਭਾਂ ਲਈ ਯੋਗ ਨਹੀਂ ਹੋਣਗੇ।

ਇਸ ਤੋਂ ਇਲਾਵਾ, ਉਹ ਲੋਕ ਵੀ ਇਨ੍ਹਾਂ ਪ੍ਰੋਗਰਾਮਾਂ ਲਈ ਯੋਗ ਨਹੀਂ ਰਹਿਣਗੇ ਜਿਨ੍ਹਾਂ ਨੂੰ ਕੈਨੇਡਾ ਵਿੱਚ ਸਿਰਫ਼ ਅਸਥਾਈ ਤੌਰ ’ਤੇ ਰਹਿਣ ਦੀ ਇਜਾਜ਼ਤ ਹੈ। ਇਸ ਵਿੱਚ ਸਟੂਡੈਂਟ ਵੀਜ਼ਾ, ਵਰਕ ਪਰਮਿਟ, ਵਿਜ਼ਟਰ ਜਾਂ ਟੂਰਿਸਟ ਸਟੇਟਸ ਵਾਲੇ ਲੋਕ ਸ਼ਾਮਲ ਹਨ।

ਬੱਚਿਆਂ, ਕਮਿਊਨਿਟੀ ਅਤੇ ਸੋਸ਼ਲ ਸਰਵਿਸਿਜ਼ ਮੰਤਰੀ ਮਾਈਕਲ ਪਾਰਸਾ ਨੇ ਕਿਹਾ ਕਿ ਸਰਕਾਰ ਲੋੜਵੰਦ ਲੋਕਾਂ ਦੀ ਮਦਦ ਲਈ ਹਮੇਸ਼ਾ ਖੜ੍ਹੀ ਰਹੇਗੀ, ਪਰ ਟੈਕਸਦਾਤਾਵਾਂ ਦੇ ਪੈਸੇ ਨਾਲ ਚੱਲਣ ਵਾਲੀ ਸੋਸ਼ਲ ਅਸਿਸਟੈਂਸ ਕੈਨੇਡਾ ਵਿੱਚ ਗੈਰ-ਕਾਨੂੰਨੀ ਤੌਰ ’ਤੇ ਰਹਿ ਰਹੇ ਲੋਕਾਂ ਲਈ ਨਹੀਂ ਹੋਣੀ ਚਾਹੀਦੀ। ਉਨ੍ਹਾਂ ਕਿਹਾ ਕਿ ਇਹ ਤਬਦੀਲੀਆਂ ਟੈਕਸਦਾਤਾਵਾਂ ਦੇ ਪੈਸੇ ਦੀ ਸੁਰੱਖਿਆ ਕਰਨਗੀਆਂ ਅਤੇ ਇਹ ਯਕੀਨੀ ਬਣਾਉਣਗੀਆਂ ਕਿ ਪ੍ਰੋਗਰਾਮ ਉਨ੍ਹਾਂ ਲੋਕਾਂ ਲਈ ਉਪਲਬਧ ਰਹਿਣ ਜਿਨ੍ਹਾਂ ਲਈ ਇਹ ਬਣਾਏ ਗਏ ਹਨ।

ਪ੍ਰੀਮੀਅਰ ਡਗ ਫੋਰਡ ਨੇ ਕਿਹਾ ਕਿ ਟੈਕਸਦਾਤਾਵਾਂ ਦੇ ਪੈਸੇ ਨਾਲ ਮਿਲਣ ਵਾਲੀ ਸੋਸ਼ਲ ਅਸਿਸਟੈਂਸ ਦਾ ਮਕਸਦ ਕਦੇ ਵੀ ਓਨਟਾਰੀਓ ਵਿੱਚ ਗੈਰ-ਕਾਨੂੰਨੀ ਤੌਰ ’ਤੇ ਰਹਿ ਰਹੇ ਲੋਕਾਂ ਦੀ ਸਹਾਇਤਾ ਕਰਨਾ ਨਹੀਂ ਸੀ ਅਤੇ ਹੁਣ ਨਵੇਂ ਨਿਯਮਾਂ ਨਾਲ ਇਸ ਸਬੰਧੀ ਸਥਿਤੀ ਸਪੱਸ਼ਟ ਕਰ ਦਿੱਤੀ ਗਈ ਹੈ।

ਇਹ ਫੈਸਲਾ ਸ਼ੋਚਿਓਲ ਭਣਨਿਡਿਟਸ ਠਰਿਬੁਨਓਲ ਦੇ ਇੱਕ ਹਾਲੀਆ ਫੈਸਲੇ ਤੋਂ ਬਾਅਦ ਆਇਆ ਹੈ, ਜਿਸ ਵਿੱਚ ਕਈ ਦਹਾਕਿਆਂ ਤੋਂ ਬਿਨਾਂ ਕਾਨੂੰਨੀ ਸਟੇਟਸ ਦੇ ਰਹਿ ਰਹੇ ਇੱਕ ਵਿਅਕਤੀ ਨੂੰ Ontario Works ਲਈ ਯੋਗ ਮੰਨਿਆ ਗਿਆ ਸੀ। ਇਸ ਫੈਸਲੇ ਤੋਂ ਬਾਅਦ ਡਗ ਫੋਰਡ ਨੇ ਕਿਹਾ ਸੀ ਕਿ ਜੇ ਲੋੜ ਪਈ ਤਾਂ ਸਰਕਾਰ ਨਿਯਮਾਂ ਵਿੱਚ ਤਬਦੀਲੀ ਕਰੇਗੀ।

ਇਹ ਸੋਧਾਂ Ontario Works Act, 1997 ਅਤੇ Ontario Disaibilty Support Program Act, 1997 ਤਹਿਤ ਕੀਤੀਆਂ ਗਈਆਂ ਹਨ ਅਤੇ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਈਆਂ ਹਨ।

## ਐਡਮਿੰਟਨ ਸੜਕ ਹਾਦਸੇ ਦੌਰਾਨ ਪੰਜਾਬੀ ਜੇਲ ਵਾਰਡਨ ਸਮੇਤ 3 ਦੀ ਮੌਤ



**ਐਡਮਿੰਟਨ –** ਐਡਮਿੰਟਨ ’ਚ ਵਾਪਰੇ ਇੱਕ ਦਰਦਨਾਕ ਸੜਕ ਹਾਦਸੇ ਵਿੱਚ ਪੰਜਾਬੀ ਮੂਲ ਦੀ ਜੇਲ੍ਹ ਵਾਰਡਨ ਸਮੇਤ ਤਿੰਨ ਵਿਅਕਤੀਆਂ ਦੀ ਮੌਤ ਹੋਣ ਦੀ ਦੁਖਦਾਈ ਖ਼ਬਰ ਹੈ । ਇਹ ਹਾਦਸਾ ਉਸ ਵੇਲੇ ਵਾਪਰਿਆ ਜਦੋਂ ਬਾਅਦ ਦੁਪਹਿਰ ਐਡਮਿੰਟਨ ਜੇਲ੍ਹ ਵਿਭਾਗ ਦੇ ਇੱਕ ਵਾਹਨ ਵਿੱਚ ਕੈਦੀ ਨੂੰ ਲਿਜਾਇਆ ਜਾ ਰਿਹਾ ਸੀ, ਜਿਸ ਦੀ ਇੱਕ ਹੋਰ ਵਾਹਨ ਨਾਲ ਸਿੱਧੀ ਟੱਕਰ ਹੋ ਗਈ। ਹਾਦਸੇ ਕਾਰਨ ਐਡਮਿੰਟਨ ਜੇਲ ਵਿਭਾਗ ਨਾਲ ਸਬੰਧਿਤ ਅਧਿਕਾਰੀ ਨਿਕੋਲ ਸਰਬਨ, ਰਮਨਦੀਪ ਕੌਰ ਮਾਨ ਅਤੇ ਹਿਰਾਸਤੀ ਕਿਆਰਾ ਮੂਸਵਾ ਦੀ ਮੌਤ ਹੋ ਗਈ।

ਮ੍ਰਿਤਕਾਂ ਵਿੱਚ ਰਮਨਦੀਪ ਕੌਰ ਮਾਨ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਗੁੜ੍ਹੇ ਨਾਲ ਸਬੰਧਿਤ ਸੀ । ਰਮਨਦੀਪ ਕੁਝ ਸਾਲ ਪਹਿਲਾਂ ਸਟੱਡੀ ਵੀਜ਼ੇ ‘ਤੇ ਕੈਨੇਡਾ ਆਈ ਸੀ। ਮੈਨੀਟੋਬਾ ਤੋਂ ਪੜ੍ਹਾਈ ਪੂਰੀ ਕਰਨ ਮਗਰੋਂ ਉਹ ਕਰੀਬ ਇੱਕ ਸਾਲ ਪਹਿਲਾਂ ਐਡਮਿੰਟਨ ਰਹਿਣ ਲੱਗ ਪਈ ਸੀ। ਖੇਡਾਂ ਵਿੱਚ ਵੀ ਰੁਚੀ ਰੱਖਣ ਵਾਲੀ ਰਮਨਦੀਪ ਨੂੰ ਕਰੀਬ ਛੇ ਮਹੀਨੇ ਪਹਿਲਾਂ ਹੀ ਜੇਲ੍ਹ ਵਿਭਾਗ (ਕਰੈਕਸ਼ਨਲ ਸਰਵਿਸਿਜ਼ ਕੈਨੇਡਾ) ਵਿੱਚ ਵਾਰਡਨ ਵਜੋਂ ਨੌਕਰੀ ਮਿਲੀ ਸੀ। ਵਾਹਨਾਂ ਦੀ ਟੱਕਰ ਕਾਰਨ ਜ਼ਖ਼ਮੀ ਹੋਏ ਲੋਕਾਂ ਨੂੰ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ।






# ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ’ਚ ਜੰਗਲੀ ਅੱਗ ਦਾ ਕਹਿਰ, 20 ਹਜ਼ਾਰ ਤੋਂ ਵੱਧ ਲੋਕ ਬੇਘਰ



**ਟੋਰਾਂਟੋ: (ਬੀ ਸੀ ਪੰਜਾਬੀ ਨਿਊਜ਼ ਬਿਊਰੋ)** ਪੱਛਮੀ ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ਸੂਬੇ ਵਿੱਚ ਭਿਆਨਕ ਜੰਗਲੀ ਅੱਗ ਨੇ ਵੱਡੀ ਤਬਾਹੀ ਮਚਾਈ ਹੋਈ ਹੈ। ਅੱਗ ਦੇ ਤੇਜ਼ੀ ਨਾਲ ਫੈਲਣ ਕਾਰਨ 20 ਹਜ਼ਾਰ ਤੋਂ ਵੱਧ ਲੋਕਾਂ ਨੂੰ ਆਪਣੇ ਘਰ-ਬਾਰ ਛੱਡ ਕੇ ਸੁਰੱਖਿਅਤ ਥਾਵਾਂ ’ਤੇ ਜਾਣ ਲਈ ਮਜਬੂਰ ਹੋਣਾ ਪਿਆ ਹੈ। ਇਸ ਕੁਦਰਤੀ ਆਫ਼ਤ ਵਿੱਚ ਇੱਕ 80 ਸਾਲਾ ਬਜ਼ੁਰਗ ਮਹਿਲਾ ਦੀ ਮੌਤ ਹੋ ਗਈ, ਜਦਕਿ ਕਈ ਘਰ ਸੜ ਕੇ ਸੁਆਹ ਹੋ ਗਏ ਹਨ।

ਗਰਮੀ ਅਤੇ ਸੋਕੇ ਕਾਰਨ ਜੰਗਲਾਂ ਵਿੱਚ ਫੈਲੀ ਅੱਗ ਨੇ ਇੰਨੀ ਤੇਜ਼ੀ ਨਾਲ ਰੂਪ ਧਾਰ ਲਿਆ ਕਿ ਅੱਗ ਬੁਝਾਊ ਦਸਤੇ ਅੱਗ ਨੂੰ ਕਾਬੂ ਕਰਨ ਦੇ ਨਾਲ-ਨਾਲ ਲੋਕਾਂ ਨੂੰ ਸੁਰੱਖਿਅਤ ਥਾਵਾਂ ’ਤੇ ਪਹੁੰਚਾਉਣ ਲਈ ਵੱਡੇ ਪੱਧਰ ’ਤੇ ਕੰਮ ਕਰ ਰਹੇ ਹਨ। ਅਧਿਕਾਰੀਆਂ ਲਈ ਇਸ ਸਮੇਂ ਸਭ ਤੋਂ ਵੱਡੀ ਤਰਜੀਹ ਲੋਕਾਂ ਦੀ ਜਾਨ ਦੀ ਸੁਰੱਖਿਆ ਅਤੇ ਉਨ੍ਹਾਂ ਨੂੰ ਪ੍ਰਭਾਵਿਤ ਇਲਾਕਿਆਂ ਤੋਂ ਬਾਹਰ ਕੱਢਣਾ ਬਣੀ ਹੋਈ ਹੈ।

ਸਮਰਲੈਂਡ ਨੇੜੇ ਸ਼ੁੱਕਰਵਾਰ ਨੂੰ ਸ਼ੁਰੂ ਹੋਈ ਜੰਗਲੀ ਅੱਗ ਹੁਣ ਤੱਕ ਲਗਭਗ 184 ਵਰਗ ਕਿਲੋਮੀਟਰ, ਯਾਨੀ 71 ਵਰਗ ਮੀਲ ਦੇ ਖੇਤਰ ਵਿੱਚ ਫੈਲ ਚੁੱਕੀ ਹੈ। ਅੱਗ ਦੀ ਲਪੇਟ ਵਿੱਚ ਆਉਣ ਕਾਰਨ ਕਈ ਰਿਹਾਇਸ਼ੀ ਇਮਾਰਤਾਂ ਅਤੇ ਘਰ ਤਬਾਹ ਹੋ ਗਏ ਹਨ। ਇਲਾਕੇ ਵਿੱਚ ਰਹਿਣ ਵਾਲੇ ਹਜ਼ਾਰਾਂ ਲੋਕਾਂ ਨੂੰ ਐਮਰਜੈਂਸੀ ਹਾਲਾਤਾਂ ਵਿੱਚ ਆਪਣਾ ਘਰ ਛੱਡਣਾ ਪਿਆ ਹੈ।

ਇਸ ਅੱਗ ਕਾਰਨ 80 ਸਾਲਾ ਇੱਕ ਬਜ਼ੁਰਗ ਮਹਿਲਾ ਦੀ ਮੌਤ ਵੀ ਹੋ ਗਈ ਹੈ। ਘਟਨਾ ਤੋਂ ਬਾਅਦ ਪ੍ਰਭਾਵਿਤ ਇਲਾਕਿਆਂ ਵਿੱਚ ਸੁਰੱਖਿਆ ਪ੍ਰਬੰਧ ਹੋਰ ਸਖ਼ਤ ਕਰ ਦਿੱਤੇ ਗਏ ਹਨ। ਅਧਿਕਾਰੀਆਂ ਮੁਤਾਬਕ ਹਾਲੇ ਵੀ ਪ੍ਰਭਾਵਿਤ ਖੇਤਰਾਂ ਨੂੰ ਪੂਰੀ ਤਰ੍ਹਾਂ ਸੁਰੱਖਿਅਤ ਨਹੀਂ ਮੰਨਿਆ ਜਾ ਰਿਹਾ ਅਤੇ ਲੋਕਾਂ ਦੇ ਆਪਣੇ ਘਰਾਂ ਨੂੰ ਵਾਪਸ ਪਰਤਣ ਬਾਰੇ ਕੋਈ ਨਿਸ਼ਚਿਤ ਸਮਾਂ-ਸੀਮਾ ਤੈਅ ਨਹੀਂ ਕੀਤੀ ਗਈ।

ਬ੍ਰਿਟਿਸ਼ ਕੋਲੰਬੀਆ ਦੇ ਪ੍ਰੀਮੀਅਰ ਡੇਵਿਡ ਈਬੀ ਨੇ ਵੀ ਜੰਗਲਾਂ ਦੀ ਅੱਗ ਦੇ ਵਧਦੇ ਖ਼ਤਰੇ ਨੂੰ ਲੈ ਕੇ ਚਿੰਤਾ ਜ਼ਾਹਰ ਕੀਤੀ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਮੌਜੂਦਾ ਹਾਲਾਤ ਇਸੇ ਤਰ੍ਹਾਂ ਬਣੇ ਰਹੇ ਤਾਂ ਆਉਣ ਵਾਲੇ ਸਮੇਂ ਵਿੱਚ ਜੰਗਲਾਂ ਦੀਆਂ ਭਿਆਨਕ ਅੱਗਾਂ ਆਮ ਘਟਨਾ ਬਣ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਜੰਗਲਾਂ ਦੀ ਅੱਗ ਨਾਲ ਨਜਿੱਠਣ ਲਈ ਆਪਣੀ ਯੋਜਨਾਬੰਦੀ, ਇਮਾਰਤਾਂ ਦੇ ਮਿਆਰਾਂ ਅਤੇ ਸੁਰੱਖਿਆ ਪ੍ਰਬੰਧਾਂ ਦੀ ਮੁੜ ਸਮੀਖਿਆ ਕਰੇਗੀ।

ਮੌਸਮ ਵਿੱਚ ਤਬਦੀਲੀ ਅਤੇ ਤੇਜ਼ ਤੂਫ਼ਾਨੀ ਹਵਾਵਾਂ ਨੇ ਵੀ ਅੱਗ ਦੇ ਹੋਰ ਫੈਲਣ ਦਾ ਖ਼ਤਰਾ ਵਧਾ ਦਿੱਤਾ ਹੈ। ਤੇਜ਼ ਹਵਾਵਾਂ ਕਾਰਨ ਅੱਗ ਦੀ ਦਿਸ਼ਾ ਤੇਜ਼ੀ ਨਾਲ ਬਦਲ ਸਕਦੀ ਹੈ, ਜਿਸ ਨਾਲ ਨਵੇਂ ਇਲਾਕਿਆਂ ਨੂੰ ਵੀ ਖ਼ਤਰਾ ਪੈਦਾ ਹੋ ਸਕਦਾ ਹੈ। ਇਸ ਲਈ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਅਧਿਕਾਰੀਆਂ ਦੀਆਂ ਹਦਾਇਤਾਂ ਦੀ ਪਾਲਣਾ ਕਰਨ ਅਤੇ ਖ਼ਤਰੇ ਵਾਲੇ ਇਲਾਕਿਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ ਜਾ ਰਹੀ ਹੈ।

ਕੈਨੇਡਾ ਵਿੱਚ ਪਿਛਲੇ ਕੁਝ ਸਾਲਾਂ ਦੌਰਾਨ ਜੰਗਲਾਂ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਵਿੱਚ ਵੱਡਾ ਵਾਧਾ ਦੇਖਣ ਨੂੰ ਮਿਲਿਆ ਹੈ। ਗਰਮ ਅਤੇ ਸੁੱਕੇ ਮੌਸਮ ਨੇ ਜੰਗਲਾਂ ਨੂੰ ਅੱਗ ਲਈ ਹੋਰ ਸੰਵੇਦਨਸ਼ੀਲ ਬਣਾ ਦਿੱਤਾ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਆਲਮੀ ਤਪਸ਼ ਅਤੇ ਜਲਵਾਯੂ ਪਰਿਵਰਤਨ ਕਾਰਨ ਕੈਨੇਡਾ ਸਮੇਤ ਦੁਨੀਆ ਦੇ ਕਈ ਹਿੱਸਿਆਂ ਵਿੱਚ ਜੰਗਲੀ ਅੱਗ, ਗਰਮੀ ਦੀਆਂ ਲਹਿਰਾਂ ਅਤੇ ਹੋਰ ਕੁਦਰਤੀ ਆਫ਼ਤਾਂ ਦੀ ਤੀਬਰਤਾ ਵਧ ਰਹੀ ਹੈ।

ਬ੍ਰਿਟਿਸ਼ ਕੋਲੰਬੀਆ ਵਿੱਚ ਵਾਪਰ ਰਹੀ ਇਹ ਘਟਨਾ ਇੱਕ ਵਾਰ ਫਿਰ ਇਸ ਗੱਲ ਵੱਲ ਧਿਆਨ ਖਿੱਚ ਰਹੀ ਹੈ ਕਿ ਜੰਗਲਾਂ ਦੀ ਅੱਗ ਹੁਣ ਸਿਰਫ਼ ਜੰਗਲੀ ਖੇਤਰਾਂ ਤੱਕ ਸੀਮਤ ਨਹੀਂ ਰਹੀ। ਇਸ ਦਾ ਸਿੱਧਾ ਅਸਰ ਰਿਹਾਇਸ਼ੀ ਇਲਾਕਿਆਂ, ਲੋਕਾਂ ਦੀ ਜਾਨ-ਮਾਲ ਅਤੇ ਸਥਾਨਕ ਭਾਈਚਾਰਿਆਂ ’ਤੇ ਪੈ ਰਿਹਾ ਹੈ। ਹਜ਼ਾਰਾਂ ਲੋਕਾਂ ਦੇ ਬੇਘਰ ਹੋਣ ਅਤੇ ਕਈ ਘਰਾਂ ਦੇ ਤਬਾਹ ਹੋਣ ਤੋਂ ਬਾਅਦ ਹੁਣ ਪ੍ਰਸ਼ਾਸਨ ਸਾਹਮਣੇ ਰਾਹਤ, ਮੁੜ ਵਸੇਬੇ ਅਤੇ ਭਵਿੱਖ ਵਿੱਚ ਅਜਿਹੀਆਂ ਆਫ਼ਤਾਂ ਤੋਂ ਬਚਾਅ ਲਈ ਲੰਮੀ ਮਿਆਦ ਦੀ ਯੋਜਨਾ ਬਣਾਉਣ ਦੀ ਵੱਡੀ ਚੁਣੌਤੀ ਖੜ੍ਹੀ ਹੋ ਗਈ ਹੈ।






# ਕੈਨੇਡਾ ਦਾ ਵਿੱਤੀ ਸੰਕਟ ਹੋਰ ਗਹਿਰਾ, ਟਰੱਕਿੰਗ ਖੇਤਰ ’ਤੇ ਦਿਵਾਲੀਆਪਣ ਦਾ ਵਧਿਆ ਖ਼ਤਰਾ



**ਟੋਰਾਂਟੋ: (ਬੀ ਸੀ ਪੰਜਾਬੀ ਨਿਊਜ਼ ਬਿਊਰੋ)** ਕੈਨੇਡਾ ਵਿੱਚ ਮਹਿੰਗਾਈ, ਉੱਚੀਆਂ ਵਿਆਜ ਦਰਾਂ ਅਤੇ ਆਰਥਿਕ ਸੁਸਤੀ ਦਾ ਅਸਰ ਹੁਣ ਆਮ ਪਰਿਵਾਰਾਂ ਤੋਂ ਅੱਗੇ ਵਧ ਕੇ ਛੋਟੇ ਕਾਰੋਬਾਰਾਂ ਅਤੇ ਖ਼ਾਸ ਕਰਕੇ ਟਰਾਂਸਪੋਰਟ ਖੇਤਰ ’ਤੇ ਵੀ ਸਪੱਸ਼ਟ ਤੌਰ ’ਤੇ ਦਿਖਾਈ ਦੇ ਰਿਹਾ ਹੈ। ਸੰਘੀ ਸਰਕਾਰ ਦੇ ਤਾਜ਼ਾ ਅੰਕੜਿਆਂ ਮੁਤਾਬਕ 2026 ਦੀ ਦੂਜੀ ਤਿਮਾਹੀ ਦੌਰਾਨ 37,523 ਕੈਨੇਡੀਅਨਾਂ ਨੇ ਦਿਵਾਲੀਆਪਣ ਜਾਂ ਕਰਜ਼ਾ-ਰਾਹਤ ਨਾਲ ਜੁੜੀਆਂ ਪ੍ਰਕਿਰਿਆਵਾਂ ਲਈ ਅਰਜ਼ੀਆਂ ਦਾਇਰ ਕੀਤੀਆਂ। ਇਹ ਗਿਣਤੀ 2008 ਦੇ ਵਿਸ਼ਵ ਵਿੱਤੀ ਸੰਕਟ ਤੋਂ ਬਾਅਦ ਦੇ ਸਭ ਤੋਂ ਉੱਚੇ ਪੱਧਰਾਂ ਵਿੱਚੋਂ ਇੱਕ ਮੰਨੀ ਜਾ ਰਹੀ ਹੈ।

ਮਹਿੰਗਾਈ ਕਾਰਨ ਖਾਣ-ਪੀਣ, ਰਿਹਾਇਸ਼ ਅਤੇ ਰੋਜ਼ਾਨਾ ਦੀਆਂ ਜ਼ਰੂਰਤਾਂ ਦੀ ਲਾਗਤ ਵਿੱਚ ਵਾਧੇ ਨੇ ਲੋਕਾਂ ਦੇ ਘਰੇਲੂ ਬਜਟ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ। ਬੱਚਤਾਂ ਘਟਣ ਤੋਂ ਬਾਅਦ ਕਈ ਪਰਿਵਾਰ ਰੋਜ਼ਾਨਾ ਖ਼ਰਚੇ ਪੂਰੇ ਕਰਨ ਲਈ ਕ੍ਰੈਡਿਟ ਕਾਰਡਾਂ ਅਤੇ ਹੋਰ ਕਰਜ਼ਿਆਂ ’ਤੇ ਨਿਰਭਰ ਹੋ ਰਹੇ ਹਨ। ਇਸ ਦੇ ਨਾਲ ਹੀ ਮਾਰਟਗੇਜ ਦੀਆਂ ਵਧੀਆਂ ਕਿਸ਼ਤਾਂ ਨੇ ਘਰਾਂ ਦੇ ਵਿੱਤੀ ਦਬਾਅ ਨੂੰ ਹੋਰ ਵਧਾ ਦਿੱਤਾ ਹੈ। ਜਦੋਂ ਕਰਜ਼ਿਆਂ ਦੀ ਅਦਾਇਗੀ ਕਰਨੀ ਮੁਸ਼ਕਲ ਹੋ ਜਾਂਦੀ ਹੈ ਤਾਂ ਲੋਕ ‘ਕਾਂਜ਼ਿਊਮਰ ਪ੍ਰਪੋਜ਼ਲ’ ਜਾਂ ਦਿਵਾਲੀਆਪਣ ਵਰਗੇ ਕਾਨੂੰਨੀ ਵਿਕਲਪਾਂ ਦਾ ਸਹਾਰਾ ਲੈਣ ਲਈ ਮਜਬੂਰ ਹੋ ਜਾਂਦੇ ਹਨ।

**ਟਰੱਕਿੰਗ ਖੇਤਰ ਲਈ ਵਧਦੀਆਂ ਮੁਸ਼ਕਲਾਂ**

ਕੈਨੇਡਾ ਦਾ ਟਰੱਕਿੰਗ ਖੇਤਰ ਵੀ ਲੰਮੇ ਸਮੇਂ ਤੋਂ ਵਧਦੀਆਂ ਲਾਗਤਾਂ ਅਤੇ ਘਟਦੇ ਮੁਨਾਫ਼ਿਆਂ ਦੀ ਸਮੱਸਿਆ ਨਾਲ ਜੂਝ ਰਿਹਾ ਹੈ। ਡੀਜ਼ਲ, ਵਪਾਰਕ ਬੀਮਾ, ਟਰੱਕਾਂ ਦੀਆਂ ਕਿਸ਼ਤਾਂ, ਮੁਰੰਮਤ, ਪਾਰਟਸ ਅਤੇ ਮਜ਼ਦੂਰੀ ਦੇ ਖ਼ਰਚੇ ਲਗਾਤਾਰ ਵਧੇ ਹਨ, ਜਦਕਿ ਮਾਲ ਢੋਆ-ਢੁਆਈ ਦੇ ਰੇਟਾਂ ’ਤੇ ਦਬਾਅ ਬਣਿਆ ਹੋਇਆ ਹੈ। ਇਸ ਕਾਰਨ ਕਈ ਟਰੱਕਿੰਗ ਕੰਪਨੀਆਂ ਦੀ ਨਕਦੀ ਦੀ ਸਥਿਤੀ ਕਮਜ਼ੋਰ ਹੋਈ ਹੈ ਅਤੇ ਕਰਜ਼ਿਆਂ ਦੀ ਅਦਾਇਗੀ ਵੱਡੀ ਚੁਣੌਤੀ ਬਣ ਗਈ ਹੈ।

ਇਸ ਸੰਕਟ ਦੀ ਇੱਕ ਵੱਡੀ ਮਿਸਾਲ ਮਿਸੀਸਾਗਾ ਸਥਿਤ ਪ੍ਰਾਈਡ ਗਰੁੱਪ ਹੋਲਡਿੰਗਜ਼ ਹੈ। ਕੰਪਨੀ ਨੇ 2024 ਵਿੱਚ Companies’ Creditors Arrangement Act (CCAA) ਤਹਿਤ ਕਰਜ਼ਦਾਤਿਆਂ ਤੋਂ ਸੁਰੱਖਿਆ ਦੀ ਮੰਗ ਕੀਤੀ ਸੀ। ਅਦਾਲਤੀ ਦਸਤਾਵੇਜ਼ਾਂ ਮੁਤਾਬਕ ਇਸ ਨਾਲ ਜੁੜੇ ਕਰਜ਼ਦਾਤਿਆਂ ਦੇ ਦਾਅਵੇ ਲਗਪਗ 1.6 ਅਰਬ ਕੈਨੇਡੀਅਨ ਡਾਲਰ ਅਤੇ 637 ਮਿਲੀਅਨ ਅਮਰੀਕੀ ਡਾਲਰ ਤੱਕ ਸਨ। ਕੰਪਨੀ ਦਾ ਕਾਰੋਬਾਰ ਕੈਨੇਡਾ ਅਤੇ ਅਮਰੀਕਾ ਵਿੱਚ ਟਰੱਕਿੰਗ, ਲੀਜ਼ਿੰਗ ਅਤੇ ਹੋਰ ਆਵਾਜਾਈ ਸੇਵਾਵਾਂ ਤੱਕ ਫੈਲਿਆ ਹੋਇਆ ਸੀ।

ਓਕਵਿਲ ਸਥਿਤ ਪੰਜਾਬ ਟਰਾਂਸਪੋਰਟ ਵੀ ਇਸੇ ਵਿੱਤੀ ਦਬਾਅ ਦੀ ਲਪੇਟ ਵਿੱਚ ਆਈ। 117 ਟਰੱਕਾਂ ਦਾ ਬੇੜਾ ਰੱਖਣ ਵਾਲੀ ਇਹ ਕੰਪਨੀ 2025 ਵਿੱਚ ਰਿਸੀਵਰਸ਼ਿਪ ਹੇਠ ਆ ਗਈ ਸੀ। ਰਾਇਲ ਬੈਂਕ ਆਫ਼ ਕੈਨੇਡਾ ਨੇ ਕੰਪਨੀ ਵੱਲੋਂ 12 ਮਿਲੀਅਨ ਡਾਲਰ ਤੋਂ ਵੱਧ ਦੀ ਰਕਮ ਬਕਾਇਆ ਹੋਣ ਦਾ ਦਾਅਵਾ ਕੀਤਾ ਸੀ। ਹਾਲਾਂਕਿ ਕੰਪਨੀ ਦੇ ਮਾਲਕ ਨੇ ਕੁਝ ਦੋਸ਼ਾਂ ਤੋਂ ਇਨਕਾਰ ਕਰਦਿਆਂ ਕਾਰੋਬਾਰ ਨੂੰ ਮੁੜ ਪੈਰਾਂ ’ਤੇ ਖੜ੍ਹਾ ਕਰਨ ਲਈ ਮੁੜ-ਵਿੱਤੀ ਕਰਨ ਦੀ ਯੋਜਨਾ ਦਾ ਹਵਾਲਾ ਦਿੱਤਾ ਸੀ।

ਬ੍ਰਿਟਿਸ਼ ਕੋਲੰਬੀਆ ਦੀ ਰਿਲਾਇੰਸ ਲੌਜਿਸਟਿਕਸ ਵੀ ਕਰਜ਼ੇ ਦੇ ਪੁਨਰਗਠਨ ਦੀ ਪ੍ਰਕਿਰਿਆ ਵਿੱਚੋਂ ਲੰਘੀ ਅਤੇ ਬਾਅਦ ਵਿੱਚ ਮਾਰਚ 2026 ਵਿੱਚ ਦਿਵਾਲੀਆ ਹੋ ਗਈ। ਕੰਪਨੀ ਦੀਆਂ ਦੇਣਦਾਰੀਆਂ ਲਗਪਗ 12.7 ਮਿਲੀਅਨ ਡਾਲਰ ਦੱਸੀਆਂ ਗਈਆਂ ਹਨ। ਇਸ ਤੋਂ ਇਲਾਵਾ ਮੈਨੀਟੋਬਾ ਵਿੱਚ ਵੀ 2025 ਤੋਂ ਹੁਣ ਤੱਕ ਘੱਟੋ-ਘੱਟ ਤਿੰਨ ਟਰੱਕਿੰਗ ਕੰਪਨੀਆਂ ਵਿੱਤੀ ਸੰਕਟ ਦਾ ਸਾਹਮਣਾ ਕਰ ਚੁੱਕੀਆਂ ਹਨ।

ਟਰੱਕਿੰਗ ਖੇਤਰ ਵਿੱਚ ਪੰਜਾਬੀ ਭਾਈਚਾਰੇ ਦੀ ਵੱਡੀ ਹਿੱਸੇਦਾਰੀ ਹੋਣ ਕਾਰਨ ਇਸ ਸੰਕਟ ਦਾ ਪ੍ਰਭਾਵ ਪੰਜਾਬੀ ਮੂਲ ਦੇ ਕਾਰੋਬਾਰੀ ਮਾਲਕਾਂ, ਡਰਾਈਵਰਾਂ ਅਤੇ ਓਨਰ-ਓਪਰੇਟਰਾਂ ’ਤੇ ਵੀ ਪੈ ਰਿਹਾ ਹੈ। ਟਰੱਕ ਦੀ ਕਿਸ਼ਤ, ਬੀਮਾ, ਮੁਰੰਮਤ ਅਤੇ ਹੋਰ ਖ਼ਰਚੇ ਲਗਾਤਾਰ ਜਾਰੀ ਰਹਿੰਦੇ ਹਨ, ਪਰ ਜੇਕਰ ਮਾਲ ਦੀ ਮਾਤਰਾ ਘਟ ਜਾਵੇ ਜਾਂ ਭਾੜੇ ਦੇ ਰੇਟ ਹੇਠਾਂ ਆ ਜਾਣ ਤਾਂ ਆਮਦਨ ਵਿੱਚ ਤੁਰੰਤ ਕਮੀ ਆ ਸਕਦੀ ਹੈ।

ਇਸ ਸਥਿਤੀ ਵਿੱਚ ਨਕਦੀ ਦਾ ਪ੍ਰਵਾਹ ਟਰੱਕਿੰਗ ਕਾਰੋਬਾਰਾਂ ਲਈ ਸਭ ਤੋਂ ਵੱਡੀ ਚੁਣੌਤੀ ਬਣ ਗਿਆ ਹੈ। ਵਾਹਨ ਅਤੇ ਹੋਰ ਕਾਰੋਬਾਰੀ ਖ਼ਰਚੇ ਹਰ ਮਹੀਨੇ ਜਾਰੀ ਰਹਿੰਦੇ ਹਨ, ਜਦਕਿ ਘੱਟ ਮਾਲ ਅਤੇ ਘਟਦੇ ਭਾੜੇ ਕਾਰਨ ਆਮਦਨ ਉਸੇ ਅਨੁਪਾਤ ਵਿੱਚ ਨਹੀਂ ਰਹਿੰਦੀ। ਲੰਮੇ ਸਮੇਂ ਤੱਕ ਇਹ ਸਥਿਤੀ ਬਣੀ ਰਹਿਣ ਨਾਲ ਕੰਪਨੀਆਂ ਲਈ ਕਰਜ਼ੇ ਅਤੇ ਹੋਰ ਵਿੱਤੀ ਜ਼ਿੰਮੇਵਾਰੀਆਂ ਨਿਭਾਉਣਾ ਮੁਸ਼ਕਲ ਹੋ ਸਕਦਾ ਹੈ।

ਕੈਨੇਡਾ ਵਿੱਚ ਵਧ ਰਹੇ ਦਿਵਾਲੀਆਪਣ ਦੇ ਅੰਕੜੇ ਇਸ ਲਈ ਸਿਰਫ਼ ਘਰੇਲੂ ਪਰਿਵਾਰਾਂ ਦੀ ਵਿੱਤੀ ਮੁਸ਼ਕਲ ਦੀ ਕਹਾਣੀ ਨਹੀਂ ਹਨ। ਇਹ ਛੋਟੇ ਕਾਰੋਬਾਰਾਂ ਅਤੇ ਕਰਜ਼ੇ ’ਤੇ ਨਿਰਭਰ ਟਰੱਕਿੰਗ ਵਰਗੇ ਖੇਤਰਾਂ ’ਤੇ ਪੈ ਰਹੇ ਵਧਦੇ ਦਬਾਅ ਦੀ ਵੀ ਤਸਵੀਰ ਪੇਸ਼ ਕਰਦੇ ਹਨ। ਜੇਕਰ ਵਿਆਜ ਦਰਾਂ, ਸੰਚਾਲਨ ਲਾਗਤਾਂ ਅਤੇ ਮਾਲ ਢੋਆ-ਢੁਆਈ ਦੇ ਰੇਟਾਂ ਵਿਚਕਾਰ ਸੰਤੁਲਨ ਨਾ ਬਣਿਆ ਤਾਂ ਆਉਣ ਵਾਲੇ ਸਮੇਂ ਵਿੱਚ ਹੋਰ ਟਰਾਂਸਪੋਰਟ ਕਾਰੋਬਾਰਾਂ ਲਈ ਵੀ ਵਿੱਤੀ ਸੰਕਟ ਗਹਿਰਾ ਹੋਣ ਦਾ ਖ਼ਤਰਾ ਬਣਿਆ ਰਹੇਗਾ।










# ਜੰਗਲੀ ਅੱਗਾਂ ਤੋਂ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਖਾਲਸਾ ਦੀਵਾਨ ਸੁਸਾਇਟੀ ਐਬਟਸਫੋਰਡ ਵੱਲੋਂ ਸਹਾਇਤਾ ਦੀ ਅਪੀਲ





**ਐਬਸਫੋਰਡ (ਬੀਸੀ ਪੰਜਾਬੀ ਨਿਊਜ਼ ਬਿਊਰੋ)–** ਬ੍ਰਿਟਿਸ਼ ਕੋਲੰਬੀਆ ਦੇ ਸਮਰਲੈਂਡ ਇਲਾਕੇ ਵਿਚ ਜੰਗਲੀ ਅੱਗਾਂ ਕਾਰਣ ਲੋਕਾਂ ਦੇ ਘਰਾਂ ਅਤੇ ਕਾਰੋਬਾਰਾਂ ਦਾ ਭਾਰੀ ਨੁਕਸਾਨ ਹੋਇਆ ਹੈ। ਇਸ ਕੁਦਰਤੀ ਕਰੋਪੀ ਤੋਂ ਪੀੜਤ ਪਰਿਵਾਰਾਂ ਦੀ ਮਦਦ ਕਰਨਾ ਸਮੇਂ ਦੀ ਲੋੜ ਹੈ। ਇਸ ਮੁਸ਼ਕਲ ਘੜੀ ਵਿਚ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਖਾਲਸਾ ਦੀਵਾਨ ਸੁਸਾਇਟੀ ਐਬਸਫੋਰਡ ਵਲੋਂ ਦਾਨ ਦੀ ਅਪੀਲ ਕਰਦਿਆਂ ਲੋੜੀਂਦੀਆਂ ਵਸਤੂਆਂ ਇਕੱਤਰ ਕੀਤੀਆਂ ਜਾ ਰਹੀਆਂ ਹਨ। ਇਸ ਸਬੰਧੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਰਾਜਿੰਦਰ ਸਿੰਘ ਢਿੱਲੋਂ ਵਲੋ ਐਬਸਫੋਰਡ ਵਾਸੀਆਂ ਅਤੇ ਆਸ ਪਾਸ ਦੀਆਂ ਸੰਗਤਾਂ ਨੂੰ ਲੋੜੀਂਦੀਆਂ ਜਰੂਰੀ ਵਸਤਾਂ ਗੁਰੂ ਘਰ ਵਿਖੇ ਪਹੁੰਚਾਉਣ ਦੀ ਅਪੀਲ ਕੀਤੀ ਹੈ। ਇਹਨਾਂ ਜਰੂਰੀ ਵਸਤਾਂ ਵਿਚ ਪੁਰਸ਼ਾਂ ਤੇ ਮਰਦਾਂ ਵਾਸਤੇ ਡੀਓਡੋਰੈਂਟ, ਟੁਥ ਬਰੱਸ਼, ਟੂਥਪੇਸਟ, ਸ਼ੇਵਿੰਗ ਕਰੀਮ, ਚੈਪਸਟਿਕ, ਬਾਡੀ ਲੋਸ਼ਨ, ਮਹਿਲਾ ਸਫਾਈ ਉਤਪਾਦ, ਹੇਅਰ ਟਾਈ, ਮੁੱਢਲੀ ਸਹਾਇਤਾ ਲਈ ਦਵਾਈਆਂ ਵਿਚ ਟਾਇਨੇਨੌਲ, ਬਰੂਫਿਨ, ਬੈਂਡ ਏਡ,ਡੈਂਚਰ ਸੰਭਾਲ ਉਤਪਾਦ, ਨੇਜਲ ਸਪਰੇਅ, ਬੱਚਿਆਂ ਵਾਸਤੇ ਡਾਇਪਰ, ਬਾਡੀ ਵਾਈਪਸ, ਸਫਾਈ ਅਤੇ ਘਰੇਲੂ ਵਸਤੂਆਂ ਵਿਚ ਹੈਂਡ ਵਾਈਪਸ,ਹੈਂਡ ਸੈਨੀਟਾਈਜ਼ਰ, ਸਾਬਣ, ਪੇਪਰ ਟਾਵਲ, ਜੁਰਾਬਾਂ, ਅੰਡਰਵੀਅਰ , ਸਨਸਕਰੀਨ ਲੋਸ਼ਨ, ਬੈਕਪੈਕ ਅਤੇ ਲੰਚ ਕਿੱਟਾਂ ਅਤੇ ਫੋਨ ਚਾਰਜਰ ਆਦਿ ਸ਼ਾਮਿਲ ਹੋ ਸਕਦੇ ਹਨ।

ਉਹਨਾਂ ਐਬਸਫੋਰਡ ਵਾਸੀਆਂ ਨੂੰ ਉਕਤ ਜਰੂਰੀ ਅਤੇ ਲੋੜੀਂਦੀਆਂ ਵਸਤਾਂ ਦਾਨ ਕਰਨ ਦੀ ਅਪੀਲ ਕਰਦਿਆਂ ਕਿਹਾ ਹੈ ਕਿ ਗੁਰੂ ਘਰ ਵਿਖੇ ਦਾਨ ਵਜੋਂ ਇਕੱਤਰ ਹੋਣ ਵਾਲੀਆਂ ਇਹਨਾਂ ਵਸਤਾਂ ਨੂੰ 20 ਅਗਸਤ ਨੂੰ ਪ੍ਰਭਾਵਿਤ ਪਰਿਵਾਰਾਂ ਤੱਕ ਪਹੁੰਚਾਇਆ ਜਾਵੇਗਾ। ਵਧੇਰੇ ਜਾਣਕਾਰੀ ਲਈ ਗੁਰੂ ਘਰ ਫੋਨ ਨੰਬਰ 604-850-7228 ਜਾਂ ਰਾਜਿੰਦਰ ਸਿੰਘ ਢਿੱਲੋਂ ਦੇ ਫੋਨ ਨੰਬਰ 778-552-8484 ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਕੈਲਗਰੀ ’ਚ ਅੰਤਰਰਾਸ਼ਟਰੀ ਵਿਦਿਆਰਥੀਆਂ ਦੇ ਧਰਨੇ ਵਾਲੀ ਥਾਂ ’ਤੇ ਸੀਬੀਐੱਸਏ ਦੀ ਕਾਰਵਾਈ, ਇਮੀਗ੍ਰੇਸ਼ਨ ਦਸਤਾਵੇਜ਼ਾਂ ਦੀ ਜਾਂਚ

## ਪੀਜੀਡਬਲਯੂਪੀ ਅਰਜ਼ੀਆਂ ਰੱਦ ਹੋਣ ਦੇ ਵਿਰੋਧ ’ਚ ਕਰੀਬ 10 ਦਿਨਾਂ ਤੋਂ ਪ੍ਰਦਰਸ਼ਨ; 1,000 ਤੋਂ ਵੱਧ ਅੰਤਰਰਾਸ਼ਟਰੀ ਗ੍ਰੈਜੂਏਟ ਮੁੜ ਵਿਚਾਰ ਦੀ ਕਰ ਰਹੇ ਮੰਗ






**ਕੈਲਗਰੀ:** ਕੈਨੇਡਾ ਦੇ ਕੈਲਗਰੀ ਵਿੱਚ ਪੋਸਟ-ਗ੍ਰੈਜੂਏਸ਼ਨ ਵਰਕ ਪਰਮਿਟ (ਪੀਜੀਡਬਲਯੂਪੀ) ਨਾਲ ਜੁੜੀਆਂ ਆਪਣੀਆਂ ਮੰਗਾਂ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਅੰਤਰਰਾਸ਼ਟਰੀ ਵਿਦਿਆਰਥੀਆਂ ਦੇ ਧਰਨੇ ਵਾਲੀ ਥਾਂ ’ਤੇ ਕੈਨੇਡਾ ਬਾਰਡਰ ਸਰਵਿਸਿਜ਼ ਏਜੰਸੀ (ਸੀਬੀਐੱਸਏ) ਦੇ ਅਧਿਕਾਰੀ ਪਹੁੰਚੇ। ਮੌਕੇ ’ਤੇ ਮੌਜੂਦ ਲੋਕਾਂ ਮੁਤਾਬਕ ਅਧਿਕਾਰੀਆਂ ਵੱਲੋਂ ਪ੍ਰਦਰਸ਼ਨ ਵਿੱਚ ਸ਼ਾਮਲ ਲੋਕਾਂ ਦੇ ਇਮੀਗ੍ਰੇਸ਼ਨ ਦਸਤਾਵੇਜ਼ਾਂ ਦੀ ਜਾਂਚ ਕੀਤੀ ਗਈ। ਕੈਲਗਰੀ ਵਿੱਚ 1,000 ਤੋਂ ਵੱਧ ਅੰਤਰਰਾਸ਼ਟਰੀ ਗ੍ਰੈਜੂਏਟ ਪਿਛਲੇ ਕਰੀਬ 10 ਦਿਨਾਂ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਹਨ। ਇਨ੍ਹਾਂ ਵਿੱਚ ਵੱਡੀ ਗਿਣਤੀ ਅਜਿਹੇ ਵਿਦਿਆਰਥੀਆਂ ਦੀ ਹੈ ਜੋ ਭਾਰਤ, ਖ਼ਾਸ ਕਰਕੇ ਪੰਜਾਬ ਨਾਲ ਸਬੰਧਤ ਹਨ। ਪ੍ਰਦਰਸ਼ਨਕਾਰੀਆਂ ਦਾ ਮੁੱਖ ਮੁੱਦਾ ਪੋਸਟ-ਗ੍ਰੈਜੂਏਸ਼ਨ ਵਰਕ ਪਰਮਿਟ ਦੀਆਂ ਅਰਜ਼ੀਆਂ ਦਾ ਵੱਡੇ ਪੱਧਰ ’ਤੇ ਰੱਦ ਹੋਣਾ ਹੈ।

ਵਿਦਿਆਰਥੀਆਂ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਕੈਨੇਡਾ ਵਿੱਚ ਆਪਣੇ ਸਿੱਖਿਆ ਪ੍ਰੋਗਰਾਮ ਇਸ ਭਰੋਸੇ ਨਾਲ ਚੁਣੇ ਅਤੇ ਪੂਰੇ ਕੀਤੇ ਸਨ ਕਿ ਪੜ੍ਹਾਈ ਮੁਕੰਮਲ ਕਰਨ ਤੋਂ ਬਾਅਦ ਉਹ ਪੋਸਟ-ਗ੍ਰੈਜੂਏਸ਼ਨ ਵਰਕ ਪਰਮਿਟ ਲਈ ਯੋਗ ਹੋਣਗੇ। ਹੁਣ ਅਰਜ਼ੀਆਂ ਰੱਦ ਹੋਣ ਕਾਰਨ ਉਨ੍ਹਾਂ ਨੂੰ ਆਪਣੇ ਭਵਿੱਖ, ਰੁਜ਼ਗਾਰ ਅਤੇ ਕੈਨੇਡਾ ਵਿੱਚ ਰਹਿਣ ਦੀ ਸਥਿਤੀ ਨੂੰ ਲੈ ਕੇ ਗੰਭੀਰ ਚਿੰਤਾਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਪ੍ਰਦਰਸ਼ਨਕਾਰੀਆਂ ਵੱਲੋਂ ਸਰਕਾਰ ਤੋਂ ਮੰਗ ਕੀਤੀ ਜਾ ਰਹੀ ਹੈ ਕਿ ਉਨ੍ਹਾਂ ਦੀਆਂ ਅਰਜ਼ੀਆਂ ’ਤੇ ਮੁੜ ਵਿਚਾਰ ਕੀਤਾ ਜਾਵੇ। ਕਈ ਗ੍ਰੈਜੂਏਟ ਲੜੀਵਾਰ ਭੁੱਖ ਹੜਤਾਲ ’ਤੇ ਵੀ ਬੈਠੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਆਪਣੇ ਸਿੱਖਿਆ ਪ੍ਰੋਗਰਾਮਾਂ ਵਿੱਚ ਦਾਖਲਾ ਉਸ ਸਮੇਂ ਲਿਆ ਸੀ ਜਦੋਂ ਉਨ੍ਹਾਂ ਨੂੰ ਲੱਗਦਾ ਸੀ ਕਿ ਉਹ ਪੜ੍ਹਾਈ ਪੂਰੀ ਕਰਨ ਤੋਂ ਬਾਅਦ ਵਰਕ ਪਰਮਿਟ ਲਈ ਯੋਗ ਹੋਣਗੇ।

ਇਸ ਮਾਮਲੇ ਦਾ ਸਬੰਧ ਕਥਿਤ ਤੌਰ ’ਤੇ ਪੰਜਾਬ ਦੇ ਜਲੰਧਰ ਵਿੱਚ ਸਥਿਤ ਇੱਕ ਇਮੀਗ੍ਰੇਸ਼ਨ ਫਰਮ ਨਾਲ ਵੀ ਜੋੜਿਆ ਜਾ ਰਿਹਾ ਹੈ। ਪੰਜਾਬ ਵਿੱਚ ਬਹੁਤ ਸਾਰੇ ਪਰਿਵਾਰ ਆਪਣੇ ਬੱਚਿਆਂ ਨੂੰ ਉੱਚ ਸਿੱਖਿਆ ਲਈ ਵਿਦੇਸ਼ ਭੇਜਣ ਵਾਸਤੇ ਵੱਡੀ ਰਕਮ ਖਰਚ ਕਰਦੇ ਹਨ। ਪ੍ਰਭਾਵਿਤ ਗ੍ਰੈਜੂਏਟਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਵੀ ਭਾਰੀ ਟਿਊਸ਼ਨ ਫ਼ੀਸਾਂ ਅਤੇ ਹੋਰ ਖਰਚੇ ਇਸ ਉਮੀਦ ਨਾਲ ਕੀਤੇ ਕਿ ਪੜ੍ਹਾਈ ਪੂਰੀ ਕਰਨ ਤੋਂ ਬਾਅਦ ਉਹ ਕੈਨੇਡਾ ਵਿੱਚ ਕੰਮ ਕਰਨ ਲਈ ਪੋਸਟ-ਗ੍ਰੈਜੂਏਸ਼ਨ ਵਰਕ ਪਰਮਿਟ ਹਾਸਲ ਕਰ ਸਕਣਗੇ।

ਸੀਬੀਐੱਸਏ ਵੱਲੋਂ ਪ੍ਰਦਰਸ਼ਨ ਵਾਲੀ ਥਾਂ ’ਤੇ ਪਹੁੰਚ ਕੇ ਦਸਤਾਵੇਜ਼ਾਂ ਦੀ ਜਾਂਚ ਕੀਤੇ ਜਾਣ ਤੋਂ ਬਾਅਦ ਵਿਦਿਆਰਥੀਆਂ ਵਿੱਚ ਚਿੰਤਾ ਹੋਰ ਵਧੀ ਹੈ। ਸੀਬੀਐੱਸਏ ਕੈਨੇਡਾ ਵਿੱਚ ਇਮੀਗ੍ਰੇਸ਼ਨ ਕਾਨੂੰਨਾਂ ਨੂੰ ਲਾਗੂ ਕਰਨ, ਸੰਭਾਵੀ ਉਲੰਘਣਾਵਾਂ ਦੀ ਜਾਂਚ ਕਰਨ ਅਤੇ ਕਾਨੂੰਨ ਅਨੁਸਾਰ ਦੇਸ਼ ਨਿਕਾਲੇ ਨਾਲ ਸਬੰਧਤ ਕਾਰਵਾਈਆਂ ਕਰਨ ਵਾਲੀ ਸੰਘੀ ਏਜੰਸੀ ਹੈ।

ਇਸ ਕਾਰਵਾਈ ਦੇ ਮੱਦੇਨਜ਼ਰ ਵਿਦਿਆਰਥੀਆਂ ਦਾ ਪ੍ਰਦਰਸ਼ਨ ਹੁਣ ਸਿਰਫ਼ ਵਰਕ ਪਰਮਿਟ ਦੀਆਂ ਅਰਜ਼ੀਆਂ ਰੱਦ ਹੋਣ ਦੇ ਮੁੱਦੇ ਤੱਕ ਸੀਮਤ ਨਹੀਂ ਰਿਹਾ। ਮਾਮਲਾ ਹੁਣ ਇਮੀਗ੍ਰੇਸ਼ਨ ਨੀਤੀਆਂ, ਅਰਜ਼ੀਆਂ ਦੀ ਸਮੀਖਿਆ ਅਤੇ ਪ੍ਰਭਾਵਿਤ ਗ੍ਰੈਜੂਏਟਾਂ ਦੇ ਭਵਿੱਖ ਨਾਲ ਜੁੜੇ ਵੱਡੇ ਵਿਵਾਦ ਵਿੱਚ ਬਦਲ ਗਿਆ ਹੈ।

ਇਮੀਗ੍ਰੇਸ਼ਨ, ਰਫਿਊਜੀਜ਼ ਐਂਡ ਸਿਟੀਜ਼ਨਸ਼ਿਪ ਕੈਨੇਡਾ (ਆਈਆਰਸੀਸੀ) ਨੇ ਆਪਣੇ ਜੂਨ 2026 ਦੇ ਅਪਡੇਟ ਸਬੰਧੀ ਕਿਹਾ ਹੈ ਕਿ ਇਸ ਵਿੱਚ ਗੈਰ-ਕ੍ਰੈਡਿਟ ਪ੍ਰੋਗਰਾਮਾਂ ਲਈ ਪਹਿਲਾਂ ਤੋਂ ਮੌਜੂਦ ਯੋਗਤਾ ਲੋੜਾਂ ਨੂੰ ਸਪੱਸ਼ਟ ਕੀਤਾ ਗਿਆ ਹੈ। ਆਈਆਰਸੀਸੀ ਮੁਤਾਬਕ ਮੁੱਖ ਯੋਗਤਾ ਮਾਪਦੰਡਾਂ ਵਿੱਚ ਬਦਲਾਅ ਨਹੀਂ ਕੀਤਾ ਗਿਆ।


ਦੂਜੇ ਪਾਸੇ, ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਦਾ ਤਰਕ ਹੈ ਕਿ ਉਨ੍ਹਾਂ ਨੇ ਆਪਣੀਆਂ ਅਰਜ਼ੀਆਂ ਉਸ ਸਮੇਂ ਮੌਜੂਦ ਸਮਝ ਅਤੇ ਜਾਣਕਾਰੀ ਦੇ ਆਧਾਰ ’ਤੇ ਨੇਕ ਨੀਤੀ ਨਾਲ ਦਾਇਰ ਕੀਤੀਆਂ ਸਨ। ਉਨ੍ਹਾਂ ਦਾ ਕਹਿਣਾ ਹੈ ਕਿ ਉਨ੍ਹਾਂ ਦੇ ਮਾਮਲਿਆਂ ਨੂੰ ਵਿਅਕਤੀਗਤ ਤੌਰ ’ਤੇ ਦੇਖਿਆ ਜਾਣਾ ਚਾਹੀਦਾ ਹੈ ਅਤੇ ਜਿਨ੍ਹਾਂ ਅਰਜ਼ੀਆਂ ਨੂੰ ਰੱਦ ਕੀਤਾ ਗਿਆ ਹੈ, ਉਨ੍ਹਾਂ ਦਾ ਮੁੜ ਮੁਲਾਂਕਣ ਕੀਤਾ ਜਾਣਾ ਚਾਹੀਦਾ ਹੈ।

ਪ੍ਰਦਰਸ਼ਨਕਾਰੀਆਂ ਵੱਲੋਂ ਕਾਨੂੰਨੀ ਉਪਾਵਾਂ ਅਤੇ ਪ੍ਰਸ਼ਾਸਕੀ ਸਮੀਖਿਆਵਾਂ ਦੀ ਮੰਗ ਵੀ ਕੀਤੀ ਜਾ ਰਹੀ ਹੈ। ਵਿਦਿਆਰਥੀਆਂ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਆਪਣੀ ਸਿੱਖਿਆ ’ਤੇ ਵੱਡਾ ਨਿਵੇਸ਼ ਕੀਤਾ ਹੈ ਅਤੇ ਮੌਜੂਦਾ ਸਥਿਤੀ ਕਾਰਨ ਉਨ੍ਹਾਂ ਦੀ ਪੜ੍ਹਾਈ ਤੋਂ ਬਾਅਦ ਦੀ ਯੋਜਨਾ, ਰੁਜ਼ਗਾਰ ਦੇ ਮੌਕੇ ਅਤੇ ਕੈਨੇਡਾ ਵਿੱਚ ਭਵਿੱਖ ਪ੍ਰਭਾਵਿਤ ਹੋ ਰਿਹਾ ਹੈ।

ਕੈਲਗਰੀ ਵਿੱਚ ਚੱਲ ਰਿਹਾ ਇਹ ਪ੍ਰਦਰਸ਼ਨ ਹੁਣ ਕੈਨੇਡੀਅਨ ਇਮੀਗ੍ਰੇਸ਼ਨ ਅਧਿਕਾਰੀਆਂ ਅਤੇ ਅਲਬਰਟਾ ਦੀ ਸੂਬਾਈ ਸਰਕਾਰ ਦਾ ਵੀ ਧਿਆਨ ਖਿੱਚ ਚੁੱਕਾ ਹੈ। ਪ੍ਰਭਾਵਿਤ ਗ੍ਰੈਜੂਏਟ ਆਪਣੇ ਕੇਸਾਂ ਦੀ ਮੁੜ ਸਮੀਖਿਆ, ਪ੍ਰਸ਼ਾਸਕੀ ਹੱਲ ਅਤੇ ਆਪਣੇ ਭਵਿੱਖ ਬਾਰੇ ਸਪੱਸ਼ਟਤਾ ਦੀ ਮੰਗ ਕਰ ਰਹੇ ਹਨ।

ਇਸ ਪੂਰੇ ਵਿਵਾਦ ਨੇ ਇੱਕ ਵਾਰ ਫਿਰ ਕੈਨੇਡਾ ਵਿੱਚ ਅੰਤਰਰਾਸ਼ਟਰੀ ਵਿਦਿਆਰਥੀਆਂ ਲਈ ਸਿੱਖਿਆ ਤੋਂ ਬਾਅਦ ਦੇ ਵਰਕ ਪਰਮਿਟ, ਯੋਗਤਾ ਨਿਯਮਾਂ ਅਤੇ ਇਮੀਗ੍ਰੇਸ਼ਨ ਪ੍ਰਕਿਰਿਆ ਨਾਲ ਜੁੜੇ ਸਵਾਲਾਂ ਨੂੰ ਚਰਚਾ ਦੇ ਕੇਂਦਰ ਵਿੱਚ ਲਿਆ ਦਿੱਤਾ ਹੈ। ਵਿਦਿਆਰਥੀਆਂ ਦਾ ਪ੍ਰਦਰਸ਼ਨ ਜਾਰੀ ਹੈ ਅਤੇ ਉਹ ਸਰਕਾਰ ਤੋਂ ਆਪਣੇ ਮਾਮਲਿਆਂ ’ਤੇ ਮੁੜ ਵਿਚਾਰ ਕਰਨ ਦੀ ਉਮੀਦ ਕਰ ਰਹੇ ਹਨ।

# ਕਨੈਕਟ ਵੱਲੋਂ ਸਿਟੀ ਕੌਂਸਲ ਲਈ ਦੋ ਨਵੇਂ ਉਮੀਦਵਾਰਾਂ ਦਾ ਐਲਾਨ, ਵੇਰਾ ਲੈਫਰੈਂਕ ਅਤੇ ਮਾਈਕਲ ਡਨ ਮੈਦਾਨ ’ਚ






**ਸਰੀ, ਬੀ.ਸੀ. (ਮਹੇਸ਼ਇੰਦਰ ਸਿੰਘ ਮਾਂਗਟ) –** ਸਰੀ ਦੀ ਮੇਅਰ ਬ੍ਰੈਂਡਾ ਲੌਕ ਦੀ ਅਗਵਾਈ ਵਾਲੀ ਸਰੀ ਕਨੈਕਟ ਵੱਲੋਂ ਸਰੀ ਸਿਟੀ ਕੌਂਸਲ ਦੀਆਂ ਆਉਣ ਵਾਲੀਆਂ ਚੋਣਾਂ ਲਈ ਦੋ ਤਜਰਬੇਕਾਰ ਕਮਿਊਨਿਟੀ ਆਗੂਆਂ ਵੇਰਾ ਲੈਫਰੈਂਕ ਅਤੇ ਮਾਈਕਲ ਡਨ ਨੂੰ ਉਮੀਦਵਾਰ ਐਲਾਨਿਆ ਗਿਆ ਹੈ।

ਵੇਰਾ ਲੈਫਰੈਂਕ ਪਹਿਲਾਂ ਸਰੀ ਸਿਟੀ ਕੌਂਸਲਰ ਰਹਿ ਚੁੱਕੇ ਹਨ ਅਤੇ 2014 ਵਿੱਚ ਪਹਿਲੀ ਵਾਰ ਕੌਂਸਲ ਲਈ ਚੁਣੇ ਗਏ ਸਨ। ਉਨ੍ਹਾਂ ਕੋਲ ਬਿਜ਼ਨਸ ਦੀ ਡਿਗਰੀ ਹੈ ਅਤੇ ਉਹ ਹਾਊਸਿੰਗ, ਸਿਹਤ ਸੇਵਾਵਾਂ ਅਤੇ ਕਾਰੋਬਾਰੀ ਸੰਸਥਾਵਾਂ ਨਾਲ ਜੁੜੀਆਂ ਕਈ ਸੰਸਥਾਵਾਂ ਵਿੱਚ ਛਓਂ, ਛੌ ਅਤੇ ਓਣਏਚੁਟਿਵਏ ਧਿਰਏਚਟੋਰ ਵਜੋਂ ਸੇਵਾਵਾਂ ਨਿਭਾ ਚੁੱਕੇ ਹਨ। ਫੈਡਰੇਸ਼ਨ ਆਫ ਕੈਨੇਡੀਅਨ ਮਿਊਂਸਪੈਲਿਟੀਜ਼ ਵੱਲੋਂ ਉਨ੍ਹਾਂ ਨੂੰ ਪਹਿਲੇ 10 ੍ਰਨਿਚਿਪਓਲ ੀਨਨੋਵਓਟੋਰਸ ਵਿੱਚ ਵੀ ਸ਼ਾਮਲ ਕੀਤਾ ਗਿਆ ਸੀ।

ਸਰੀ ਕਨੈਕਟ ਵਿੱਚ ਸ਼ਾਮਲ ਹੋਣ ’ਤੇ ਵੇਰਾ ਲੈਫਰੈਂਕ ਨੇ ਕਿਹਾ ਕਿ ਉਹ ਇਸ ਟੀਮ ਦਾ ਹਿੱਸਾ ਬਣ ਕੇ ਬਹੁਤ ਖੁਸ਼ ਹਨ। ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਦੌਰਾਨ ਉਨ੍ਹਾਂ ਨੇ ਮੇਅਰ ਬ੍ਰੈਂਡਾ ਲੌਕ ਅਤੇ ਸਰੀ ਕਨੈਕਟ ਦੀ ਅਗਵਾਈ ਵਾਲੀ ਕੌਂਸਲ ਨੂੰ ਸਰੀ ਲਈ ਕੰਮ ਕਰਦੇ ਦੇਖਿਆ ਹੈ।

ਉਨ੍ਹਾਂ ਦਾਅਵਾ ਕੀਤਾ ਕਿ ਮੇਅਰ ਲੌਕ ਅਤੇ ਉਨ੍ਹਾਂ ਦੀ ਟੀਮ ਗੈਰ-ਮੁਨਾਫ਼ਾ ਸੰਸਥਾਵਾਂ ਨੂੰ ਪਹਿਲਾਂ ਨਾਲੋਂ ਵੱਧ ਸਹਿਯੋਗ ਦੇ ਰਹੀ ਹੈ ਅਤੇ ਸਰੀ ਵਾਸੀਆਂ ਦੀਆਂ ਲੋੜਾਂ ਨੂੰ ਗੰਭੀਰਤਾ ਨਾਲ ਲੈ ਰਹੀ ਹੈ।

ਲੈਫਰੈਂਕ ਨੇ ਇਹ ਵੀ ਕਿਹਾ ਕਿ ਉਹ ਸ਼ੁਰਰਏ ਢਿਰਸਟ ਦੀ ਬਜਾਏ ਸ਼ੁਰਰਏ ਛੋਨਨਏਚਟ ਨਾਲ ਕਿਉਂ ਜੁੜੇ ਹਨ। ਉਨ੍ਹਾਂ ਕਿਹਾ ਕਿ ਲਿੰਡਾ ਐਨਿਸ ਦੀ ਅਗਵਾਈ ਹੇਠ ਸ਼ੁਰਰਏ ਢਿਰਸਟ ਹੁਣ ਡਾਇਐਨ ਵਾਟਸ ਜਾਂ ਲਿੰਡਾ ਹੈਪਨਰ ਵਾਲੀ ਪਾਰਟੀ ਨਹੀਂ ਰਹੀ ਅਤੇ ਇਹ ਉਹ ਪਾਰਟੀ ਨਹੀਂ ਜਿਸ ਨਾਲ ਉਹ 2014 ਵਿੱਚ ਚੋਣ ਲੜੇ ਸਨ।

ਉਨ੍ਹਾਂ ਨੇ ਪੁਲਿਸ ਸੇਵਾਵਾਂ ਨਾਲ ਸਬੰਧਤ ਇੱਕ ਮਾਮਲੇ ਦਾ ਹਵਾਲਾ ਦਿੰਦਿਆਂ ਸ਼ੁਰਰਏ ਢਿਰਸਟ ਦੀ ਲੀਡਰਸ਼ਿਪ ’ਤੇ ਸਵਾਲ ਵੀ ਚੁੱਕੇ। ਉਨ੍ਹਾਂ ਕਿਹਾ ਕਿ ਨਸ਼ੇ ਵਿੱਚ ਗੱਡੀ ਚਲਾਉਣ ਖ਼ਿਲਾਫ਼ ਪੁਲਿਸ ਦੀ ਕਾਰਵਾਈ ਜਾਂ ਪੁਲਿਸ ਸੇਵਾਵਾਂ ਵਿੱਚ ਦਖ਼ਲਅੰਦਾਜ਼ੀ ਕਿਸੇ ਵੀ ਤਰ੍ਹਾਂ ਉਚਿਤ ਨਹੀਂ ਹੈ।

ਲੈਫਰੈਂਕ ਨੇ ਕਿਹਾ ਕਿ ਮੇਅਰ ਬ੍ਰੈਂਡਾ ਲੌਕ ਅਤੇ ਉਨ੍ਹਾਂ ਦੀ ਟੀਮ ਸਰੀ ਲਈ ਵੱਡੇ ਕਮਿਊਨਿਟੀ ਇਨਫਰਾਸਟਰਕਚਰ ਪ੍ਰੋਜੈਕਟਾਂ ’ਤੇ ਕੰਮ ਕਰ ਰਹੀ ਹੈ। ਉਨ੍ਹਾਂ ਖਾਸ ਤੌਰ ’ਤੇ ਞਾਟੋਨ ਛੋਮਮੁਨਿਟੇ ਛਏਨਟਰਏ ਦਾ ਜ਼ਿਕਰ ਕੀਤਾ, ਜਿਸ ਵਿੱਚ ਨਵਾਂ ਪੂਲ, ਲਾਇਬ੍ਰੇਰੀ ਅਤੇ ਹੋਰ ਸਹੂਲਤਾਂ ਸ਼ਾਮਲ ਹੋਣਗੀਆਂ।

ਦੂਜੇ ਉਮੀਦਵਾਰ ਮਾਈਕਲ ਡਨ ਲੰਬੇ ਸਮੇਂ ਤੋਂ ਸਰੀ ਦੇ ਵਸਨੀਕ ਹਨ। ਉਨ੍ਹਾਂ ਕੋਲ ਅਰਥਸ਼ਾਸਤਰ ਅਤੇ ਕਾਨੂੰਨ ਦੀਆਂ ਡਿਗਰੀਆਂ ਹਨ। ਕਾਨੂੰਨ ਦੇ ਖੇਤਰ ਵਿੱਚ ਸਫਲ ਪ੍ਰੈਕਟਿਸ ਕਰਨ ਤੋਂ ਬਾਅਦ ਉਹ ਸਾਊਥ ਸਰੀ ਵਿੱਚ ਰੀਅਲਟਰ ਵਜੋਂ ਕੰਮ ਕਰ ਰਹੇ ਹਨ। ਉਹ ਆਪਣੇ ਦੋ ਬੱਚਿਆਂ ਨਾਲ ਵੱਧ ਸਮਾਂ ਬਿਤਾਉਣ ਲਈ ਰੀਅਲ ਅਸਟੇਟ ਖੇਤਰ ਵਿੱਚ ਆਏ। ਇਸ ਤੋਂ ਇਲਾਵਾ ਉਹ ਟੀ-ਬਾਲ ਕੋਚ ਰਹਿ ਚੁੱਕੇ ਹਨ ਅਤੇ ਸਥਾਨਕ ਅਿਰ ਛਓਦਏਟਸ ਦੀ ਸ਼ਤੁਓਦਰੋਨ ਸ਼ਪੋਨਸੋਰਿਨਗ ਛੋਮਮਿਟਟਏਏ ਨਾਲ ਵੀ ਜੁੜੇ ਰਹੇ ਹਨ।

ਡਨ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ ਉਨ੍ਹਾਂ ਨੇ ਸਰੀ ਕਨੈਕਟ ਵੱਲੋਂ ਸ਼ਹਿਰ ਦੇ ਵਿਕਾਸ ਲਈ ਕੀਤੇ ਕੰਮਾਂ ਨੂੰ ਨੇੜਿਓਂ ਦੇਖਿਆ ਹੈ ਅਤੇ ਉਨ੍ਹਾਂ ਨੂੰ ਲੱਗਦਾ ਹੈ ਕਿ ਇਸ ਟੀਮ ਕੋਲ ਸਰੀ ਲਈ ਅੱਗੇ ਵਧਣ ਦੀ ਯੋਜਨਾ ਹੈ।

ਉਨ੍ਹਾਂ ਨੇ ਸਰੀ ਕਨੈਕਟ ਸਰਕਾਰ ਵੱਲੋਂ 560 ਵਾਧੂ ਪਬਲਿਕ ਸੇਫਟੀ ਕਰਮਚਾਰੀ ਭਰਤੀ ਕਰਨ, 15 ਏਕੜ ਦੇ ਨਵੇਂ ਪੁਲਿਸ ਟ੍ਰੇਨਿੰਗ ਕੈਂਪਸ ਅਤੇ ਸਾਊਥ ਸਰੀ ਵਿੱਚ ਤਿੰਨ-ਸ਼ੀਟ ਆਈਸ ਅਰੀਨਾ ਬਣਾਉਣ ਦੀਆਂ ਯੋਜਨਾਵਾਂ ਦਾ ਜ਼ਿਕਰ ਕੀਤਾ।

ਡਨ ਨੇ ਕਿਹਾ ਕਿ ਕੁਝ ਹਫ਼ਤੇ ਪਹਿਲਾਂ ਮੇਅਰ ਲੌਕ ਵੱਲੋਂ ਕਲੋਵਰਡੇਲ ਵਿੱਚ ਨਵਾਂ ਐਕਵਾਟਿਕ ਸੈਂਟਰ ਬਣਾਉਣ ਦਾ ਵਾਅਦਾ ਵੀ ਕੀਤਾ ਗਿਆ ਹੈ। ਉਨ੍ਹਾਂ ਅਨੁਸਾਰ ਇਹ ਸਹੂਲਤ ਕਲੋਵਰਡੇਲ ਦੇ ਪਰਿਵਾਰਾਂ ਲਈ ਤੈਰਨ ਦੀਆਂ ਸਹੂਲਤਾਂ ਨੂੰ ਵਧਾਏਗੀ ਅਤੇ ਘਰਓਨਦਵਿਏਾ ੍ਹਇਗਹਟਸ ਅਤੁਓਟਿਚ ਛਏਨਟਰਏ ’ਤੇ ਪੈ ਰਹੇ ਵਾਧੂ ਦਬਾਅ ਨੂੰ ਵੀ ਘਟਾਏਗੀ।

ਡਨ ਨੇ ਦਾਅਵਾ ਕੀਤਾ ਕਿ ਸ਼ੁਰਰਏ ਛੋਨਨਏਚਟ ਦੀ ਟੀਮ ਨੇ ਪਿਛਲੀ ਪ੍ਰਸ਼ਾਸਨ ਵੱਲੋਂ ਛੱਡੇ ਗਏ ਵਿੱਤੀ ਮਸਲਿਆਂ ਨੂੰ ਹੱਲ ਕਰਕੇ ਸ਼ਹਿਰ ਦੀਆਂ ਯੋਜਨਾਵਾਂ ਨੂੰ ਅੱਗੇ ਵਧਾਉਣ ਦੀ ਸਮਰੱਥਾ ਸਾਬਤ ਕੀਤੀ ਹੈ। ਉਨ੍ਹਾਂ ਕਿਹਾ ਕਿ ਟੀਮ ਨੇ ਪਾਰਦਰਸ਼ਤਾ ਅਤੇ ਨੈਤਿਕਤਾ ਨਾਲ ਸਰੀ ਲਈ ਕੰਮ ਕਰਨ ਦੀ ਆਪਣੀ ਸਮਰੱਥਾ ਵਾਰ-ਵਾਰ ਸਾਬਤ ਕੀਤੀ ਹੈ।

ਮੇਅਰ ਬ੍ਰੈਂਡਾ ਲੌਕ ਨੇ ਦੋਵੇਂ ਨਵੇਂ ਉਮੀਦਵਾਰਾਂ ਦਾ ਸਵਾਗਤ ਕਰਦਿਆਂ ਕਿਹਾ, “ਵੇਰਾ ਅਤੇ ਮਾਈਕਲ, ਤੁਹਾਡਾ ਧੰਨਵਾਦ। ਅਸੀਂ ਤੁਹਾਡੇ ਦੋਵਾਂ ਦੇ ਕੌਂਸਲ ਵਿੱਚ ਸਾਡੇ ਨਾਲ ਸ਼ਾਮਲ ਹੋਣ ਦੀ ਉਡੀਕ ਕਰ ਰਹੇ ਹਾਂ।”




# ਵੈਲੀ ਯੂਨਾਈਟਿਡ ਕਲਚਰਲ ਕਲੱਬ ਵੱਲੋਂ 16 ਅਗਸਤ ਨੂੰ ਰੋਟਰੀ ਸਟੇਡੀਅਮ ਅਬਟਸਫੋਰਡ ਵਿੱਚ ਲੱਗੇਗਾ ‘ਮੇਲਾ ਪੰਜਾਬੀਆਂ ਦਾ

## ਦੋਗਾਣਾ ਜੋੜੀ ਆਤਮਾ ਬੁੱਢੇਵਾਲੀਆ ਤੇ ਪ੍ਰੀਤ ਲਾਲੀ ਦੇ ਨਾਲ ਗੀਤਾ ਜੈਲਦਾਰ ਲਾਉਣਗੇ ਰੌਣਕਾਂ




**ਅਬਟਸਫੋਰਡ, (ਮਹੇਸ਼ਇੰਦਰ ਸਿੰਘ ਮਾਂਗਟ)+**ਵੈਲੀ ਯੂਨਾਈਟਿਡ ਕਲਚਰਲ ਕਲੱਬ ਵੱਲੋਂ ‘ਮੇਲਾ ਪੰਜਾਬੀਆਂ’ ਦਾ ਆਯੋਜਨ ਐਤਵਾਰ, 16 ਅਗਸਤ 2026 ਨੂੰ ਰੋਟਰੀ ਸਟੇਡੀਅਮ, ਅਬਟਸਫੋਰਡ ਵਿਖੇ ਕੀਤਾ ਜਾ ਰਿਹਾ ਹੈ। ਇਹ ਮੇਲਾ ਸਵੇਰੇ 9 ਵਜੇ ਤੋਂ ਰਾਤ 9 ਵਜੇ ਤੱਕ ਚੱਲੇਗਾ ਅਤੇ ਇਸ ਵਿੱਚ ਦਾਖਲਾ ਬਿਲਕੁਲ ਮੁਫ਼ਤ ਹੋਵੇਗਾ।

ਮੇਲੇ ਦੌਰਾਨ ਪੰਜਾਬੀ ਸੱਭਿਆਚਾਰ, ਸੰਗੀਤ ਅਤੇ ਮਨੋਰੰਜਨ ਨਾਲ ਸਬੰਧਤ ਵੱਖ-ਵੱਖ ਪ੍ਰੋਗਰਾਮ ਪੇਸ਼ ਕੀਤੇ ਜਾਣਗੇ। ਸਮਾਗਮ ਵਿੱਚ ਗੀਤਾ ਜ਼ੈਲਦਾਰ, ਆਤਮਾ ਬੁੱਢੇਵਾਲੀਆ ਤੇ ਪ੍ਰੀਤ ਲਾਲੀ, ਮਲਕਾ ਤੇ ਜੋਤੀ , ਏਕਮ ਸੁਧਾਰ, ਬੌਬੀ ਭੁੱਲਰ, ਕੌਰ ਮਨਦੀਪ ਸਮੇਤ ਹੋਰ ਕਲਾਕਾਰ ਆਪਣੀ ਗਾਇਕੀ ਨਾਲ ਦਰਸ਼ਕਾਂ ਦਾ ਮਨੋਰੰਜਨ ਕਰਨਗੇ। ਬੱਚਿਆਂ ਲਈ ਵੀ ਵਿਸ਼ੇਸ਼ ਗਤੀਵਿਧੀਆਂ ਦਾ ਪ੍ਰਬੰਧ ਕੀਤਾ ਗਿਆ ਹੈ।

ਇਸ ਮੌਕੇ 3 ਸਾਲਾ ਗੁਰਮੋਹ ਦੀ ਮਦਦ ਲਈ ਦਾਨ ਕਰਨ ਅਤੇ ਇਸ ਅਪੀਲ ਨੂੰ ਵੱਧ ਤੋਂ ਵੱਧ ਸਾਂਝਾ ਕਰਨ ਦੀ ਵੀ ਅਪੀਲ ਕੀਤੀ ਗਈ ਹੈ।

ਮੇਲੇ ਸਬੰਧੀ ਵਧੇਰੇ ਜਾਣਕਾਰੀ ਲਈ ਜਤਿੰਦਰ ਗਿੱਲ: 604-832-4000, ਹਰਜੋਤ ਸੰਧੂ: 778-240-9959, ਲਖਵੀਰ ਮਾਨ: 604-751-3208, ਮਨਜੀਤ ਗਿੱਲ: 604-600-7328, ਸੁਰਜੀਤ ਉੱਪਲ: 604-857-3708 ਅਤੇ ਪਵਨ ਧਾਲੀਵਾਲ: 778-552-8101 ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਜਗਰੂਪ ਬਰਾੜ ਦੀ ਸਮਰ ਬਾਰਬੀਕਿਊ ਪਾਰਟੀ ਵਿੱਚ ਸਿਆਸੀ ਤੇ ਭਾਈਚਾਰਕ ਆਗੂਆਂ ਨੇ ਕੀਤੀ ਸ਼ਿਰਕਤ








**ਸਰੀ (ਮਹੇਸ਼ਇੰਦਰ ਸਿੰਘ ਮਾਂਗਟ) —** ਬ੍ਰਿਟਿਸ਼ ਕੋਲੰਬੀਆ ਦੇ ਕੈਬਨਿਟ ਮੰਤਰੀ ਜਗਰੂਪ ਸਿੰਘ ਬਰਾੜ ਵੱਲੋਂ ਆਪਣੇ ਹਲਕੇ ਦੇ ਵੋਟਰਾਂ, ਸਮਰਥਕਾਂ ਅਤੇ ਵੱਖ-ਵੱਖ ਭਾਈਚਾਰਿਆਂ ਨਾਲ ਸਾਂਝ ਮਜ਼ਬੂਤ ਕਰਨ ਦੇ ਮਕਸਦ ਨਾਲ ਸਰੀ ਦੇ ਫਰਾਂਸਿਸ ਪਾਰਕ ਵਿਖੇ ਸਮਰ ਬਾਰਬੀਕਿਊ ਪਾਰਟੀ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਿਰਕਤ ਕਰਕੇ ਆਪਸੀ ਮਿਲਵਰਤਣ ਅਤੇ ਭਾਈਚਾਰਕ ਸਾਂਝ ਦਾ ਪ੍ਰਗਟਾਵਾ ਕੀਤਾ।

ਸਮਾਗਮ ਦੌਰਾਨ ਲਿਬਰਲ ਐਮ.ਪੀ. ਸੁੱਖ ਧਾਲੀਵਾਲ, ਐਮ.ਪੀ. ਗੁਰਬਖਸ਼ ਸੈਣੀ, ਸਰੀ ਦੀ ਮੇਅਰ ਬਰੈਂਡਾ ਲੌਕ, ਮੇਅਰ ਉਮੀਦਵਾਰ ਮਾਈਕ ਸਟਾਰਚੁੱਕ, ਲਿੰਡਾ ਐਨਿਸ, ਗੈਰੀ ਬੈੱਗ, ਸੀਨਾ ਵਰਮਾਨੀ, ਐਮ.ਐਲ.ਏ. ਆਮਨਾ ਸ਼ਾਹ ਅਤੇ ਪ੍ਰਿਅੰਕਾ ਸਮੇਤ ਕਈ ਸਿਆਸੀ ਅਤੇ ਭਾਈਚਾਰਕ ਆਗੂਆਂ ਨੇ ਸ਼ਿਰਕਤ ਕੀਤੀ ਅਤੇ ਆਪਣੇ ਵਿਚਾਰ ਸਾਂਝੇ ਕੀਤੇ।

ਇਸ ਮੌਕੇ ਮਹਿਮਾਨਾਂ ਲਈ ਪੀਜ਼ਾ, ਸਮੋਸੇ ਅਤੇ ਹੋਰ ਖਾਣ-ਪੀਣ ਦੀਆਂ ਵਸਤਾਂ ਦਾ ਪ੍ਰਬੰਧ ਕੀਤਾ ਗਿਆ, ਜਿਸ ਦਾ ਸਾਰਿਆਂ ਨੇ ਰਲ-ਮਿਲ ਕੇ ਆਨੰਦ ਮਾਣਿਆ। ਸਮਾਗਮ ਦੌਰਾਨ ਬੱਚਿਆਂ ਲਈ ਪੇਂਟਿੰਗ ਮੁਕਾਬਲੇ ਵੀ ਕਰਵਾਏ ਗਏ, ਜਿਸ ਵਿੱਚ ਵੱਡੀ ਗਿਣਤੀ ਵਿੱਚ ਬੱਚਿਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ।

ਇਸ ਤੋਂ ਇਲਾਵਾ ਮੈਟਰੋ ਵੈਨ ਹੈਲਥ ਗਰੁੱਪ ਨਾਲ ਜੁੜੇ ਨੌਜਵਾਨਾਂ ਵੱਲੋਂ ਹਸਪਤਾਲਾਂ ਵਿੱਚ ਇਲਾਜ ਅਧੀਨ ਲੋੜਵੰਦ ਮਰੀਜ਼ਾਂ ਦੀ ਸਹਾਇਤਾ ਲਈ ਫੰਡਰੇਜ਼ਿੰਗ ਮੁਹਿੰਮ ਬਾਰੇ ਲੋਕਾਂ ਨੂੰ ਜਾਣਕਾਰੀ ਦਿੱਤੀ ਗਈ ਅਤੇ ਵੱਧ ਤੋਂ ਵੱਧ ਯੋਗਦਾਨ ਪਾਉਣ ਦੀ ਅਪੀਲ ਕੀਤੀ ਗਈ।

ਇਸ ਮੌਕੇ ਉੱਘੇ ਖੇਡ ਪੱਤਰਕਾਰ ਸੰਤੋਖ ਸਿੰਘ ਮੰਡੇਰ ਵੱਲੋਂ ਸਾਬਕਾ ਡੀ.ਜੀ.ਪੀ. ਰਾਜਵੀਰ ਸਿੰਘ ਵੱਲੋਂ ਲਿਖੀ ਪੁਸਤਕ 'ਐਵਰ ਅਨਵਰਡ' ਜਗਰੂਪ ਸਿੰਘ ਬਰਾੜ ਨੂੰ ਭੇਂਟ ਕੀਤੀ ਗਈ।

ਸਮਾਗਮ ਵਿੱਚ ਹਰਚੰਦ ਸਿੰਘ ਭੰਗੂ, ਅਜਮੇਰ ਸਿੰਘ ਭਾਗਪੁਰ, ਜਸਵੰਤ ਸਿੰਘ ਬਰਾੜ, ਸੀਨੀਅਰ ਸੁਸਾਇਟੀ ਦੇ ਪ੍ਰਧਾਨ ਅਵਤਾਰ ਸਿੰਘ ਢਿੱਲੋਂ, ਪਿਕਸ ਦੇ ਸੀ.ਈ.ਓ. ਸਤਬੀਰ ਸਿੰਘ ਚੀਮਾ, ਗੁਰਦੀਪ ਸਿੰਘ ਖੁਰਾਣਾ, ਵਿਕਾਸ ਖੁਰਾਨਾ, ਜੈ ਵਿਰਦੀ, ਸੁਰਿੰਦਰ ਸਿੰਘ ਸੰਧੂ, ਹਰਮੇਲ ਸਿੰਘ ਸੁੰਨੜ, ਮਨਜੀਤ ਸਿੰਘ ਸੋਹੀ, ਪਰਮਜੀਤ ਖੋਸਲਾ, ਰਾਜਿੰਦਰ ਸਿੰਘ ਪੰਧੇਰ ਤੋਂ ਇਲਾਵਾ ਹੋਰ ਕਈ ਪਤਵੰਤੇ ਅਤੇ ਭਾਈਚਾਰਕ ਆਗੂ ਮੌਜੂਦ ਸਨ।

ਸਮਾਗਮ ਦੇ ਅੰਤ ਵਿੱਚ ਪੇਂਟਿੰਗ ਮੁਕਾਬਲਿਆਂ ਦੇ ਜੇਤੂ ਬੱਚਿਆਂ ਨੂੰ ਕੈਬਨਿਟ ਮੰਤਰੀ ਜਗਰੂਪ ਸਿੰਘ ਬਰਾੜ ਅਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਉਪਰੰਤ ਮੰਤਰੀ ਬਰਾੜ ਵੱਲੋਂ ਸਮਾਗਮ ਵਿੱਚ ਸ਼ਾਮਲ ਹੋਏ ਸਾਰੇ ਮਹਿਮਾਨਾਂ ਧੰਨਵਾਦ ਕੀਤਾ।

# ਡੈਲਟਾ ਤੋਂ 29 ਸਾਲਾ ਰਿਆਨ ਬੈਂਸ ਲਾਪਤਾ ਪੁਲਿਸ ਵੱਲੋਂ ਲੋਕਾਂ ਤੋਂ ਮਦਦ ਦੀ ਅਪੀਲ





**ਡੈਲਟਾ, ਬੀ.ਸੀ. —** ਡੈਲਟਾ ਦੇ ਨੌਰਥ ਡੈਲਟਾ ਇਲਾਕੇ ਤੋਂ 29 ਸਾਲਾ ਦੱਖਣੀ ਏਸ਼ੀਆਈ ਨੌਜਵਾਨ ਰਿਆਨ ਬੈਂਸ ਦੇ ਲਾਪਤਾ ਹੋਣ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਿਸ ਨੇ ਲੋਕਾਂ ਤੋਂ ਮਦਦ ਦੀ ਅਪੀਲ ਕੀਤੀ ਹੈ।

ਪੁਲਿਸ ਮੁਤਾਬਕ ਰਿਆਨ ਬੈਂਸ 2 ਅਗਸਤ ਨੂੰ ਸਵੇਰੇ ਕਰੀਬ 8 ਵਜੇ ਤੋਂ ਥੋੜ੍ਹਾ ਪਹਿਲਾਂ ਆਪਣੇ ਪਰਿਵਾਰਕ ਘਰ ਤੋਂ ਨਿਕਲਿਆ ਸੀ। ਕਰੀਬ 8:20 ਵਜੇ ਉਸਨੇ ਐਨਾਕਿਸ ਆਈਲੈਂਡ 'ਤੇ ਆਪਣਾ ਵਾਹਨ ਪਾਰਕ ਕੀਤਾ ਅਤੇ ਉਥੋਂ ਐਲੈਕਸ ਫਰੇਜ਼ਰ ਬ੍ਰਿਜ ਵੱਲ ਪੈਦਲ ਜਾਣਾ ਸ਼ੁਰੂ ਕੀਤਾ।

ਪੁਲਿਸ ਨੂੰ ਬਾਅਦ ਵਿੱਚ ਕਰੀਬ ਸ਼ਾਮ 4:30 ਵਜੇ ਉਸਦਾ ਵਾਹਨ ਬਿਨਾਂ ਕਿਸੇ ਵਿਅਕਤੀ ਦੇ ਮਿਲਿਆ, ਜਿਸ ਤੋਂ ਬਾਅਦ ਉਸਦੀ ਭਾਲ ਲਈ ਜਾਂਚ ਤੇਜ਼ ਕਰ ਦਿੱਤੀ ਗਈ ਹੈ।

ਰਿਆਨ ਬੈਂਸ ਦਾ ਕੱਦ ਲਗਭਗ 6 ਫੁੱਟ 1 ਇੰਚ ਹੈ ਅਤੇ ਉਸਦਾ ਸਰੀਰ ਐਥਲੈਟਿਕ ਹੈ। ਉਸਦੇ ਛੋਟੇ ਕਾਲੇ ਵਾਲ, ਚਿਹਰੇ 'ਤੇ ਹਲਕੀ ਦਾੜ੍ਹੀ ਅਤੇ ਭੂਰੀਆਂ ਅੱਖਾਂ ਹਨ। ਆਖਰੀ ਵਾਰ ਉਸਨੂੰ ਕਾਲੀ ਪੈਂਟ ਅਤੇ ਕਾਲੀ ਟੀ-ਸ਼ਰਟ ਪਹਿਨੇ ਦੇਖਿਆ ਗਿਆ ਸੀ।

ਪੁਲਿਸ ਖਾਸ ਤੌਰ 'ਤੇ ਐਲੈਕਸ ਫਰੇਜ਼ਰ ਬ੍ਰਿਜ ਅਤੇ ਆਸ-ਪਾਸ ਦੇ ਇਲਾਕੇ ਵਿੱਚੋਂ ਲੰਘਣ ਵਾਲੇ ਲੋਕਾਂ ਨੂੰ ਅਪੀਲ ਕਰ ਰਹੀ ਹੈ ਕਿ ਜੇਕਰ ਕਿਸੇ ਕੋਲ ਇਸ ਘਟਨਾ ਨਾਲ ਸਬੰਧਤ ਕੋਈ ਜਾਣਕਾਰੀ, ਗਵਾਹੀ ਜਾਂ ਡੈਸ਼ਕੈਮ ਫੁਟੇਜ ਹੈ ਤਾਂ ਉਹ ਪੁਲਿਸ ਨਾਲ ਸਾਂਝੀ ਕਰੇ। ਪੁਲਿਸ ਨੇ ਕਿਹਾ ਹੈ ਕਿ 2 ਅਗਸਤ ਦੀ ਸਵੇਰ ਐਲੈਕਸ ਫਰੇਜ਼ਰ ਬ੍ਰਿਜ ਦੇ ਇਲਾਕੇ ਵਿੱਚੋਂ ਲੰਘਣ ਵਾਲੇ ਡਰਾਈਵਰ ਆਪਣੀ ਡੈਸ਼ਕੈਮ ਫੁਟੇਜ ਜ਼ਰੂਰ ਚੈੱਕ ਕਰਨ। ਕਿਸੇ ਵੀ ਜਾਣਕਾਰੀ ਨੂੰ ਰਿਆਨ ਬੈਂਸ ਦੀ ਭਾਲ ਵਿੱਚ ਮਹੱਤਵਪੂਰਨ ਮੰਨਿਆ ਜਾ ਸਕਦਾ ਹੈ।

# ਤੁਰਕੀ ਦੌਰੇ ਦੌਰਾਨ ਟਰੰਪ ਦੀ ਗੁਪਤ ਉਡਾਣ ਬਦਲੀ, ਕਿਹਾ—ਜਿਸ ਜਹਾਜ਼ 'ਚ ਗਿਆ ਉਹ ਹੋਰ ਵੀ ਖ਼ਤਰਨਾਕ ਸੀ



ਇਰਾਨੀ ਧਮਕੀ ਦੇ ਮੱਦੇਨਜ਼ਰ ਸੀਕਰੇਟ ਸਰਵਿਸ ਨੇ ਬਦਲਵਾਇਆ ਸੀ ਜਹਾਜ਼; ਕੈਟਰਿੰਗ ਟਰੱਕ ਰਾਹੀਂ ਗੁਪਤ ਤਰੀਕੇ ਨਾਲ ਜਹਾਜ਼ ਬਦਲਣ ਦੀ ਰਿਪੋਰਟ

ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਕਿਹਾ ਹੈ ਕਿ ਪਿਛਲੇ ਮਹੀਨੇ ਤੁਰਕੀ ਦੌਰੇ ਦੌਰਾਨ ਉਨ੍ਹਾਂ ਨੇ ਅਮਰੀਕੀ ਸੀਕਰੇਟ ਸਰਵਿਸ ਦੀ ਸਲਾਹ 'ਤੇ ਗੁਪਤ ਤਰੀਕੇ ਨਾਲ ਆਪਣਾ ਜਹਾਜ਼ ਬਦਲਿਆ ਸੀ। ਹਾਲਾਂਕਿ ਟਰੰਪ ਦਾ ਕਹਿਣਾ ਹੈ ਕਿ ਜਿਸ ਜਹਾਜ਼ ਰਾਹੀਂ ਉਨ੍ਹਾਂ ਨੇ ਆਖ਼ਿਰਕਾਰ ਉਡਾਣ ਭਰੀ, ਉਹ ਰਵਾਇਤੀ ਏਅਰ ਫੋਰਸ ਵਨ ਦੇ ਮੁਕਾਬਲੇ ਵੀ ਵੱਧ ਖ਼ਤਰੇ ਵਾਲਾ ਹੋ ਸਕਦਾ ਸੀ।

ਅਮਰੀਕੀ ਮੀਡੀਆ ਰਿਪੋਰਟਾਂ ਮੁਤਾਬਕ ਅੰਕਾਰਾ ਵਿੱਚ ਨਾਟੋ ਸਿਖਰ ਸੰਮੇਲਨ ਤੋਂ ਬਾਅਦ ਟਰੰਪ ਨੂੰ ਇਰਾਨ ਵੱਲੋਂ ਮਿਲੀਆਂ ਕਥਿਤ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਮੱਦੇਨਜ਼ਰ ਏਅਰ ਫੋਰਸ ਵਨ ਤੋਂ ਇੱਕ ਹੋਰ ਮਿਲਟਰੀ ਜਹਾਜ਼ ਵਿੱਚ ਤਬਦੀਲ ਕੀਤਾ ਗਿਆ ਸੀ। ਵ੍ਹਾਈਟ ਹਾਊਸ ਵੱਲੋਂ ਉਸ ਸਮੇਂ ਇਸ ਤਬਦੀਲੀ ਬਾਰੇ ਕੋਈ ਜਾਣਕਾਰੀ ਜਨਤਕ ਨਹੀਂ ਕੀਤੀ ਗਈ ਸੀ।

ਇਹ ਮਾਮਲਾ ਉਸ ਵੇਲੇ ਸਾਹਮਣੇ ਆਇਆ ਜਦੋਂ 'ਵਾਸ਼ਿੰਗਟਨ ਪੋਸਟ' ਨੇ ਇਸ ਬਾਰੇ ਰਿਪੋਰਟ ਪ੍ਰਕਾਸ਼ਿਤ ਕੀਤੀ। ਰਿਪੋਰਟ ਵਿੱਚ ਸੂਤਰਾਂ ਦੇ ਹਵਾਲੇ ਨਾਲ ਦੱਸਿਆ ਗਿਆ ਕਿ ਟਰੰਪ ਦੇ ਇੱਕ ਜਹਾਜ਼ ਵਿੱਚ ਸਵਾਰ ਹੋਣ ਤੋਂ ਕੁਝ ਸਮੇਂ ਬਾਅਦ ਉਨ੍ਹਾਂ ਨੂੰ ਕੈਟਰਿੰਗ ਟਰੱਕ ਰਾਹੀਂ ਗੁਪਤ ਤਰੀਕੇ ਨਾਲ ਉਤਾਰਿਆ ਗਿਆ ਅਤੇ ਬਾਅਦ ਵਿੱਚ ਉਹ ਕਿਸੇ ਹੋਰ ਜਹਾਜ਼ ਰਾਹੀਂ ਬ੍ਰਿਟੇਨ ਲਈ ਰਵਾਨਾ ਹੋਏ।

ਟਰੰਪ ਨੇ ਕਿਹਾ—ਜਹਾਜ਼ ਹੋਰ ਵੀ ਵੱਧ ਨਿਸ਼ਾਨੇ 'ਤੇ ਹੋ ਸਕਦਾ ਸੀ

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਟਰੰਪ ਨੇ ਕਿਹਾ ਕਿ ਉਨ੍ਹਾਂ ਨੂੰ ਲੱਗਦਾ ਹੈ ਕਿ ਜਿਸ ਜਹਾਜ਼ 'ਤੇ ਉਹ ਆਖ਼ਿਰਕਾਰ ਸਫ਼ਰ ਕਰ ਰਹੇ ਸਨ, ਉਸ ਨੂੰ ਸ਼ਾਇਦ ਏਅਰ ਫੋਰਸ ਵਨ ਨਾਲੋਂ ਵੀ ਵੱਧ ਖ਼ਤਰਾ ਸੀ।

ਉਨ੍ਹਾਂ ਮੁਤਾਬਕ, ਜੇਕਰ ਕੋਈ ਹਮਲਾ ਕਰਨ ਦੀ ਕੋਸ਼ਿਸ਼ ਕਰਦਾ ਤਾਂ ਸੰਭਾਵਨਾ ਸੀ ਕਿ ਨਿਸ਼ਾਨਾ ਉਹੀ ਜਹਾਜ਼ ਬਣਦਾ ਜਿਸ ਵਿੱਚ ਰਾਸ਼ਟਰਪਤੀ ਦੇ ਹੋਣ ਦੀ ਉਮੀਦ ਕੀਤੀ ਜਾ ਰਹੀ ਸੀ। ਟਰੰਪ ਨੇ ਕਿਹਾ ਕਿ ਉਨ੍ਹਾਂ ਨੇ ਇਸ ਮਾਮਲੇ ਬਾਰੇ ਬਹੁਤ ਜ਼ਿਆਦਾ ਸਵਾਲ ਨਹੀਂ ਕੀਤੇ ਅਤੇ ਉਹ ਸੀਕਰੇਟ ਸਰਵਿਸ ਅਤੇ ਫ਼ੌਜ ਵੱਲੋਂ ਦਿੱਤੀਆਂ ਹਦਾਇਤਾਂ ਅਨੁਸਾਰ ਕੰਮ ਕਰਦੇ ਹਨ।

ਟਰੰਪ ਨੇ ਕਿਹਾ ਕਿ ਰਾਸ਼ਟਰਪਤੀ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਸੀਕਰੇਟ ਸਰਵਿਸ ਦੀ ਹੈ ਅਤੇ ਉਹ ਸੁਰੱਖਿਆ ਅਧਿਕਾਰੀਆਂ ਦੀ ਸਲਾਹ ਨੂੰ ਮੰਨਦੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਉਨ੍ਹਾਂ ਨੂੰ ਅਕਸਰ ਧਮਕੀਆਂ ਮਿਲਦੀਆਂ ਰਹਿੰਦੀਆਂ ਹਨ।

ਸੋਸ਼ਲ ਮੀਡੀਆ 'ਤੇ ਵਾਇਰਲ ਹੋਈਆਂ ਮੀਮਜ਼

ਜਹਾਜ਼ ਬਦਲਣ ਦੀ ਖ਼ਬਰ ਸਾਹਮਣੇ ਆਉਣ ਤੋਂ ਬਾਅਦ ਸੋਸ਼ਲ ਮੀਡੀਆ 'ਤੇ ਟਰੰਪ ਦੇ ਕੈਟਰਿੰਗ ਟਰੱਕ ਵਿੱਚ ਲੁਕ ਕੇ ਜਹਾਜ਼ ਬਦਲਣ ਨਾਲ ਸਬੰਧਤ ਕਈ ਮੀਮਜ਼ ਵੀ ਸਾਹਮਣੇ ਆਈਆਂ।

ਟਰੰਪ ਨੇ ਇਸ ਮਾਮਲੇ 'ਤੇ ਸਪੱਸ਼ਟ ਕੀਤਾ ਕਿ ਉਨ੍ਹਾਂ ਵੱਲੋਂ ਖ਼ੁਦ ਕੋਈ ਗੁਪਤ ਤਰੀਕਾ ਅਪਣਾਉਣ ਦੀ ਗੱਲ ਨਹੀਂ ਸੀ, ਸਗੋਂ ਉਹ ਰਾਸ਼ਟਰਪਤੀ ਦੀ ਸੁਰੱਖਿਆ ਲਈ ਜ਼ਿੰਮੇਵਾਰ ਸੀਕਰੇਟ ਸਰਵਿਸ ਦੀਆਂ ਹਦਾਇਤਾਂ ਦੀ ਪਾਲਣਾ ਕਰ ਰਹੇ ਸਨ।

ਉਨ੍ਹਾਂ ਕਿਹਾ ਕਿ ਸੁਰੱਖਿਆ ਏਜੰਸੀਆਂ ਵੱਲੋਂ ਜੋ ਫ਼ੈਸਲਾ ਲਿਆ ਜਾਂਦਾ ਹੈ, ਉਹ ਉਸ ਅਨੁਸਾਰ ਹੀ ਚੱਲਦੇ ਹਨ। ਟਰੰਪ ਮੁਤਾਬਕ ਉਨ੍ਹਾਂ ਨੂੰ ਇਸ ਗੱਲ ਦੀ ਪੂਰੀ ਜਾਣਕਾਰੀ ਨਹੀਂ ਸੀ ਕਿ ਸੁਰੱਖਿਆ ਪੱਖੋਂ ਕਿਹੜਾ ਖ਼ਤਰਾ ਮੌਜੂਦ ਸੀ, ਪਰ ਉਨ੍ਹਾਂ ਨੂੰ ਪਤਾ ਸੀ ਕਿ ਕੁਝ ਖ਼ਤਰਾ ਜ਼ਰੂਰ ਸੀ।

ਵ੍ਹਾਈਟ ਹਾਊਸ ਦੇ ਬਿਆਨ ਅਤੇ ਬਾਅਦ ਦੀ ਰਿਪੋਰਟ ਵਿੱਚ ਫ਼ਰਕ

ਟਰੰਪ ਦੇ ਤੁਰਕੀ ਦੌਰੇ ਤੋਂ ਬਾਅਦ ਵ੍ਹਾਈਟ ਹਾਊਸ ਵੱਲੋਂ ਕਿਹਾ ਗਿਆ ਸੀ ਕਿ ਰਾਸ਼ਟਰਪਤੀ ਤੁਰਕੀ ਤੋਂ ਬ੍ਰਿਟੇਨ ਲਈ ਏਅਰ ਫੋਰਸ ਵਨ ਰਾਹੀਂ ਰਵਾਨਾ ਹੋਏ ਸਨ। ਹਾਲਾਂਕਿ ਬਾਅਦ ਵਿੱਚ ਸਾਹਮਣੇ ਆਈਆਂ ਰਿਪੋਰਟਾਂ ਵਿੱਚ ਸੂਤਰਾਂ ਦੇ ਹਵਾਲੇ ਨਾਲ ਦਾਅਵਾ ਕੀਤਾ ਗਿਆ ਕਿ ਟਰੰਪ ਨੂੰ ਪਹਿਲੇ ਜਹਾਜ਼ ਤੋਂ ਗੁਪਤ ਤਰੀਕੇ ਨਾਲ ਉਤਾਰ ਕੇ ਦੂਜੇ ਜਹਾਜ਼ ਵਿੱਚ ਸਵਾਰ ਕਰਵਾਇਆ ਗਿਆ ਸੀ।

ਰਿਪੋਰਟਾਂ ਮੁਤਾਬਕ ਟਰੰਪ ਨਾਟੋ ਸਿਖਰ ਸੰਮੇਲਨ ਵਿੱਚ ਸ਼ਾਮਲ ਹੋਣ ਲਈ ਕਤਰ ਵੱਲੋਂ ਤੋਹਫ਼ੇ ਵਜੋਂ ਦਿੱਤੇ ਗਏ ਇੱਕ ਨਵੇਂ ਜੈੱਟ ਰਾਹੀਂ ਅੰਕਾਰਾ ਪਹੁੰਚੇ ਸਨ। ਪਰ ਤੁਰਕੀ ਤੋਂ ਰਵਾਨਾ ਹੋਣ ਸਮੇਂ ਉਨ੍ਹਾਂ ਵੱਲੋਂ ਅਚਾਨਕ ਪੁਰਾਣੇ ਏਅਰ ਫੋਰਸ ਵਨ ਦੀ ਵਰਤੋਂ ਕਰਨ ਦਾ ਐਲਾਨ ਕੀਤਾ ਗਿਆ।

ਇਸ ਅਚਾਨਕ ਤਬਦੀਲੀ ਨੇ ਉਸ ਸਮੇਂ ਨਵੇਂ ਜਹਾਜ਼ ਦੀ ਸੁਰੱਖਿਆ ਨੂੰ ਲੈ ਕੇ ਕਈ ਸਵਾਲ ਖੜ੍ਹੇ ਕਰ ਦਿੱਤੇ ਸਨ। ਖਾਸ ਤੌਰ 'ਤੇ ਇਸ ਲਈ ਕਿ ਟਰੰਪ ਦਾ ਇਹ ਦੌਰਾ ਉਸ ਸਮੇਂ ਹੋਇਆ ਜਦੋਂ ਤੁਰਕੀ ਦੀ ਸਰਹੱਦ ਨਾਲ ਲੱਗਦੇ ਇਰਾਨ ਨਾਲ ਖੇਤਰ ਵਿੱਚ ਤਣਾਅ ਵਧਿਆ ਹੋਇਆ ਸੀ ਅਤੇ ਅਮਰੀਕੀ ਰਾਸ਼ਟਰਪਤੀ ਨੂੰ ਕਥਿਤ ਤੌਰ 'ਤੇ ਧਮਕੀਆਂ ਮਿਲ ਰਹੀਆਂ ਸਨ।

ਹੁਣ ਟਰੰਪ ਦੇ ਤਾਜ਼ਾ ਬਿਆਨ ਤੋਂ ਬਾਅਦ ਇਹ ਮਾਮਲਾ ਮੁੜ ਚਰਚਾ ਵਿੱਚ ਹੈ ਕਿ ਰਾਸ਼ਟਰਪਤੀ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਜਹਾਜ਼ ਬਦਲਣ ਦਾ ਫ਼ੈਸਲਾ ਕਿਹੜੇ ਖ਼ਤਰਿਆਂ ਦੇ ਆਧਾਰ 'ਤੇ ਲਿਆ ਗਿਆ ਸੀ ਅਤੇ ਇਸ ਪੂਰੀ ਕਾਰਵਾਈ ਨੂੰ ਗੁਪਤ ਰੱਖਣ ਦੀ ਲੋੜ ਕਿਉਂ ਪਈ।

# ਨਿਖਿਲ ਗੁਪਤਾ ਨੂੰ 20 ਨਵੰਬਰ ਨੂੰ ਸੁਣਾਈ ਜਾਵੇਗੀ ਸਜ਼ਾ, ਪੰਨੂ ਮਾਮਲੇ 'ਚ ਅਮਰੀਕੀ ਅਦਾਲਤ ਨੇ ਤੈਅ ਕੀਤੀ ਨਵੀਂ ਤਾਰੀਖ




**ਕਤਲ ਦੀ ਸਾਜ਼ਿਸ਼ ਦੇ ਮਾਮਲੇ 'ਚ ਦੋਸ਼ ਕਬੂਲ ਕਰ ਚੁੱਕਾ ਹੈ ਨਿਖਿਲ ਗੁਪਤਾ; ਪੀੜਤ ਦੀ ਬੇਨਤੀ 'ਤੇ 25 ਸਤੰਬਰ ਦੀ ਸੁਣਵਾਈ ਹੋਈ ਮੁਲਤਵੀ**

ਅਮਰੀਕਾ ਦੀ ਇੱਕ ਸੰਘੀ ਅਦਾਲਤ ਨੇ ਸਿੱਖ ਵੱਖਵਾਦੀ ਆਗੂ ਗੁਰਪਤਵੰਤ ਸਿੰਘ ਪੰਨੂ ਦੀ ਹੱਤਿਆ ਦੀ ਕਥਿਤ ਸਾਜ਼ਿਸ਼ ਰਚਣ ਦੇ ਮਾਮਲੇ ਵਿੱਚ ਦੋਸ਼ ਕਬੂਲ ਕਰ ਚੁੱਕੇ ਨਿਖਿਲ ਗੁਪਤਾ ਨੂੰ ਸਜ਼ਾ ਸੁਣਾਉਣ ਲਈ 20 ਨਵੰਬਰ ਦੀ ਤਾਰੀਖ਼ ਤੈਅ ਕੀਤੀ ਹੈ।

ਨਿਊਯਾਰਕ ਦੇ ਸਦਰਨ ਡਿਸਟ੍ਰਿਕਟ ਦੀ ਸੰਘੀ ਅਦਾਲਤ ਵਿੱਚ ਗੁਪਤਾ ਨੂੰ ਪਹਿਲਾਂ 25 ਸਤੰਬਰ ਨੂੰ ਸਜ਼ਾ ਸੁਣਾਈ ਜਾਣੀ ਸੀ, ਪਰ ਮਾਮਲੇ ਵਿੱਚ ਕਥਿਤ ਤੌਰ 'ਤੇ ਨਿਸ਼ਾਨਾ ਬਣਾਏ ਗਏ ਵਿਅਕਤੀ ਦੀ ਬੇਨਤੀ ਤੋਂ ਬਾਅਦ ਸੁਣਵਾਈ ਮੁਲਤਵੀ ਕਰ ਦਿੱਤੀ ਗਈ।

ਅਦਾਲਤੀ ਦਸਤਾਵੇਜ਼ਾਂ ਵਿੱਚ ਪੀੜਤ ਵਿਅਕਤੀ ਦਾ ਨਾਂ ਸਪੱਸ਼ਟ ਤੌਰ 'ਤੇ ਦਰਜ ਨਹੀਂ ਕੀਤਾ ਗਿਆ। ਹਾਲਾਂਕਿ, ਗੁਰਪਤਵੰਤ ਸਿੰਘ ਪੰਨੂ ਦੇ ਵਕੀਲ ਵੱਲੋਂ ਜਨਤਕ ਤੌਰ 'ਤੇ ਕਿਹਾ ਜਾ ਚੁੱਕਾ ਹੈ ਕਿ ਸੁਪਾਰੀ ਦੇ ਕੇ ਕਤਲ ਕਰਵਾਉਣ ਦੀ ਇਸ ਕਥਿਤ ਸਾਜ਼ਿਸ਼ ਦਾ ਨਿਸ਼ਾਨਾ ਪੰਨੂ ਹੀ ਸੀ।

ਅਮਰੀਕਾ ਦੇ ਸਦਰਨ ਡਿਸਟ੍ਰਿਕਟ ਆਫ਼ ਨਿਊਯਾਰਕ ਦੀ ਜ਼ਿਲ੍ਹਾ ਅਦਾਲਤ ਵਿੱਚ ਦਾਖ਼ਲ ਕੀਤੇ ਗਏ ਇੱਕ ਪੱਤਰ ਵਿੱਚ ਸਰਕਾਰੀ ਵਕੀਲਾਂ ਨੇ ਦੱਸਿਆ ਕਿ ਕਥਿਤ ਪੀੜਤ ਸਜ਼ਾ ਸੁਣਾਉਣ ਦੀ ਕਾਰਵਾਈ ਵਿੱਚ ਸ਼ਾਮਲ ਹੋਣਾ ਚਾਹੁੰਦਾ ਹੈ। ਉਸ ਨੇ 25 ਸਤੰਬਰ ਨੂੰ ਹੋਣ ਵਾਲੀ ਸੁਣਵਾਈ ਨੂੰ ਮੁਲਤਵੀ ਕਰਨ ਦੀ ਬੇਨਤੀ ਕੀਤੀ ਸੀ, ਕਿਉਂਕਿ ਉਸ ਸਮੇਂ ਉਹ ਅਮਰੀਕਾ ਤੋਂ ਬਾਹਰ ਹੋਵੇਗਾ।

ਜੱਜ ਵਿਕਟਰ ਮਾਰੇਰੋ ਨੇ ਇਸ ਬੇਨਤੀ ਨੂੰ ਮਨਜ਼ੂਰ ਕਰਦਿਆਂ ਨਿਖਿਲ ਗੁਪਤਾ ਨੂੰ ਸਜ਼ਾ ਸੁਣਾਉਣ ਲਈ ਨਵੀਂ ਤਾਰੀਖ਼ 20 ਨਵੰਬਰ ਤੈਅ ਕੀਤੀ ਹੈ। ਸੁਣਵਾਈ ਉਸ ਦਿਨ ਸਵੇਰੇ 10 ਵਜੇ ਹੋਵੇਗੀ।

ਤਿੰਨ ਦੋਸ਼ਾਂ ਵਿੱਚ ਕਬੂਲ ਕੀਤਾ ਸੀ ਗੁਨਾਹ

ਨਿਖਿਲ ਗੁਪਤਾ ਨੇ 13 ਫ਼ਰਵਰੀ ਨੂੰ ਅਦਾਲਤ ਵਿੱਚ ਪੰਨੂ ਦੀ ਕਥਿਤ ਹੱਤਿਆ ਦੀ ਸਾਜ਼ਿਸ਼ ਨਾਲ ਜੁੜੇ ਤਿੰਨੋਂ ਦੋਸ਼ਾਂ ਨੂੰ ਕਬੂਲ ਕਰ ਲਿਆ ਸੀ। ਇਨ੍ਹਾਂ ਵਿੱਚ ਸੁਪਾਰੀ ਦੇ ਕੇ ਕਤਲ ਕਰਵਾਉਣਾ, ਸੁਪਾਰੀ ਦੇ ਕੇ ਕਤਲ ਦੀ ਸਾਜ਼ਿਸ਼ ਰਚਣਾ ਅਤੇ ਮਨੀ ਲਾਂਡਰਿੰਗ ਦੀ ਸਾਜ਼ਿਸ਼ ਰਚਣਾ ਸ਼ਾਮਲ ਹਨ।

ਅਮਰੀਕੀ ਕਾਨੂੰਨ ਮੁਤਾਬਕ ਸੁਪਾਰੀ ਦੇ ਕੇ ਕਤਲ ਕਰਵਾਉਣ ਦੇ ਦੋਸ਼ ਵਿੱਚ ਵੱਧ ਤੋਂ ਵੱਧ 10 ਸਾਲ ਦੀ ਕੈਦ ਹੋ ਸਕਦੀ ਹੈ। ਇਸੇ ਤਰ੍ਹਾਂ ਸੁਪਾਰੀ ਦੇ ਕੇ ਕਤਲ ਦੀ ਸਾਜ਼ਿਸ਼ ਰਚਣ ਦੇ ਮਾਮਲੇ ਵਿੱਚ ਵੀ ਵੱਧ ਤੋਂ ਵੱਧ 10 ਸਾਲ ਦੀ ਜੇਲ੍ਹ ਦੀ ਸਜ਼ਾ ਹੋ ਸਕਦੀ ਹੈ। ਮਨੀ ਲਾਂਡਰਿੰਗ ਦੀ ਸਾਜ਼ਿਸ਼ ਦੇ ਦੋਸ਼ ਵਿੱਚ ਵੱਧ ਤੋਂ ਵੱਧ 20 ਸਾਲ ਦੀ ਕੈਦ ਦੀ ਵਿਵਸਥਾ ਹੈ।

ਹਾਲਾਂਕਿ ਇਹ ਵੱਧ ਤੋਂ ਵੱਧ ਸੰਭਾਵਿਤ ਸਜ਼ਾਵਾਂ ਹਨ ਅਤੇ ਅਦਾਲਤ ਵੱਲੋਂ ਅੰਤਿਮ ਸਜ਼ਾ ਸੁਣਾਉਣ ਸਮੇਂ ਮਾਮਲੇ ਦੇ ਸਾਰੇ ਤੱਥਾਂ ਅਤੇ ਕਾਨੂੰਨੀ ਪੱਖਾਂ ਨੂੰ ਧਿਆਨ ਵਿੱਚ ਰੱਖਿਆ ਜਾਵੇਗਾ।

ਚੈੱਕ ਗਣਰਾਜ ਤੋਂ ਹੋਈ ਸੀ ਗ੍ਰਿਫ਼ਤਾਰੀ

ਨਿਖਿਲ ਗੁਪਤਾ ਨੂੰ 30 ਜੂਨ 2023 ਨੂੰ ਚੈੱਕ ਗਣਰਾਜ ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ। ਇਸ ਤੋਂ ਬਾਅਦ ਕਰੀਬ ਇੱਕ ਸਾਲ ਬਾਅਦ ਉਸ ਨੂੰ ਅਮਰੀਕਾ ਹਵਾਲੇ ਕੀਤਾ ਗਿਆ। ਅਮਰੀਕੀ ਅਧਿਕਾਰੀਆਂ ਵੱਲੋਂ ਉਸ 'ਤੇ ਪੰਨੂ ਦੀ ਹੱਤਿਆ ਲਈ ਕਥਿਤ ਤੌਰ 'ਤੇ ਸੁਪਾਰੀ ਦੇਣ ਅਤੇ ਇਸ ਨਾਲ ਜੁੜੀ ਸਾਜ਼ਿਸ਼ ਵਿੱਚ ਸ਼ਾਮਲ ਹੋਣ ਦੇ ਦੋਸ਼ ਲਗਾਏ ਗਏ ਸਨ।

ਹੁਣ 20 ਨਵੰਬਰ ਦੀ ਅਦਾਲਤੀ ਕਾਰਵਾਈ ਵਿੱਚ ਨਿਖਿਲ ਗੁਪਤਾ ਨੂੰ ਇਸ ਮਾਮਲੇ ਵਿੱਚ ਅੰਤਿਮ ਸਜ਼ਾ ਸੁਣਾਈ ਜਾਵੇਗੀ।



## ਸੰਪਾਦਕੀ

### ਵਿਦੇਸ਼ੀ ਫੰਡਿੰਗ 'ਤੇ ਸਖ਼ਤੀ ਦੇ ਨਾਲ ਸੰਵਿਧਾਨਕ ਹੱਕਾਂ ਦੀ ਰਾਖੀ ਵੀ ਜ਼ਰੂਰੀ

ਵਿਦੇਸ਼ੀ ਯੋਗਦਾਨ (ਰੈਗੂਲੇਸ਼ਨ) ਸੋਧ ਬਿੱਲ, 2026 ਨੂੰ 31 ਮੈਂਬਰੀ ਸੰਸਦੀ ਸੰਯੁਕਤ ਕਮੇਟੀ (ਜੇ ਪੀ ਸੀ) ਕੋਲ ਭੇਜਣ ਦਾ ਫ਼ੈਸਲਾ ਕੀਤਾ ਗਿਆ ਹੈ। ਅਜਿਹੇ ਸਮੇਂ ਜਦੋਂ ਸੰਸਦ ਵਿੱਚ ਵਿਵਾਦਪੂਰਨ ਕਾਨੂੰਨਾਂ ਨੂੰ ਲੈ ਕੇ ਪਾੜਾ ਲਗਾਤਾਰ ਵਧ ਰਿਹਾ ਹੈ ਤਾਂ ਸਿਆਸੀ ਦੋਸ਼ਾਂ ਅਤੇ ਕਾਨੂੰਨ ਨੂੰ ਪੂਰੀ ਤਰ੍ਹਾਂ ਵਾਪਸ ਲੈਣ ਦੀਆਂ ਮੰਗਾਂ ਦੀ ਬਜਾਏ ਡੂੰਘੀ ਘੋਖ ਕਰਨਾ ਇੱਕ ਬਿਹਤਰ ਬਦਲ ਜਾਪਦਾ ਹੈ। ਸਰਕਾਰ ਇਸ ਗੱਲ 'ਤੇ ਜ਼ੋਰ ਦੇ ਰਹੀ ਹੈ ਕਿ ਰਾਸ਼ਟਰੀ ਸੁਰੱਖਿਆ ਦੇ ਹਿੱਤਾਂ ਨੂੰ ਮੁੱਖ ਰੱਖਦਿਆਂ ਵਿਦੇਸ਼ੀ ਫੰਡਾਂ ਨੂੰ ਹੋਰ ਸਖ਼ਤੀ ਨਾਲ ਕਾਬੂ ਹੇਠ ਰੱਖਿਆ ਜਾਣਾ ਚਾਹੀਦਾ ਹੈ। ਕੇਂਦਰ ਵਿੱਚ ਲਗਾਤਾਰ ਆਈਆਂ ਸਰਕਾਰਾਂ ਨੇ ਵਿਦੇਸ਼ਾਂ ਤੋਂ ਫੰਡ ਪ੍ਰਾਪਤ ਕਰਨ ਵਾਲੀਆਂ ਸੰਸਥਾਵਾਂ ਦੇ ਪ੍ਰਭਾਵ ਬਾਰੇ ਚਿੰਤਾਵਾਂ ਪ੍ਰਗਟਾਈਆਂ ਹਨ। ਇਸ ਲਈ ਮਜ਼ਬੂਤ ਕਾਨੂੰਨੀ ਘੇਰਾਬੰਦੀ ਜਾਂ ਨੇਮ ਬਣਾਉਣੇ ਜਾਇਜ਼ ਜਾਪਦੇ ਹਨ।

ਇਹ ਵੀ ਗ਼ੌਰਤਲਬ ਹੈ ਕਿ ਕਾਨੂੰਨ ਦਾ ਨਿਯਮ ਕਾਰਜਪਾਲਿਕਾ ਲਈ ਬੇਲਗਾਮ ਤਾਕਤਾਂ ਦੀ ਵਰਤੋਂ ਕਰਨ ਦਾ ਜ਼ਰੀਆ ਨਹੀਂ ਬਣਨਾ ਚਾਹੀਦਾ। ਇਸ ਬਿੱਲ ਨੂੰ ਲੈ ਕੇ ਸਭ ਤੋਂ ਵੱਡੀ ਚਿੰਤਾ ਉਸ 'ਨਾਮਜ਼ਦ ਅਥਾਰਿਟੀ' ਕੋਲ ਆਉਣ ਵਾਲੇ ਅਧਿਕਾਰਾਂ ਬਾਰੇ ਹੈ, ਜੋ ਉਨ੍ਹਾਂ ਸੰਸਥਾਵਾਂ ਦੀਆਂ ਜਾਇਦਾਦਾਂ ਉੱਤੇ ਕਬਜ਼ਾ ਕਰ ਸਕਦੀ ਹੈ ਜਿਨ੍ਹਾਂ ਦੀ ਐੱਫ ਸੀ ਆਰ ਏ ਰਜਿਸਟ੍ਰੇਸ਼ਨ ਨੂੰ ਸਰਕਾਰ ਵੱਲੋਂ ਰੱਦ ਕਰ ਦਿੱਤਾ ਗਿਆ ਹੋਵੇ, ਜਿਨ੍ਹਾਂ ਨੇ ਖ਼ੁਦ ਆਪਣੀ ਰਜਿਸਟ੍ਰੇਸ਼ਨ ਵਾਪਸ ਲੈ ਲਈ ਹੋਵੇ ਜਾਂ ਜਿਨ੍ਹਾਂ ਸੰਸਥਾਵਾਂ ਦੀ ਹੋਂਦ ਹੀ ਪੂਰੀ ਤਰ੍ਹਾਂ ਖ਼ਤਮ ਹੋ ਚੁੱਕੀ ਹੋਵੇ। ਜੇਕਰ ਵਿਦੇਸ਼ੀ ਫੰਡਾਂ ਅਤੇ ਹੋਰ ਸਰੋਤਾਂ ਰਾਹੀਂ ਸਾਂਝੇ ਤੌਰ 'ਤੇ ਬਣਾਈਆਂ ਗਈਆਂ ਜਾਇਦਾਦਾਂ ਆਖ਼ਰਕਾਰ ਇਸ ਅਥਾਰਿਟੀ ਕੋਲ ਪੱਕੇ ਤੌਰ 'ਤੇ ਚਲੀਆਂ ਜਾਂਦੀਆਂ ਹਨ ਤਾਂ ਵਾਜਬਤਾ, ਨਿਆਂਇਕ ਪ੍ਰਕਿਰਿਆ ਅਤੇ ਸੰਪਤੀ ਦੇ ਅਧਿਕਾਰਾਂ ਬਾਰੇ ਕਈ ਗੰਭੀਰ ਸਵਾਲ ਖੜ੍ਹੇ ਹੋਣੇ ਸੁਭਾਵਿਕ ਹਨ। ਇਹ ਮਸਲਾ ਉਦੋਂ ਹੋਰ ਵੀ ਸੰਵੇਦਨਸ਼ੀਲ ਬਣ ਜਾਂਦਾ ਹੈ ਜਦੋਂ ਪ੍ਰਭਾਵਿਤ ਸੰਸਥਾਵਾਂ ਸਕੂਲ, ਹਸਪਤਾਲ, ਆਸ਼ਰਮ, ਭਲਾਈ ਸੰਸਥਾਵਾਂ ਜਾਂ ਧਾਰਮਿਕ ਅਸਥਾਨ ਚਲਾ ਰਹੀਆਂ ਹੋਣ। ਬਿੱਲ ਵਿੱਚ ਸਾਫ਼ ਕਿਹਾ ਗਿਆ ਹੈ ਕਿ ਧਾਰਮਿਕ ਅਸਥਾਨਾਂ ਦਾ ਧਾਰਮਿਕ ਸਰੂਪ ਹਰ ਹਾਲਤ ਵਿੱਚ ਬਰਕਰਾਰ ਰੱਖਿਆ ਜਾਣਾ ਚਾਹੀਦਾ ਹੈ। ਸੰਸਦੀ ਸੰਯੁਕਤ ਕਮੇਟੀ (ਜੇ ਪੀ ਸੀ) ਨੂੰ ਇਸ ਗੱਲ ਦੀ ਡੂੰਘੀ ਘੋਖ ਕਰਨੀ ਚਾਹੀਦੀ ਹੈ ਕਿ ਕੀ ਇਹ ਪ੍ਰਸਤਾਵਿਤ ਪ੍ਰਸ਼ਾਸਨਿਕ ਤਾਕਤਾਂ ਸੰਵਿਧਾਨ ਤਹਿਤ ਧਾਰਮਿਕ ਅਤੇ ਘੱਟਗਿਣਤੀ ਸੰਸਥਾਵਾਂ ਨੂੰ ਮਿਲੇ ਖ਼ੁਦਮੁਖ਼ਤਿਆਰੀ ਦੇ ਅਧਿਕਾਰ ਦੀ ਪੂਰੀ ਸੁਰੱਖਿਆ ਕਰਦੀਆਂ ਹਨ ਜਾਂ ਨਹੀਂ। ਸਰਕਾਰ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਕਿਸੇ ਵੀ ਨਿਯਮ ਤਹਿਤ ਲੋਕ ਭਲਾਈ ਦੇ ਕੰਮਾਂ ਵਿੱਚ ਰੁਕਾਵਟ ਨਾ ਆਵੇ।

ਇਸ ਪੈਨਲ ਕੋਲ ਬਿੱਲ ਦੀ ਹਰੇਕ ਧਾਰਾ ਦੀ ਬਾਰੀਕੀ ਨਾਲ ਜਾਂਚ ਕਰਨ, ਕਾਨੂੰਨੀ ਮਾਹਿਰਾਂ, ਸਿਵਿਲ ਸੁਸਾਇਟੀ ਸਮੂਹਾਂ ਅਤੇ ਪ੍ਰਭਾਵਿਤ ਸੰਸਥਾਵਾਂ ਨਾਲ ਸਲਾਹ-ਮਸ਼ਵਰਾ ਕਰਨ ਅਤੇ ਮਨਮਾਨੀ ਕਾਰਵਾਈ ਵਿਰੁੱਧ ਢੁਕਵੇਂ ਬਚਾਅ ਉਪਾਵਾਂ ਦੀ ਸਿਫ਼ਾਰਿਸ਼ ਕਰਨ ਦਾ ਸੁਨਹਿਰੀ ਮੌਕਾ ਹੈ। ਭਾਰਤ ਨੂੰ ਅਜਿਹੇ ਪਾਰਦਰਸ਼ੀ ਰੈਗੂਲੇਸ਼ਨ (ਨਿਯਮਾਵਲੀ) ਦੀ ਲੋੜ ਹੈ, ਜੋ ਸੰਵਿਧਾਨਕ ਆਜ਼ਾਦੀ ਅਤੇ ਜਾਇਜ਼ ਗ਼ੈਰ-ਲਾਭਕਾਰੀ ਸਰਗਰਮੀਆਂ ਨੂੰ ਬਰਕਰਾਰ ਰੱਖਦਿਆਂ ਰਾਸ਼ਟਰੀ ਹਿੱਤਾਂ ਦੀ ਰਾਖੀ ਕਰੇ।

# ਜੇ ਪੰਜਾਬ ਵਿੱਚ ਅੱਜ ਚੋਣਾਂ ਹੋ ਜਾਣ ਤਾਂ ਸਿਆਸੀ ਬਾਜ਼ੀ ਕੌਣ ਮਾਰੇਗਾ?

## ਅਕਾਲੀ ਦਲ-ਭਾਜਪਾ ਗੱਠਜੋੜ ਦੀਆਂ ਚਰਚਾਵਾਂ, ਕਰਤਾਰਪੁਰ ਲਾਂਘਾ, 'ਜੈੱਨ-ਜ਼ੀ' ਦੀ ਨਾਰਾਜ਼ਗੀ ਅਤੇ ਕਾਂਗਰਸ ਦੀ ਅੰਦਰੂਨੀ ਖਿੱਚੋਤਾਣ ਬਣ ਸਕਦੇ ਹਨ ਪੰਜਾਬ ਦੀ ਸਿਆਸਤ ਦੇ ਵੱਡੇ ਫ਼ੈਸਲਾਕੁੰਨ ਮੁੱਦੇ



ਜੇ ਪੰਜਾਬ ਵਿੱਚ ਅੱਜ ਹੀ ਵਿਧਾਨ ਸਭਾ ਚੋਣਾਂ ਕਰਵਾ ਦਿੱਤੀਆਂ ਜਾਣ ਤਾਂ ਕਿਹੜੀ ਸਿਆਸੀ ਧਿਰ ਜਿੱਤ ਹਾਸਲ ਕਰੇਗੀ? ਇਸ ਸਵਾਲ ਦਾ ਜਵਾਬ ਕਿਸੇ ਇੱਕ ਮੁੱਦੇ ਜਾਂ ਇੱਕ ਸਿਆਸੀ ਸਮੀਕਰਨ ਨਾਲ ਨਹੀਂ ਦਿੱਤਾ ਜਾ ਸਕਦਾ। ਪੰਜਾਬ ਦੀ ਮੌਜੂਦਾ ਸਿਆਸਤ ਕਈ ਅਜਿਹੇ ਮੁੱਦਿਆਂ ਦੇ ਤਾਣੇ-ਬਾਣੇ ਨਾਲ ਜੁੜੀ ਹੋਈ ਹੈ, ਜਿਨ੍ਹਾਂ ਵਿੱਚ ਕੇਂਦਰ-ਪੰਜਾਬ ਸਬੰਧ, ਕਿਸਾਨੀ, ਕਰਤਾਰਪੁਰ ਸਾਹਿਬ ਲਾਂਘਾ, ਨੌਜਵਾਨਾਂ ਦੀ ਨਾਰਾਜ਼ਗੀ, ਅਕਾਲੀ ਦਲ-ਭਾਜਪਾ ਸਬੰਧ, ਕਾਂਗਰਸ ਦੀ ਅੰਦਰੂਨੀ ਖਿੱਚੋਤਾਣ ਅਤੇ ਆਮ ਆਦਮੀ ਪਾਰਟੀ ਦੇ ਖ਼ਿਲਾਫ਼ ਬਣ ਰਹੇ ਸੰਭਾਵਿਤ ਸਿਆਸੀ ਮੋਰਚੇ ਸ਼ਾਮਲ ਹਨ।

ਹਾਲ ਹੀ ਵਿੱਚ ਨਵੀਂ ਦਿੱਲੀ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਿਚਕਾਰ ਹੋਈ ਮੁਲਾਕਾਤ ਨੇ ਪੰਜਾਬ ਦੀ ਸਿਆਸਤ ਵਿੱਚ ਨਵੇਂ ਚਰਚਿਆਂ ਨੂੰ ਜਨਮ ਦਿੱਤਾ ਹੈ। ਇਸ ਮੁਲਾਕਾਤ ਨੂੰ ਅਕਾਲੀ ਦਲ ਅਤੇ ਭਾਜਪਾ ਵਿਚਕਾਰ ਮੁੜ ਗੱਠਜੋੜ ਦੀ ਸੰਭਾਵਨਾ ਨਾਲ ਜੋੜ ਕੇ ਦੇਖਿਆ ਜਾ ਰਿਹਾ ਹੈ। ਦੋਵਾਂ ਪਾਰਟੀਆਂ ਨੇ ਪਿਛਲੇ ਸਮੇਂ ਦੌਰਾਨ ਵੱਖ-ਵੱਖ ਰਾਹਾਂ 'ਤੇ ਚੱਲ ਕੇ ਆਪਣਾ ਸਿਆਸੀ ਆਧਾਰ ਮਜ਼ਬੂਤ ਕਰਨ ਦੀ ਕੋਸ਼ਿਸ਼ ਕੀਤੀ, ਪਰ ਪੰਜਾਬ ਵਿੱਚ ਉਨ੍ਹਾਂ ਨੂੰ ਉਮੀਦ ਮੁਤਾਬਕ ਸਫ਼ਲਤਾ ਨਹੀਂ ਮਿਲੀ।

ਇਸ ਸਾਲ ਮਾਰਚ ਵਿੱਚ ਮੋਗਾ ਦੀ ਇੱਕ ਰੈਲੀ ਦੌਰਾਨ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਅਕਾਲੀ ਦਲ ਨੂੰ 'ਛੋਟਾ ਭਾਈ' ਕਹਿ ਕੇ ਦਿੱਤਾ ਗਿਆ ਸਿਆਸੀ ਸੰਦੇਸ਼ ਵੀ ਚਰਚਾ ਵਿੱਚ ਰਿਹਾ ਸੀ। ਇਸ ਤੋਂ ਪਹਿਲਾਂ 2024 ਦੀਆਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਭਾਜਪਾ ਅਤੇ ਅਕਾਲੀ ਦਲ ਵਿਚਕਾਰ ਗੱਠਜੋੜ ਨੂੰ ਲੈ ਕੇ ਗੱਲਬਾਤ ਹੋਈ ਸੀ, ਪਰ ਸੀਟਾਂ ਦੀ ਵੰਡ 'ਤੇ ਸਹਿਮਤੀ ਨਾ ਬਣ ਸਕੀ। ਭਾਜਪਾ ਬਰਾਬਰ ਦੀ ਹਿੱਸੇਦਾਰੀ ਚਾਹੁੰਦੀ ਸੀ, ਜਦਕਿ ਅਕਾਲੀ ਦਲ ਇਸ ਫਾਰਮੂਲੇ ਲਈ ਤਿਆਰ ਨਹੀਂ ਸੀ।

ਹੁਣ ਹਾਲਾਤ ਮੁੜ ਬਦਲਦੇ ਦਿਖਾਈ ਦੇ ਰਹੇ ਹਨ। ਭਾਜਪਾ ਇਹ ਸਮਝਦੀ ਹੈ ਕਿ ਪੰਜਾਬ ਵਿੱਚ ਇਕੱਲੇ ਆਪਣੇ ਦਮ 'ਤੇ ਸੂਬੇ ਦੀਆਂ ਸਾਰੀਆਂ 117 ਵਿਧਾਨ ਸਭਾ ਸੀਟਾਂ ਲਈ ਮਜ਼ਬੂਤ ਉਮੀਦਵਾਰ ਖੜ੍ਹੇ ਕਰਨਾ ਅਜੇ ਵੀ ਵੱਡੀ ਚੁਣੌਤੀ ਹੈ। ਦੂਜੇ ਪਾਸੇ ਅਕਾਲੀ ਦਲ ਲਈ ਵੀ ਪਿਛਲੇ ਕੁਝ ਸਾਲ ਸਿਆਸੀ ਤੌਰ 'ਤੇ ਮੁਸ਼ਕਲਾਂ ਭਰੇ ਰਹੇ ਹਨ। ਅਜਿਹੇ ਵਿੱਚ ਦੋਵਾਂ ਧਿਰਾਂ ਲਈ ਇੱਕ-ਦੂਜੇ ਦੀ ਲੋੜ ਮੁੜ ਮਹਿਸੂਸ ਹੋਣਾ ਸੁਭਾਵਿਕ ਹੈ।

ਪਰ ਸਭ ਤੋਂ ਵੱਡੀ ਰੁਕਾਵਟ 2020 ਦੀਆਂ ਯਾਦਾਂ ਹਨ। ਤਿੰਨ ਖੇਤੀ ਕਾਨੂੰਨਾਂ ਦੇ ਮੁੱਦੇ 'ਤੇ ਅਕਾਲੀ ਦਲ ਨੇ ਐੱਨ.ਡੀ.ਏ. ਤੋਂ ਵੱਖ ਹੋਣ ਦਾ ਫ਼ੈਸਲਾ ਕੀਤਾ ਸੀ। ਇਸ ਤੋਂ ਬਾਅਦ ਪੰਜਾਬ ਦੇ ਕਿਸਾਨਾਂ ਦੀ ਅਗਵਾਈ ਵਿੱਚ ਦਿੱਲੀ ਦੀਆਂ ਸਰਹੱਦਾਂ 'ਤੇ ਲੰਮਾ ਅੰਦੋਲਨ ਚੱਲਿਆ ਅਤੇ ਆਖ਼ਰਕਾਰ ਕੇਂਦਰ ਸਰਕਾਰ ਨੂੰ ਤਿੰਨੋਂ ਖੇਤੀ ਕਾਨੂੰਨ ਵਾਪਸ ਲੈਣੇ ਪਏ। ਇਸ ਘਟਨਾ ਨੇ ਪੰਜਾਬ ਦੇ ਸਿਆਸੀ ਮਨੋਵਿਗਿਆਨ 'ਤੇ ਡੂੰਘਾ ਪ੍ਰਭਾਵ ਛੱਡਿਆ, ਜਿਸ ਨੂੰ ਭਾਜਪਾ ਲਈ ਅਣਡਿੱਠਾ ਕਰਨਾ ਆਸਾਨ ਨਹੀਂ ਹੋਵੇਗਾ।

ਪੰਜਾਬ ਵਿੱਚ ਆਪਣਾ ਆਧਾਰ ਵਧਾਉਣ ਲਈ ਭਾਜਪਾ ਨੇ ਪਿਛਲੇ ਸਮੇਂ ਦੌਰਾਨ ਕਈ ਸਿਆਸੀ ਅਤੇ ਸਮਾਜਿਕ ਪਹਿਲਕਦਮੀਆਂ ਵੀ ਕੀਤੀਆਂ ਹਨ। ਪ੍ਰਧਾਨ ਮੰਤਰੀ ਵੱਲੋਂ ਡੇਰਾ ਸੱਚਖੰਡ ਬੱਲਾਂ ਦਾ ਦੌਰਾ, ਜਲੰਧਰ ਰੇਲਵੇ ਸਟੇਸ਼ਨ ਦਾ ਉਦਘਾਟਨ ਅਤੇ ਪੰਜਾਬ ਭਾਜਪਾ ਦੀ ਅਗਵਾਈ ਵਿੱਚ ਕੀਤੇ ਗਏ ਬਦਲਾਅ ਨੂੰ ਇਸੇ ਰਣਨੀਤੀ ਦਾ ਹਿੱਸਾ ਮੰਨਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਤਰਨਜੀਤ ਸਿੰਘ ਸੰਧੂ ਨੂੰ ਦਿੱਲੀ ਦਾ ਉਪ ਰਾਜਪਾਲ ਬਣਾਇਆ ਜਾਣਾ ਅਤੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੱਲੋਂ ਪੰਜਾਬ ਵਿੱਚ ਕੇਸਰੀ ਪੱਗ ਨਾਲ ਸਿਆਸੀ ਤੇ ਧਾਰਮਿਕ ਸਮਾਗਮਾਂ ਵਿੱਚ ਹਿੱਸਾ ਲੈਣਾ ਵੀ ਪੰਜਾਬ ਨਾਲ ਜੁੜੀ ਭਾਜਪਾ ਦੀ ਰਣਨੀਤੀ ਵੱਲ ਇਸ਼ਾਰਾ ਕਰਦਾ ਹੈ।

ਪਰ ਸਿਰਫ਼ ਇਨ੍ਹਾਂ ਕਦਮਾਂ ਨਾਲ ਪੰਜਾਬ ਦੀ ਸਿਆਸਤ ਵਿੱਚ ਵੱਡੀ ਤਬਦੀਲੀ ਆਉਣਾ ਆਸਾਨ ਨਹੀਂ। ਪੰਜਾਬ ਵਿੱਚ ਭਾਜਪਾ ਲਈ ਸਭ ਤੋਂ ਵੱਡੀ ਚੁਣੌਤੀ ਕਿਸਾਨੀ ਅਤੇ ਕੇਂਦਰ ਸਰਕਾਰ ਪ੍ਰਤੀ ਪੈਦਾ ਹੋਈ ਪੁਰਾਣੀ ਨਾਰਾਜ਼ਗੀ ਹੈ।

ਇਸੇ ਦੌਰਾਨ ਦੇਸ਼ ਵਿੱਚ 'ਜੈੱਨ-ਜ਼ੀ' ਨੌਜਵਾਨਾਂ ਦੇ ਰੋਸ ਪ੍ਰਦਰਸ਼ਨਾਂ ਨੇ ਵੀ ਸਿਆਸੀ ਚਰਚਾ ਦਾ ਰੁਖ ਬਦਲਿਆ ਹੈ। ਨੌਜਵਾਨਾਂ ਵਿੱਚ ਬੇਰੁਜ਼ਗਾਰੀ, ਭਵਿੱਖ ਨੂੰ ਲੈ ਕੇ ਅਸੁਰੱਖਿਆ ਅਤੇ ਪ੍ਰਬੰਧ ਪ੍ਰਤੀ ਨਿਰਾਸ਼ਾ ਵਰਗੇ ਮੁੱਦੇ ਹੁਣ ਸੋਸ਼ਲ ਮੀਡੀਆ ਰਾਹੀਂ ਤੇਜ਼ੀ ਨਾਲ ਫੈਲ ਰਹੇ ਹਨ। ਆਰ.ਐੱਸ.ਐੱਸ. ਮੁਖੀ ਮੋਹਨ ਭਾਗਵਤ ਵੱਲੋਂ ਵੀ 'ਜੈੱਨ-ਜ਼ੀ' ਦੀਆਂ ਮੁਸ਼ਕਲਾਂ ਅਤੇ ਮੰਗਾਂ ਨੂੰ ਅਸਲ ਮੰਨਣਾ ਇਸ ਗੱਲ ਦਾ ਸੰਕੇਤ ਮੰਨਿਆ ਜਾ ਰਿਹਾ ਹੈ ਕਿ ਨੌਜਵਾਨਾਂ ਦੀ ਨਾਰਾਜ਼ਗੀ ਨੂੰ ਹੁਣ ਅਣਡਿੱਠਾ ਕਰਨਾ ਸਿਆਸੀ ਤੌਰ 'ਤੇ ਖ਼ਤਰਨਾਕ ਹੋ ਸਕਦਾ ਹੈ।

ਮੋਹਨ ਭਾਗਵਤ ਵੱਲੋਂ ਭਾਰਤ-ਪਾਕਿਸਤਾਨ ਸਬੰਧਾਂ ਵਿੱਚ ਗੱਲਬਾਤ ਜਾਰੀ ਰੱਖਣ ਦੀ ਗੱਲ ਅਤੇ ਪਾਕਿਸਤਾਨ ਨੂੰ ਦੁਸ਼ਮਣ ਨਾ ਮੰਨਣ ਸਬੰਧੀ ਦਿੱਤਾ ਗਿਆ ਬਿਆਨ ਵੀ ਪੰਜਾਬ ਦੇ ਸੰਦਰਭ ਵਿੱਚ ਮਹੱਤਵਪੂਰਨ ਬਣ ਜਾਂਦਾ ਹੈ। ਇਸ ਦਾ ਸਿੱਧਾ ਸਬੰਧ ਕਰਤਾਰਪੁਰ ਸਾਹਿਬ ਲਾਂਘੇ ਨਾਲ ਜੋੜਿਆ ਜਾ ਰਿਹਾ ਹੈ।

ਕਰਤਾਰਪੁਰ ਸਾਹਿਬ ਲਾਂਘਾ ਪੰਜਾਬੀਆਂ ਲਈ ਸਿਰਫ਼ ਸਰਹੱਦ ਪਾਰ ਜਾਣ ਦਾ ਰਸਤਾ ਨਹੀਂ, ਸਗੋਂ ਧਾਰਮਿਕ ਅਤੇ ਭਾਵਨਾਤਮਕ ਤੌਰ 'ਤੇ ਬਹੁਤ ਮਹੱਤਵਪੂਰਨ ਮਾਮਲਾ ਹੈ। ਕੇਂਦਰ ਸਰਕਾਰ ਵੱਲੋਂ ਸੁਰੱਖਿਆ ਕਾਰਨਾਂ ਦਾ ਹਵਾਲਾ ਦਿੰਦਿਆਂ ਲਾਂਘਾ ਨਾ ਖੋਲ੍ਹਣ ਸਬੰਧੀ ਦਿੱਤਾ ਗਿਆ ਜਵਾਬ ਪੰਜਾਬ ਵਿੱਚ ਸਿਆਸੀ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਦੂਜੇ ਪਾਸੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਵੀ ਲਾਂਘਾ ਮੁੜ ਖੋਲ੍ਹਣ ਦੀ ਵਕਾਲਤ ਕੀਤੀ ਜਾ ਰਹੀ ਹੈ।

ਅਜਿਹੇ ਸਮੇਂ ਜਦੋਂ ਭਾਰਤ ਅਤੇ ਚੀਨ ਵਿਚਕਾਰ ਨਾਥੂ ਲਾ ਅਤੇ ਸ਼ਿਪਕੀ ਲਾ ਰਾਹੀਂ ਸਰਹੱਦੀ ਵਪਾਰ ਮੁੜ ਸ਼ੁਰੂ ਕਰਨ ਦੇ ਕਦਮ ਚੁੱਕੇ ਗਏ ਹਨ, ਪੰਜਾਬ ਵਿੱਚ ਇਹ ਸਵਾਲ ਹੋਰ ਵੀ ਤਿੱਖਾ ਹੋ ਜਾਂਦਾ ਹੈ ਕਿ ਕਰਤਾਰਪੁਰ ਸਾਹਿਬ ਲਾਂਘੇ ਲਈ ਕੀ ਕੋਈ ਵਿਚਕਾਰਲਾ ਅਤੇ ਸਤਿਕਾਰਯੋਗ ਰਸਤਾ ਕੱਢਿਆ ਜਾ ਸਕਦਾ ਹੈ? ਜੇਕਰ ਭਾਰਤ ਅਤੇ ਪਾਕਿਸਤਾਨ ਵਿਚਕਾਰ ਲਾਂਘੇ ਨੂੰ ਲੈ ਕੇ ਕੋਈ ਸਹਿਮਤੀ ਬਣਦੀ ਹੈ ਤਾਂ ਇਸ ਦਾ ਪੰਜਾਬ ਦੀ ਸਿਆਸਤ 'ਤੇ ਵੀ ਅਸਰ ਪੈ ਸਕਦਾ ਹੈ।

ਦੂਜੇ ਪਾਸੇ ਪੰਜਾਬ ਕਾਂਗਰਸ ਦੀ ਅੰਦਰੂਨੀ ਖਿੱਚੋਤਾਣ ਵੀ ਪਾਰਟੀ ਲਈ ਵੱਡੀ ਚੁਣੌਤੀ ਬਣੀ ਹੋਈ ਹੈ। ਰਾਜਾ ਵੜਿੰਗ ਅਤੇ ਚਰਨਜੀਤ ਸਿੰਘ ਚੰਨੀ ਨਾਲ ਜੁੜੇ ਸਿਆਸੀ ਧੜਿਆਂ ਵਿਚਕਾਰ ਮਤਭੇਦਾਂ ਨੇ ਪਾਰਟੀ ਨੂੰ ਕਮਜ਼ੋਰ ਕੀਤਾ ਹੈ। ਕਾਂਗਰਸ ਦੀ ਸੂਬਾਈ ਅਗਵਾਈ ਨੂੰ ਲੈ ਕੇ ਪੈਦਾ ਹੋਏ ਵਿਵਾਦਾਂ ਦਾ ਹੱਲ ਨਾ ਹੋਣਾ ਆਉਣ ਵਾਲੀਆਂ ਚੋਣਾਂ ਵਿੱਚ ਪਾਰਟੀ ਦੀਆਂ ਸੰਭਾਵਨਾਵਾਂ ਨੂੰ ਪ੍ਰਭਾਵਿਤ ਕਰ ਸਕਦਾ ਹੈ।

ਇਸ ਸਥਿਤੀ ਦਾ ਸਿੱਧਾ ਲਾਭ ਭਾਜਪਾ ਜਾਂ ਆਮ ਆਦਮੀ ਪਾਰਟੀ ਨੂੰ ਮਿਲ ਸਕਦਾ ਹੈ। ਜੇਕਰ ਕਾਂਗਰਸ ਆਪਣੇ ਅੰਦਰੂਨੀ ਮਤਭੇਦ ਦੂਰ ਕਰਨ ਵਿੱਚ ਅਸਫ਼ਲ ਰਹਿੰਦੀ ਹੈ ਤਾਂ ਵਿਰੋਧੀ ਵੋਟਾਂ ਦੀ ਵੰਡ ਦਾ ਲਾਭ ਸੱਤਾਧਾਰੀ ਧਿਰ ਜਾਂ ਕਿਸੇ ਨਵੇਂ ਸਿਆਸੀ ਗੱਠਜੋੜ ਨੂੰ ਮਿਲ ਸਕਦਾ ਹੈ।

ਇਸ ਦੇ ਨਾਲ ਹੀ ਪੰਜਾਬ ਵਿੱਚ ਵੱਖ-ਵੱਖ ਅਕਾਲੀ ਧੜਿਆਂ ਦੀ ਸਿਆਸੀ ਭੂਮਿਕਾ ਵੀ ਮਹੱਤਵਪੂਰਨ ਹੋ ਸਕਦੀ ਹੈ। ਸਵਾਲ ਇਹ ਹੈ ਕਿ ਕੀ ਭਾਜਪਾ ਅਕਾਲੀ ਦਲ ਤੋਂ ਵੱਖ ਹੋਏ ਵੱਖ-ਵੱਖ ਧੜਿਆਂ ਲਈ ਇੱਕ ਸਾਂਝਾ ਸਿਆਸੀ ਕੇਂਦਰ ਬਣ ਸਕਦੀ ਹੈ? 'ਵਾਰਿਸ ਪੰਜਾਬ ਦੇ' ਦੀ ਸੰਭਾਵਿਤ ਭੂਮਿਕਾ ਨੂੰ ਲੈ ਕੇ ਵੀ ਸਿਆਸੀ ਚਰਚਾਵਾਂ ਚੱਲ ਰਹੀਆਂ ਹਨ। ਅੰਮ੍ਰਿਤਪਾਲ ਸਿੰਘ ਦੀ ਅਗਵਾਈ ਵਾਲੀ ਇਸ ਧਿਰ ਦੀ ਸਿਆਸੀ ਦਿਸ਼ਾ ਅਤੇ ਭਵਿੱਖੀ ਭੂਮਿਕਾ ਪੰਜਾਬ ਦੀ ਸਿਆਸਤ ਵਿੱਚ ਇੱਕ ਹੋਰ ਮਹੱਤਵਪੂਰਨ ਸਵਾਲ ਬਣੀ ਹੋਈ ਹੈ।

ਮਨਪ੍ਰੀਤ ਸਿੰਘ ਇਆਲੀ ਵਰਗੇ ਆਗੂਆਂ ਦੀ ਸਿਆਸੀ ਸਥਿਤੀ ਵੀ ਇਸ ਬਦਲਦੇ ਸਮੀਕਰਨ ਵਿੱਚ ਧਿਆਨ ਖਿੱਚਦੀ ਹੈ। ਅਕਾਲੀ ਦਲ ਤੋਂ ਵੱਖ ਹੋ ਕੇ 'ਵਾਰਿਸ ਪੰਜਾਬ ਦੇ' ਨਾਲ ਜੁੜਨ ਵਾਲੇ ਆਗੂਆਂ ਦੀ ਮੌਜੂਦਗੀ ਇਹ ਦਰਸਾਉਂਦੀ ਹੈ ਕਿ ਪੰਜਾਬ ਦੀ ਰਵਾਇਤੀ ਸਿਆਸਤ ਤੋਂ ਬਾਹਰ ਵੀ ਨਵੇਂ ਸਿਆਸੀ ਸਮੀਕਰਨ ਬਣ ਰਹੇ ਹਨ।

ਇਸ ਪੂਰੇ ਮਾਮਲੇ ਵਿੱਚ ਸੋਸ਼ਲ ਮੀਡੀਆ ਦੀ ਭੂਮਿਕਾ ਨੂੰ ਵੀ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਅੱਜ ਪੰਜਾਬ ਦਾ ਨੌਜਵਾਨ ਦੁਨੀਆ ਦੇ ਕਿਸੇ ਵੀ ਹਿੱਸੇ ਵਿੱਚ ਰਹਿੰਦੇ ਹੋਏ ਦੇਸ਼ ਅਤੇ ਪੰਜਾਬ ਦੀ ਸਿਆਸਤ ਨਾਲ ਜੁੜਿਆ ਹੋਇਆ ਹੈ। ਕੈਨੇਡਾ ਸਮੇਤ ਵਿਦੇਸ਼ਾਂ ਵਿੱਚ ਰਹਿੰਦੇ ਪੰਜਾਬੀ ਨੌਜਵਾਨ ਵੀ ਸੋਸ਼ਲ ਮੀਡੀਆ ਰਾਹੀਂ ਪੰਜਾਬ ਦੀ ਸਿਆਸੀ ਚਰਚਾ ਨੂੰ ਪ੍ਰਭਾਵਿਤ ਕਰਦੇ ਹਨ। ਇਸ ਲਈ ਆਉਣ ਵਾਲੀਆਂ ਚੋਣਾਂ ਵਿੱਚ ਸਿਰਫ਼ ਰਵਾਇਤੀ ਰੈਲੀਆਂ ਅਤੇ ਘਰ-ਘਰ ਪ੍ਰਚਾਰ ਹੀ ਕਾਫ਼ੀ ਨਹੀਂ ਹੋਵੇਗਾ। ਡਿਜੀਟਲ ਮੰਚਾਂ 'ਤੇ ਨੌਜਵਾਨਾਂ ਨਾਲ ਸਿੱਧਾ ਸੰਵਾਦ ਵੀ ਚੋਣੀ ਰਣਨੀਤੀ ਦਾ ਅਹਿਮ ਹਿੱਸਾ ਬਣੇਗਾ।

ਇਸ ਸਾਰੇ ਸਿਆਸੀ ਦ੍ਰਿਸ਼ ਨੂੰ ਇਕੱਠਾ ਕਰਕੇ ਵੇਖੀਏ ਤਾਂ ਪੰਜਾਬ ਵਿੱਚ ਅੱਜ ਚੋਣਾਂ ਹੋਣ ਦੀ ਸਥਿਤੀ ਕਿਸੇ ਇੱਕ ਪਾਰਟੀ ਲਈ ਆਸਾਨ ਜਿੱਤ ਦਾ ਸੰਕੇਤ ਨਹੀਂ ਦਿੰਦੀ। ਆਮ ਆਦਮੀ ਪਾਰਟੀ ਕੋਲ ਸੱਤਾ ਦਾ ਫਾਇਦਾ ਹੈ, ਕਾਂਗਰਸ ਕੋਲ ਰਵਾਇਤੀ ਵੋਟ ਆਧਾਰ ਹੈ, ਅਕਾਲੀ ਦਲ ਕੋਲ ਪੰਜਾਬ ਦੀ ਲੰਮੀ ਸਿਆਸੀ ਅਤੇ ਧਾਰਮਿਕ ਵਿਰਾਸਤ ਹੈ, ਜਦਕਿ ਭਾਜਪਾ ਕੇਂਦਰ ਦੀ ਤਾਕਤ ਅਤੇ ਨਵੇਂ ਸਮਾਜਿਕ ਵਰਗਾਂ ਵਿੱਚ ਆਪਣਾ ਆਧਾਰ ਵਧਾਉਣ ਦੀ ਕੋਸ਼ਿਸ਼ ਕਰ ਰਹੀ ਹੈ।

ਜੇਕਰ ਅਕਾਲੀ ਦਲ ਅਤੇ ਭਾਜਪਾ ਵਿਚਕਾਰ ਮੁੜ ਗੱਠਜੋੜ ਹੁੰਦਾ ਹੈ ਤਾਂ ਪੰਜਾਬ ਦਾ ਸਿਆਸੀ ਸਮੀਕਰਨ ਵੱਡੇ ਪੱਧਰ 'ਤੇ ਬਦਲ ਸਕਦਾ ਹੈ। ਜੇਕਰ ਕਰਤਾਰਪੁਰ ਸਾਹਿਬ ਲਾਂਘੇ ਵਰਗੇ ਭਾਵਨਾਤਮਕ ਮੁੱਦੇ 'ਤੇ ਕੇਂਦਰ ਵੱਲੋਂ ਕੋਈ ਸਕਾਰਾਤਮਕ ਕਦਮ ਚੁੱਕਿਆ ਜਾਂਦਾ ਹੈ ਤਾਂ ਇਸ ਦਾ ਅਸਰ ਵੀ ਚੋਣੀ ਸਿਆਸਤ 'ਤੇ ਪੈ ਸਕਦਾ ਹੈ। ਦੂਜੇ ਪਾਸੇ ਜੇਕਰ ਕਾਂਗਰਸ ਆਪਣੇ ਅੰਦਰੂਨੀ ਮਤਭੇਦ ਸੁਲਝਾ ਲੈਂਦੀ ਹੈ ਅਤੇ ਆਮ ਆਦਮੀ ਪਾਰਟੀ ਵਿਰੁੱਧ ਮਜ਼ਬੂਤ ਵਿਰੋਧੀ ਮੋਰਚਾ ਖੜ੍ਹਾ ਕਰਦੀ ਹੈ ਤਾਂ ਮੁਕਾਬਲਾ ਹੋਰ ਵੀ ਦਿਲਚਸਪ ਹੋ ਸਕਦਾ ਹੈ।

ਅਖ਼ੀਰ ਵਿੱਚ ਸਵਾਲ ਸਿਰਫ਼ ਇਹ ਨਹੀਂ ਕਿ ਅੱਜ ਚੋਣਾਂ ਹੋਣ ਤਾਂ ਕੌਣ ਜਿੱਤੇਗਾ। ਅਸਲ ਸਵਾਲ ਇਹ ਹੈ ਕਿ ਪੰਜਾਬ ਦੇ ਲੋਕਾਂ ਦੀ ਬਦਲ ਰਹੀ ਸੋਚ ਨੂੰ ਕਿਹੜੀ ਸਿਆਸੀ ਧਿਰ ਸਭ ਤੋਂ ਪਹਿਲਾਂ ਸਮਝਦੀ ਹੈ। ਕਿਸਾਨੀ, ਨੌਜਵਾਨਾਂ ਦਾ ਭਵਿੱਖ, ਰੁਜ਼ਗਾਰ, ਪੰਜਾਬ ਦੇ ਹੱਕ, ਧਾਰਮਿਕ ਭਾਵਨਾਵਾਂ, ਕੇਂਦਰ ਨਾਲ ਸਬੰਧ ਅਤੇ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਨਾਲ ਜੁੜੇ ਮੁੱਦੇ—ਇਹ ਸਾਰੇ ਆਉਣ ਵਾਲੀ ਸਿਆਸਤ ਦੀ ਦਿਸ਼ਾ ਤੈਅ ਕਰਨਗੇ।

ਪੰਜਾਬ ਵਿੱਚ ਅਗਲੀ ਸਿਆਸੀ ਬਾਜ਼ੀ ਉਹੀ ਧਿਰ ਜਿੱਤ ਸਕਦੀ ਹੈ ਜੋ ਸਿਰਫ਼ ਵਿਰੋਧੀ ਨੂੰ ਹਰਾਉਣ ਦੀ ਰਣਨੀਤੀ ਨਾ ਬਣਾਏ, ਸਗੋਂ ਪੰਜਾਬ ਦੇ ਲੋਕਾਂ ਦੇ ਮਨ ਵਿੱਚ ਚੱਲ ਰਹੇ ਬਦਲਾਅ ਨੂੰ ਸਮਝ ਕੇ ਉਸ ਅਨੁਸਾਰ ਆਪਣਾ ਸਿਆਸੀ ਬਿਰਤਾਂਤ ਤਿਆਰ ਕਰੇ।

# ਪੰਜਾਬ ਨੂੰ ਖ਼ੌਫ਼ ਨਹੀਂ, ਸੁਖ-ਚੈਨ ਦੀ ਲੋੜ ਹੈ



ਪੰਜਾਬ ਨੇ ਲੰਮਾ ਸਮਾਂ ਹਿੰਸਾ, ਬੇਯਕੀਨੀ ਅਤੇ ਆਰਥਿਕ ਸੰਕਟ ਦਾ ਸੰਤਾਪ ਹੰਢਾਇਆ ਹੈ ਪਰ ਇਸ ਨੇ ਵਾਰ-ਵਾਰ ਇਹ ਸਾਬਿਤ ਕੀਤਾ ਹੈ ਕਿ ਇਸ ਵਿੱਚ ਮੁੜ ਪੈਰਾਂ ਸਿਰ ਹੋਣ ਦੀ ਅਥਾਹ ਤਾਕਤ ਹੈ। ਮੈਂ ਇਸ ਸੂਬੇ ਨੂੰ ਔਖੇ ਤੋਂ ਔਖੇ ਸਮੇਂ ਅਤੇ ਬੁਲੰਦ ਹੌਸਲੇ ਵਾਲੇ ਪਲਾਂ ਵਿੱਚ ਵੀ ਵੇਖਿਆ ਹੈ। ਮੇਰੇ ਇਸ ਤਜਰਬੇ ਨੇ ਮੈਨੂੰ ਇੱਕੋ ਸਬਕ ਸਿਖਾਇਆ ਹੈ ਕਿ ਪੰਜਾਬ ਦੇ ਲੋਕਾਂ ਨੂੰ ਆਪਸ ਵਿੱਚ ਵੰਡ ਕੇ ਇਸ ਦੀ ਸੁਰੱਖਿਆ ਨਹੀਂ ਕੀਤੀ ਜਾ ਸਕਦੀ ਅਤੇ ਨਾ ਹੀ ਲੋਕਾਂ ਨੂੰ ਡਰ ਤੇ ਨਿਰਾਸ਼ਾ ਦੇ ਹਨੇਰੇ ਵਿੱਚ ਰੱਖ ਕੇ ਸੂਬੇ ਦੀ ਤਰੱਕੀ ਯਕੀਨੀ ਬਣਾਈ ਜਾ ਸਕਦੀ ਹੈ।

ਸਾਲ 2027 ਦੀਆਂ ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸੂਬੇ ਸਾਹਮਣੇ ਅਸਲ ਫ਼ੈਸਲਾਕੁਨ ਚੋਣ ਧਰਮਾਂ, ਜਾਤਾਂ ਜਾਂ ਸਿਆਸੀ ਪਛਾਣਾਂ ਵਿਚਕਾਰ ਨਹੀਂ ਹੈ ਸਗੋਂ ਪਰ੍ਹਾਂ ਧੱਕੇ ਜਾਣ ਤੇ ਸਹੀ ਸੇਧ, ਟਕਰਾਅ ਤੇ ਆਤਮ-ਵਿਸ਼ਵਾਸ ਅਤੇ ਨਿਘਾਰ 'ਚੋਂ ਨਿਕਲਣ ਦੀ ਕੋਸ਼ਿਸ਼ ਤੇ ਇੱਕ ਨਵੇਂ ਭਵਿੱਖ ਦੀ ਉਸਾਰੀ ਵਿਚਕਾਰ ਹੈ। ਪੰਜਾਬ ਸਿੱਖ ਬਹੁਗਿਣਤੀ ਵਾਲਾ ਸਰਹੱਦੀ ਸੂਬਾ ਹੈ, ਜਿਸ ਦਾ ਸਾਂਝੀਵਾਲਤਾ ਵਾਲਾ ਅਮੀਰ ਵਿਰਸਾ ਹੈ। ਇੱਥੋਂ ਦੇ ਹਿੰਦੂ, ਸਿੱਖ, ਮੁਸਲਮਾਨ, ਇਸਾਈ ਅਤੇ ਦਲਿਤ ਭਾਈਚਾਰੇ ਹਮੇਸ਼ਾ ਰਲ-ਮਿਲ ਕੇ ਰਹੇ ਹਨ, ਇਕੱਠਿਆਂ ਮੁਸ਼ਕਿਲਾਂ ਦਾ ਮੁਕਾਬਲਾ ਕੀਤਾ ਹੈ ਅਤੇ ਸੁਖ-ਦੁਖ ਸਾਂਝੇ ਕੀਤੇ ਹਨ। ਪੁਰਾਣੇ ਜ਼ਖ਼ਮਾਂ ਨੂੰ ਮੁੜ ਉਚੇੜਨਾ ਜਾਂ ਪੰਜਾਬ ਵਿੱਚ ਨਫ਼ਰਤ ਤੇ ਵੰਡ ਦੀ ਰਾਜਨੀਤੀ ਨੂੰ ਵਾੜਨਾ ਗ਼ੈਰ-ਜ਼ਿੰਮੇਵਾਰਾਨਾ ਅਤੇ ਖ਼ਤਰਨਾਕ ਚਾਲ ਹੋਵੇਗੀ। ਇਸ ਭੂ-ਸਿਆਸੀ ਤੌਰ 'ਤੇ ਸੰਵੇਦਨਸ਼ੀਲ ਸੂਬੇ ਵਿੱਚ ਆਪਸੀ ਬੇਭਰੋਸਗੀ ਪਲ ਵਿੱਚ ਹੀ ਦੇਸ਼ ਦੀ ਸੁਰੱਖਿਆ ਲਈ ਖ਼ਤਰਾ ਬਣ ਜਾਂਦੀ ਹੈ।

ਸੁਰੱਖਿਆ ਨੂੰ ਦਰਪੇਸ਼ ਚੁਣੌਤੀਆਂ ਦਾ ਸਰੂਪ ਹੁਣ ਪੂਰੀ ਤਰ੍ਹਾਂ ਬਦਲ ਚੁੱਕਿਆ ਹੈ। ਪੰਜਾਬ ਹੁਣ ਸਿਰਫ਼ ਪੁਰਾਣੇ ਕਿਸਮ ਦੇ ਖਾੜਕੂਵਾਦ ਨਾਲ ਨਹੀਂ ਲੜ ਰਿਹਾ ਸਗੋਂ ਸਰਹੱਦ ਪਾਰੋਂ ਆਉਂਦੇ ਡਰੋਨਾਂ ਰਾਹੀਂ ਨਸ਼ੀਲੇ ਪਦਾਰਥ, ਹਥਿਆਰ, ਅਪਰਾਧਕ ਗੈਂਗ, ਫਿਰੌਤੀਆਂ, ਜੇਲ੍ਹਾਂ ਅੰਦਰੋਂ ਚੱਲਦੇ ਨੈੱਟਵਰਕ ਅਤੇ ਵਿਦੇਸ਼ਾਂ ਵਿੱਚ ਬੈਠੇ ਹੈਂਡਲਰ ਹੁਣ ਇੱਕੋ ਅਪਰਾਧੀ ਤਾਣੇ-ਬਾਣੇ ਦੇ ਵੱਖ-ਵੱਖ ਹਿੱਸੇ ਬਣ ਕੇ ਕੰਮ ਕਰ ਰਹੇ ਹਨ। ਸਾਲ 2024 ਦੇ ਸਰਕਾਰੀ ਅੰਕੜੇ ਦੱਸਦੇ ਹਨ ਕਿ ਪੰਜਾਬ ਨਾਲ ਲੱਗਦੀ ਕੌਮਾਂਤਰੀ ਸਰਹੱਦ 'ਤੇ ਸੈਂਕੜੇ ਡਰੋਨ ਫੜੇ ਗਏ ਅਤੇ ਸੂਬੇ ਵਿੱਚ 1,150 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਜ਼ਬਤ ਕੀਤੀ ਗਈ। ਇਹ ਕੋਈ ਵਿਰਲਾ-ਟਾਵਾਂ ਮਾਮਲਾ ਨਹੀਂ ਹੈ ਸਗੋਂ ਪੰਜਾਬ ਦੀ ਜਵਾਨੀ, ਅਰਥਚਾਰੇ ਅਤੇ ਲੋਕਾਂ ਦੇ ਆਤਮ-ਵਿਸ਼ਵਾਸ ਉੱਤੇ ਇੱਕ ਯੋਜਨਾਬੱਧ ਹਮਲਾ ਹੈ। ਇਸ ਲਈ ਇਸ ਦਾ ਜਵਾਬ ਵੀ ਪੂਰੀ ਤਰ੍ਹਾਂ ਸੰਗਠਿਤ ਹੋਣਾ ਚਾਹੀਦਾ ਹੈ। ਪੰਜਾਬ ਨੂੰ ਕੇਂਦਰ ਅਤੇ ਸੂਬਾ ਸਰਕਾਰ ਦਾ ਸਾਂਝਾ ਸੁਰੱਖਿਆ ਅਤੇ ਨਸ਼ਾ-ਵਿਰੋਧੀ ਗਰਿੱਡ ਬਣਾਉਣ ਦੀ ਲੋੜ ਹੈ, ਜਿਸ ਵਿੱਚ ਗ੍ਰਹਿ ਮੰਤਰਾਲਾ, ਬੀ ਐੱਸ ਐੱਫ, ਐੱਨ ਆਈ ਏ, ਐੱਨ ਸੀ ਬੀ, ਖ਼ੁਫ਼ੀਆ ਏਜੰਸੀਆਂ ਅਤੇ ਪੰਜਾਬ ਪੁਲੀਸ ਸਭ ਰਲ ਕੇ ਕੰਮ ਕਰਨ। ਖ਼ੁਫ਼ੀਆ ਜਾਣਕਾਰੀ ਪਲ-ਪਲ ਦੀ ਅਪਡੇਟ ਵਾਲੀ (ਰੀਅਲ ਟਾਈਮ) ਹੋਣੀ ਚਾਹੀਦੀ ਹੈ। ਡਰੋਨ ਵਿਰੋਧੀ ਤਕਨੀਕ, ਆਧੁਨਿਕ ਫੋਰੈਂਸਿਕ ਜਾਂਚ, ਵਿੱਤੀ ਜਾਂਚ, ਗਵਾਹਾਂ ਦੀ ਸੁਰੱਖਿਆ ਅਤੇ ਤੇਜ਼ੀ ਨਾਲ ਹੋਣ ਵਾਲੀ ਅਦਾਲਤੀ ਕਾਰਵਾਈ ਨੂੰ ਇੱਕੋ ਤਾਣੇ-ਪੇਟੇ ਵਿੱਚ ਪਰੋਇਆ ਜਾਣਾ ਚਾਹੀਦਾ ਹੈ। ਇਸ ਦੇ ਨਾਲ ਹੀ ਜਿਹੜੇ ਨੌਜਵਾਨ ਪਹਿਲੀ ਵਾਰ ਗ਼ਲਤੀ ਨਾਲ ਇਸ ਰਾਹ ਪਏ ਹਨ ਅਤੇ ਜਿਨ੍ਹਾਂ ਨੇ ਕੋਈ ਵੱਡਾ ਅਪਰਾਧ ਨਹੀਂ ਕੀਤਾ, ਉਨ੍ਹਾਂ ਨੂੰ ਮੁੜ-ਵਸੇਬੇ ਰਾਹੀਂ ਮੁੱਖ ਧਾਰਾ ਵਿੱਚ ਲਿਆਉਣ ਦਾ ਕਾਨੂੰਨੀ ਰਸਤਾ ਦੇਣਾ ਚਾਹੀਦਾ ਹੈ। ਸਖ਼ਤੀ ਅਤੇ ਇਨਸਾਫ਼ ਦਾ ਇਹ ਸੁਮੇਲ ਨਾਲ-ਨਾਲ ਚੱਲਣਾ ਚਾਹੀਦਾ ਹੈ।

ਸਿਰਫ਼ ਪੁਲੀਸ ਦੇ ਜ਼ੋਰ ਨਾਲ ਸਥਾਈ ਸ਼ਾਂਤੀ ਬਹਾਲ ਨਹੀਂ ਕੀਤੀ ਜਾ ਸਕਦੀ। ਕੱਟੜਤਾ, ਗੈਂਗਸਟਰਵਾਦ ਅਤੇ ਨਸ਼ੇ ਦੀ ਲਤ ਨੂੰ ਬੇਰੁਜ਼ਗਾਰੀ, ਨਿਰਾਸ਼ਾ ਅਤੇ ਟੁੱਟ ਚੁੱਕੇ ਭਰੋਸੇ ਤੋਂ ਤਾਕਤ ਮਿਲਦੀ ਹੈ। ਪੰਜਾਬ ਦੇ ਨੌਜਵਾਨ ਦੇਸ਼ ਭਰ ਵਿੱਚੋਂ ਸਭ ਤੋਂ ਵੱਧ ਮਿਹਨਤੀ ਅਤੇ ਉੱਦਮੀ ਹਨ, ਫਿਰ ਵੀ ਬਹੁਤ ਸਾਰੇ ਨੌਜਵਾਨਾਂ ਦਾ ਇਹੋ ਮੰਨਣਾ ਹੈ ਕਿ ਉਨ੍ਹਾਂ ਦਾ ਭਵਿੱਖ ਸੂਬੇ ਤੋਂ ਬਾਹਰ ਹੀ ਬਣ ਸਕਦਾ ਹੈ। ਇਸ ਲਈ ਪਾਰਦਰਸ਼ੀ ਭਰਤੀ, ਭਰੋਸੇਯੋਗ ਅਪ੍ਰੈਂਟਿਸਸ਼ਿਪ, ਆਧੁਨਿਕ ਹੁਨਰ, ਜ਼ਿਲ੍ਹਾ ਪੱਧਰੀ ਉੱਦਮ ਕੇਂਦਰਾਂ ਅਤੇ ਬਾਹਰੋਂ ਪਰਤਣ ਵਾਲੇ ਪਰਵਾਸੀਆਂ ਦੀ ਮਦਦ ਨੂੰ ਸੁਰੱਖਿਆ ਰਣਨੀਤੀ ਦਾ ਹੀ ਅਨਿੱਖੜ ਅੰਗ ਮੰਨਿਆ ਜਾਣਾ ਚਾਹੀਦਾ ਹੈ। ਨਿਰਾਸ਼ਾ ਦਾ ਸਭ ਤੋਂ ਵੱਡਾ ਜਵਾਬ ਰੁਜ਼ਗਾਰ ਹੈ। ਇਸ ਯਤਨ ਵਿੱਚ ਗ਼ਰੀਬਾਂ ਅਤੇ ਲੋੜਵੰਦਾਂ, ਖ਼ਾਸ ਕਰਕੇ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਨਾਲ ਸਬੰਧਿਤ ਲੋਕਾਂ ਨੂੰ ਵੱਧ ਤਵੱਜੋ ਮਿਲਣੀ ਚਾਹੀਦੀ ਹੈ। ਔਰਤਾਂ ਨੂੰ ਤਰੱਕੀ ਵਿੱਚ ਬਰਾਬਰ ਦੀਆਂ ਭਾਈਵਾਲ ਬਣਾਇਆ ਜਾਵੇ ਅਤੇ ਰਾਜਨੀਤੀ ਤੇ ਪ੍ਰਸ਼ਾਸਨ ਵਿੱਚ ਉਨ੍ਹਾਂ ਦੀ ਸਰਗਰਮ ਹਿੱਸੇਦਾਰੀ ਯਕੀਨੀ ਬਣਾਈ ਜਾਵੇ।

ਪੰਜਾਬ ਦਾ ਆਰਥਿਕ ਸੰਕਟ ਵੀ ਓਨਾ ਹੀ ਗੰਭੀਰ ਹੈ। ਸਿਰ ਚੜ੍ਹਿਆ ਕਰਜ਼ਾ ਅਤੇ ਲਗਾਤਾਰ ਪੈ ਰਿਹਾ ਘਾਟਾ ਸਕੂਲਾਂ, ਹਸਪਤਾਲਾਂ, ਸਿੰਜਾਈ, ਪੁਲੀਸ ਅਤੇ ਬੁਨਿਆਦੀ ਢਾਂਚੇ ਵਿੱਚ ਸੂਬੇ ਦੀ ਨਿਵੇਸ਼ ਕਰਨ ਦੀ ਸਮਰੱਥਾ ਨੂੰ ਘਟਾ ਰਿਹਾ ਹੈ। ਪੰਜਾਬ ਨੂੰ ਕਿਸੇ ਆਰਜ਼ੀ ਗ੍ਰਾਂਟ ਦੀ ਨਹੀਂ ਸਗੋਂ 10 ਸਾਲਾ ਆਰਥਿਕ ਮੁੜ-ਉਸਾਰੀ ਢਾਂਚੇ ਦੀ ਲੋੜ ਹੈ। ਮਹਿੰਗੇ ਵਿਆਜ ਵਾਲੇ ਕਰਜ਼ੇ ਦੀ ਰੂਪ-ਰੇਖਾ ਮੁੜ ਤਿਆਰ ਕੀਤੀ ਜਾਵੇ, ਪੁਰਾਣੀਆਂ ਜਾਇਜ਼ ਦੇਣਦਾਰੀਆਂ ਦੀ ਪੜਤਾਲ ਹੋਵੇ ਅਤੇ ਕੇਂਦਰੀ ਮਾਲੀ ਮਦਦ ਨੂੰ ਮਾਲੀਏ ਵਿੱਚ ਸੁਧਾਰ, ਸਬਸਿਡੀਆਂ ਦੀ ਬਿਹਤਰ ਯੋਜਨਾਬੰਦੀ, ਬਿਜਲੀ ਖੇਤਰ ਦੀ ਕਾਰਜਕੁਸ਼ਲਤਾ ਅਤੇ ਉਤਪਾਦਕ ਪੂੰਜੀ ਨਿਵੇਸ਼ ਨਾਲ ਜੋੜਿਆ ਜਾਵੇ। ਇਸ ਸਭ ਦਾ ਮੁੱਖ ਟੀਚਾ ਪੰਜਾਬ ਦੀ ਸ਼ਾਸਨ ਚਲਾਉਣ ਅਤੇ ਵਿਕਾਸ ਕਰਨ ਦੀ ਸਮਰੱਥਾ ਨੂੰ ਬਹਾਲ ਕਰਨਾ ਹੋਣਾ ਚਾਹੀਦਾ ਹੈ।

ਖੇਤੀਬਾੜੀ ਅੱਜ ਵੀ ਪੰਜਾਬ ਦੀ ਰੀੜ੍ਹ ਦੀ ਹੱਡੀ ਹੈ ਪਰ ਖੇਤੀ ਦੇ ਮੌਜੂਦਾ ਮਾਡਲ ਨੇ ਕਿਸਾਨਾਂ ਅਤੇ ਕੁਦਰਤੀ ਸਾਧਨਾਂ ਦੋਵਾਂ ਨੂੰ ਨਿਚੋੜ ਕੇ ਰੱਖ ਦਿੱਤਾ ਹੈ। ਕਣਕ-ਝੋਨੇ ਦੇ ਫ਼ਸਲੀ ਚੱਕਰ ਨੇ ਦੇਸ਼ ਦੀ ਬਹੁਤ ਸੇਵਾ ਕੀਤੀ ਹੈ ਪਰ ਕਿਸਾਨਾਂ ਨੂੰ ਸਿਰਫ਼ ਅਪੀਲਾਂ ਕਰਕੇ ਫ਼ਸਲੀ ਵਿਭਿੰਨਤਾ ਵੱਲ ਨਹੀਂ ਮੋੜਿਆ ਜਾ ਸਕਦਾ। ਇਸ ਬਾਰੇ ਕਿਸਾਨਾਂ ਦਾ ਫ਼ੈਸਲਾ ਭਾਅ, ਮੰਡੀਕਰਨ, ਜੋਖ਼ਮ ਅਤੇ ਬਾਜ਼ਾਰਾਂ ਉੱਤੇ ਨਿਰਭਰ ਕਰਦਾ ਹੈ। ਜਿਸ ਹਿਸਾਬ ਨਾਲ ਧਰਤੀ ਹੇਠਲਾ ਪਾਣੀ ਕੁਦਰਤੀ ਤੌਰ 'ਤੇ ਪੂਰਾ ਹੋਣ (ਰੀਚਾਰਜ ਹੋਣ) ਨਾਲੋਂ ਕਿਤੇ ਵੱਧ ਕੱਢਿਆ ਜਾ ਰਿਹਾ ਹੈ, ਮੌਜੂਦਾ ਰਾਹ 'ਤੇ ਲੰਮੇ ਸਮੇਂ ਤੱਕ ਨਹੀਂ ਤੁਰਿਆ ਜਾ ਸਕਦਾ। ਇਸ ਲਈ ਕੇਂਦਰ ਸਰਕਾਰ ਦੀ ਮਦਦ ਨਾਲ ਖੇਤੀ, ਪਾਣੀ ਅਤੇ ਬਿਜਲੀ ਨਾਲ ਜੁੜਿਆ ਇੱਕ ਵਿਸ਼ੇਸ਼ ਤਬਦੀਲੀ ਫੰਡ ਬਣਾਉਣਾ ਬਹੁਤ ਜ਼ਰੂਰੀ ਹੈ। ਕਣਕ ਅਤੇ ਝੋਨੇ ਦੀ ਐੱਮ ਐੱਸ ਪੀ (ਘੱਟੋ-ਘੱਟ ਸਮਰਥਨ ਮੁੱਲ) ਉੱਤੇ ਸਰਕਾਰੀ ਖ਼ਰੀਦ ਨੂੰ ਸੋਚੀ-ਸਮਝੀ ਰਣਨੀਤੀ ਤਹਿਤ ਜਾਰੀ ਰੱਖਿਆ ਜਾਵੇ। ਮੱਕੀ, ਕਪਾਹ, ਦਾਲਾਂ ਅਤੇ ਤੇਲ ਵਾਲੇ ਬੀਜਾਂ ਲਈ ਯਕੀਨੀ ਖ਼ਰੀਦ ਜਾਂ ਕੀਮਤ ਦੇ ਘਾਟੇ ਨੂੰ ਪੂਰਾ ਕਰਨ ਲਈ ਇੱਕ ਢੁਕਵਾਂ ਸਿਸਟਮ ਹੋਣਾ ਚਾਹੀਦਾ ਹੈ। ਪਹਿਲੇ ਪੜਾਅ ਵਿੱਚ ਉਨ੍ਹਾਂ ਇਲਾਕਿਆਂ ਉੱਤੇ ਜ਼ੋਰ ਦਿੱਤਾ ਜਾਵੇ ਜਿੱਥੇ ਕਪਾਹ ਦੀ ਖੇਤੀ ਹੁੰਦੀ ਹੈ ਅਤੇ ਜਿਨ੍ਹਾਂ ਜ਼ਿਲ੍ਹਿਆਂ ਵਿੱਚ ਝੋਨੇ ਦੀ ਪੈਦਾਵਾਰ ਘੱਟ ਹੈ। ਫ਼ਸਲੀ ਵਿਭਿੰਨਤਾ ਅਪਣਾਉਣ ਵਾਲੇ ਕਿਸਾਨਾਂ ਦੀ ਆਮਦਨ ਨੂੰ ਘਟਣੋਂ ਬਚਾਇਆ ਜਾਵੇ ਅਤੇ ਇਸ ਦੇ ਨਾਲ ਹੀ ਫੂਡ ਪ੍ਰੋਸੈਸਿੰਗ, ਭੰਡਾਰਨ, ਕੋਲਡ ਚੇਨ ਅਤੇ ਕਿਸਾਨ ਉਤਪਾਦਕ ਸੰਗਠਨਾਂ ਦਾ ਦਾਇਰਾ ਵਿਸ਼ਾਲ ਕੀਤਾ ਜਾਵੇ।

ਖੇਤੀ ਵਾਲੇ ਟਿਊਬਵੈੱਲਾਂ ਨੂੰ ਸੂਰਜੀ ਊਰਜਾ ਨਾਲ ਜੋੜਨਾ ਇੱਕ ਵੱਡਾ ਬਦਲਾਅ ਲਿਆ ਸਕਦਾ ਹੈ, ਬਸ਼ਰਤੇ ਇਸ ਦੀ ਯੋਜਨਾ ਬਹੁਤ ਸਮਝਦਾਰੀ ਨਾਲ ਬਣਾਈ ਜਾਵੇ। ਇਕੱਲੇ ਸੋਲਰ ਪੰਪ ਲਗਾਉਣ ਨਾਲ ਧਰਤੀ ਹੇਠਲਾ ਪਾਣੀ ਹੋਰ ਵੱਧ ਕੱਢਣ ਦਾ ਖ਼ਤਰਾ ਪੈਦਾ ਹੋ ਸਕਦਾ ਹੈ। ਇਸ ਲਈ ਮੀਟਰ ਲੱਗੇ ਫੀਡਰਾਂ ਵਾਲੇ ਗਰਿੱਡ ਨਾਲ ਜੁੜੇ ਸਿਸਟਮ ਬਣਾ ਕੇ ਅਤੇ ਕਿਸਾਨਾਂ ਤੋਂ ਵਾਧੂ ਪੈਦਾ ਹੋਈ ਬਿਜਲੀ ਖ਼ਰੀਦ ਕੇ ਉਨ੍ਹਾਂ ਨੂੰ ਪਾਣੀ ਅਤੇ ਬਿਜਲੀ ਬਚਾਉਣ ਲਈ ਉਤਸ਼ਾਹਿਤ ਕੀਤਾ ਜਾ ਸਕਦਾ ਹੈ। ਸੁਧਾਰ ਕਦੇ ਵੀ ਜ਼ਬਰਦਸਤੀ ਨਹੀਂ ਥੋਪੇ ਜਾ ਸਕਦੇ; ਇਹ ਭਰੋਸੇ ਅਤੇ ਬਣਦੇ ਮੁਆਵਜ਼ੇ ਦੇ ਆਧਾਰ ਉੱਤੇ ਹੀ ਹੋਣੇ ਚਾਹੀਦੇ ਹਨ।

ਪੰਜਾਬ ਦੇ ਪੁਰਾਣੇ ਜਲ ਵਿਵਾਦਾਂ ਨੂੰ ਹੱਲ ਕਰਨ ਲਈ ਵੀ ਸਿਆਸੀ ਸੂਝ-ਬੂਝ ਦੀ ਲੋੜ ਹੈ। ਐੱਸ ਵਾਈ ਐੱਲ ਦੇ ਮਸਲੇ ਨੂੰ ਹਰ ਵਾਰ ਚੋਣਾਂ ਵੇਲੇ ਲੋਕਾਂ ਨੂੰ ਭੜਕਾਉਣ ਦਾ ਹਥਿਆਰ ਨਹੀਂ ਬਣਨ ਦਿੱਤਾ ਜਾਣਾ ਚਾਹੀਦਾ। ਇਸ ਦਾ ਹੱਲ ਪਾਣੀ ਦੇ ਪੱਧਰ ਸਬੰਧੀ ਨਵੇਂ ਅੰਕੜਿਆਂ, ਸੰਵਿਧਾਨਕ ਅਸੂਲਾਂ, ਅਦਾਲਤੀ ਹਕੀਕਤਾਂ ਅਤੇ ਆਪਸੀ ਗੱਲਬਾਤ ਰਾਹੀਂ ਕੀਤਾ ਜਾਣਾ ਚਾਹੀਦਾ ਹੈ। ਪੰਜਾਬ ਦੇ ਇਸ ਪੱਖ ਕਿ ਉਸ ਕੋਲ ਦੇਣ ਲਈ ਵਾਧੂ ਪਾਣੀ ਨਹੀਂ ਹੈ, ਨੂੰ ਪੂਰੀ ਅਤੇ ਨਿਆਂਪੂਰਨ ਤਵੱਜੋ ਮਿਲਣੀ ਚਾਹੀਦੀ ਹੈ। ਇਸ ਦੇ ਨਾਲ ਹੀ ਗੁਆਂਢੀ ਸੂਬਿਆਂ ਕੋਲ ਮੌਜੂਦ ਤਕਨੀਕੀ ਤੌਰ 'ਤੇ ਅਮਲੀ ਬਦਲਾਂ ਨੂੰ ਵੀ ਧਿਆਨ ਵਿੱਚ ਰੱਖਿਆ ਜਾਣਾ ਚਾਹੀਦਾ ਹੈ।

ਸਰਹੱਦੀ ਜ਼ਿਲ੍ਹਿਆਂ ਨੂੰ ਇੱਕ ਨਵੇਂ ਆਰਥਿਕ ਪੈਕੇਜ ਦੀ ਲੋੜ ਹੈ ਕਿਉਂਕਿ ਅੰਮ੍ਰਿਤਸਰ, ਤਰਨ ਤਾਰਨ, ਗੁਰਦਾਸਪੁਰ, ਪਠਾਨਕੋਟ, ਫ਼ਿਰੋਜ਼ਪੁਰ ਅਤੇ ਫ਼ਾਜ਼ਿਲਕਾ ਦੇ ਲੋਕਾਂ ਨੂੰ ਦੇਸ਼ ਦੀ ਸੁਰੱਖਿਆ ਲਈ ਕਈ ਪੱਖਾਂ ਤੋਂ ਕੀਮਤ ਤਾਰਨੀ ਪੈ ਰਹੀ ਹੈ, ਪਰ ਉਸ ਦੇ ਮੁਕਾਬਲੇ ਉਨ੍ਹਾਂ ਨੂੰ ਕੋਈ ਆਰਥਿਕ ਲਾਭ ਨਹੀਂ ਮਿਲਿਆ। ਸਰਹੱਦੀ ਖੇਤਰਾਂ ਵਿੱਚ ਉਦਯੋਗਿਕ ਜ਼ੋਨ ਬਣਾ ਕੇ, ਪੂੰਜੀਗਤ ਸਹਾਇਤਾ, ਕਲੱਸਟਰ ਅਤੇ ਕਰਜ਼ੇ ਦੀ ਗਾਰੰਟੀ, ਮਾਲ ਭਾੜੇ ਵਿੱਚ ਮਦਦ ਅਤੇ ਅਪ੍ਰੈਂਟਿਸਸ਼ਿਪ ਦੇ ਕੇ ਇਸ ਰਣਨੀਤਕ ਕਮਜ਼ੋਰੀ ਨੂੰ ਆਰਥਿਕ ਤਾਕਤ ਵਿੱਚ ਬਦਲਿਆ ਜਾ ਸਕਦਾ ਹੈ। ਪੰਜਾਬ ਦੇ ਦਰਿਆਵਾਂ, ਵਿਰਸੇ ਅਤੇ ਪਰਵਾਸੀ ਪੰਜਾਬੀਆਂ ਨੂੰ ਵੀ ਸੂਬੇ ਦੀ ਸੁਰਜੀਤੀ ਦਾ ਜ਼ਰੀਆ ਬਣਾਉਣਾ ਪਵੇਗਾ। ਇੱਕ ਦਰਿਆਈ ਬੇਸਿਨ ਅਥਾਰਿਟੀ ਹੜ੍ਹਾਂ ਤੋਂ ਬਚਾਅ, ਜਲਗਾਹਾਂ ਦੀ ਸੰਭਾਲ, ਧਰਤੀ ਹੇਠਲੇ ਪਾਣੀ ਨੂੰ ਰੀਚਾਰਜ ਕਰਨ ਅਤੇ ਦਰਿਆਵਾਂ ਨਾਲ ਜੁੜੇ ਰੁਜ਼ਗਾਰ ਦੇ ਸਾਧਨਾਂ ਨੂੰ ਆਪਸ ਵਿੱਚ ਜੋੜ ਸਕਦੀ ਹੈ। ਸਿੱਖੀ ਵਿਰਾਸਤ, ਮਾਲੇਰਕੋਟਲੇ ਦੀ ਨੈਤਿਕ ਦਲੇਰੀ ਦੇ ਸੁਨੇਹੇ; ਹਿੰਦੂ, ਮੁਸਲਮਾਨ, ਇਸਾਈ ਅਤੇ ਦਲਿਤ ਰੂਹਾਨੀ ਸਿਲਸਿਲਿਆਂ; ਕਰਤਾਰਪੁਰ ਸਾਹਿਬ ਅਤੇ ਪਰਵਾਸੀ ਪੰਜਾਬੀਆਂ ਨੂੰ ਸੱਭਿਆਚਾਰਕ ਮਾਣ, ਸੈਰ-ਸਪਾਟੇ ਤੇ ਨਿਵੇਸ਼ ਦੀ ਇੱਕ ਸਾਂਝੀ ਤੰਦ 'ਚ ਪਰੋਇਆ ਜਾਣਾ ਚਾਹੀਦਾ ਹੈ। ਪੰਜਾਬ ਦਾ ਇਤਿਹਾਸ ਇੱਥੋਂ ਦੇ ਵਾਸੀਆਂ ਨੂੰ ਜੋੜਨ ਵਾਲਾ ਹੋਣਾ ਚਾਹੀਦਾ ਹੈ ਨਾ ਕਿ ਇਸ ਨੂੰ ਮੌਕਾਪ੍ਰਸਤੀ ਤਹਿਤ ਲੋਕਾਂ ਵਿੱਚ ਵੰਡੀਆਂ ਪਾਉਣ ਲਈ ਵਰਤਿਆ ਜਾਵੇ।

ਸਿਆਸਤ ਨੂੰ ਵੀ ਬਦਲਣਾ ਪਵੇਗਾ। ਇਹ ਹੋਰ ਵਧੇਰੇ ਉਦਾਰਵਾਦੀ ਅਤੇ ਲੋਕਾਂ ਦੀ ਸ਼ਮੂਲੀਅਤ ਵਾਲੀ ਹੋਣੀ ਚਾਹੀਦੀ ਹੈ, ਜਿਸ ਵਿੱਚ ਦੂਰ ਬੈਠ ਕੇ ਕੰਟਰੋਲ ਜਾਂ ਨਿਗਰਾਨੀ ਕਰਨ ਦੀ ਕੋਈ ਗੁੰਜਾਇਸ਼ ਨਾ ਹੋਵੇ। ਹਰ ਚੋਣ ਵਾਅਦੇ ਦੇ ਨਾਲ ਉਸ ਦੀ ਲਾਗਤ, ਲਾਗੂ ਕਰਨ ਵਾਲੀ ਏਜੰਸੀ, ਫੰਡਾਂ ਦੇ ਸਰੋਤ ਅਤੇ ਤੈਅ ਸਮਾਂ-ਸੀਮਾ ਦਾ ਖੁਲਾਸਾ ਕੀਤਾ ਜਾਣਾ ਚਾਹੀਦਾ ਹੈ। ਇਹ ਸਭ ਕੁਝ ਚੋਣਾਂ ਤੋਂ ਬਾਅਦ ਭੁਲਾ ਦਿੱਤੇ ਜਾਣ ਵਾਲੇ ਵਾਅਦੇ ਨਹੀਂ ਸਗੋਂ ਇੱਕ ਜਨਤਕ ਇਕਰਾਰਨਾਮਾ ਬਣਨੇ ਚਾਹੀਦੇ ਹਨ।

ਭਾਜਪਾ ਲਈ ਪੰਜਾਬ ਵਿੱਚ ਇਹ ਵੱਖਰੀ ਸਿਆਸਤ ਅਪਣਾਉਣ ਦਾ ਮੌਕਾ ਹੈ, ਜੋ ਧਰਮਾਂ ਦੇ ਆਧਾਰ ਉੱਤੇ ਧਰੁਵੀਕਰਨ ਦੀ ਬਜਾਏ ਸੇਵਾ, ਮੇਲ-ਮਿਲਾਪ, ਫੈਡਰਲ ਨਿਆਂ ਅਤੇ ਭਰੋਸੇਯੋਗ ਕਾਰਗੁਜ਼ਾਰੀ ਉੱਤੇ ਆਧਾਰਿਤ ਹੋਵੇ। ਭਾਜਪਾ ਪੰਜਾਬ ਦਾ ਭਰੋਸਾ ਉਦੋਂ ਹੀ ਜਿੱਤ ਸਕਦੀ ਹੈ ਜਦੋਂ ਉਹ ਹਰ ਪੰਜਾਬੀ ਦੀ ਆਵਾਜ਼ ਬਣੇ ਅਤੇ ਬਿਨਾਂ ਕਿਸੇ ਪੱਖਪਾਤ ਤੋਂ ਸੁਰੱਖਿਆ, ਬਿਨਾਂ ਕਿਸੇ ਭੇਦ-ਭਾਵ ਤੋਂ ਵਿਕਾਸ ਅਤੇ ਕਿਸੇ ਵੀ ਭਾਈਚਾਰੇ ਦੇ ਧਾਰਮਿਕ ਮਾਮਲਿਆਂ ਵਿੱਚ ਬੇਲੋੜੀ ਦਖ਼ਲਅੰਦਾਜ਼ੀ ਤੋਂ ਬਿਨਾਂ ਚੰਗਾ ਸ਼ਾਸਨ ਦੇਵੇ।

ਪੰਜਾਬੀ ਖ਼ੌਫ਼ ਦਾ ਇੱਕ ਹੋਰ ਦੌਰ ਨਹੀਂ ਦੇਖਣਾ ਚਾਹੁੰਦੇ। ਪੰਜਾਬ ਨੂੰ ਆਤਮ-ਵਿਸ਼ਵਾਸ, ਰੁਜ਼ਗਾਰ, ਖੇਤੀਬਾੜੀ ਨਵਿਆਉਣ, ਉਦਯੋਗਿਕ ਵਿਕਾਸ, ਬਿਹਤਰ ਸਿੱਖਿਆ ਅਤੇ ਸਿਹਤ ਸਹੂਲਤਾਂ ਅਤੇ ਸਭ ਤੋਂ ਵੱਧ ਇੱਕ ਅਜਿਹੀ ਸਰਕਾਰ ਦੀ ਲੋੜ ਹੈ, ਜੋ ਇੱਜ਼ਤ-ਮਾਣ ਨਾਲ ਅਮਨ-ਸ਼ਾਂਤੀ ਯਕੀਨੀ ਬਣਾਵੇ।

**ਕੈਪਟਨ ਅਮਰਿੰਦਰ ਸਿੰਘ**

* ਸਾਬਕਾ ਮੁੱਖ ਮੰਤਰੀ, ਪੰਜਾਬ



# ਖ਼ਬਰਨਾਮਾ



# ਫਿਰੋਜ਼ਪੁਰ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੇ ਲਹਿਰਾਇਆ ਤਿਰੰਗਾ, ਸ਼ਹੀਦਾਂ ਨੂੰ ਕੀਤਾ ਨਮਨ



**ਫਿਰੋਜ਼ਪੁਰ:** ਪੰਜਾਬ ਅਤੇ ਚੰਡੀਗੜ੍ਹ ਵਿੱਚ ਦੇਸ਼ ਦਾ 80ਵਾਂ ਆਜ਼ਾਦੀ ਦਿਹਾੜਾ ਪੂਰੇ ਉਤਸ਼ਾਹ ਅਤੇ ਦੇਸ਼ਭਗਤੀ ਦੀ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਪੰਜਾਬ ਦੇ ਫਿਰੋਜ਼ਪੁਰ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੇ ਕੈਂਟ ਬੋਰਡ ਸਟੇਡੀਅਮ ਵਿੱਚ ਤਿਰੰਗਾ ਲਹਿਰਾਇਆ ਅਤੇ ਆਜ਼ਾਦੀ ਦਿਹਾੜੇ ਦੀ ਪਰੇਡ ਦੀ ਸਲਾਮੀ ਲਈ। ਇਸ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਮਾਨ ਆਪਣੀ ਪਤਨੀ ਡਾ. ਗੁਰਪ੍ਰੀਤ ਕੌਰ ਨਾਲ ਹੁਸੈਨੀਵਾਲਾ ਵਿਖੇ ਸ਼ਹੀਦ ਸਮਾਰਕ 'ਤੇ ਪਹੁੰਚੇ, ਜਿੱਥੇ ਉਨ੍ਹਾਂ ਨੇ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀਆਂ ਦੇਣ ਵਾਲੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

ਇਸੇ ਦੌਰਾਨ ਚੰਡੀਗੜ੍ਹ ਵਿੱਚ ਸੈਕਟਰ-17 ਦੇ ਪਰੇਡ ਗਰਾਊਂਡ ਵਿਖੇ ਪ੍ਰਸ਼ਾਸਕ ਅਤੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਤਿਰੰਗਾ ਲਹਿਰਾਇਆ। ਸਮਾਗਮ ਦੌਰਾਨ ਦੇਸ਼ ਦੀ ਆਜ਼ਾਦੀ ਲਈ ਸ਼ਹੀਦ ਹੋਏ ਮਹਾਨ ਯੋਧਿਆਂ ਨੂੰ ਯਾਦ ਕੀਤਾ ਗਿਆ ਅਤੇ ਆਜ਼ਾਦੀ ਦੇ ਸੰਘਰਸ਼ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਨਮਨ ਕੀਤਾ ਗਿਆ।

ਫਿਰੋਜ਼ਪੁਰ ਵਿੱਚ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਦੇਸ਼ ਨੂੰ ਆਜ਼ਾਦ ਕਰਵਾਉਣ ਵਿੱਚ ਪੰਜਾਬੀਆਂ ਦਾ ਸਭ ਤੋਂ ਵੱਡਾ ਯੋਗਦਾਨ ਰਿਹਾ ਹੈ। ਉਨ੍ਹਾਂ ਕਿਹਾ ਕਿ ਆਜ਼ਾਦੀ ਦੀ ਲੜਾਈ ਦੌਰਾਨ ਪੰਜਾਬ ਦੇ ਲੋਕਾਂ ਨੇ ਵੱਡੀਆਂ ਕੁਰਬਾਨੀਆਂ ਦਿੱਤੀਆਂ ਅਤੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਤੱਕ ਵਾਰ ਦਿੱਤੀਆਂ।

ਮੁੱਖ ਮੰਤਰੀ ਨੇ ਕਿਹਾ ਕਿ ਦੇਸ਼ ਦੀ ਵੰਡ ਵੇਲੇ ਵੀ ਸਭ ਤੋਂ ਵੱਡੀ ਕੀਮਤ ਪੰਜਾਬੀਆਂ ਨੇ ਹੀ ਚੁਕਾਈ ਸੀ। ਉਨ੍ਹਾਂ ਕਿਹਾ ਕਿ ਪੰਜਾਬ ਨੇ ਵੰਡ ਦਾ ਦਰਦ ਆਪਣੇ ਪਿੰਡਾਂ, ਸ਼ਹਿਰਾਂ ਅਤੇ ਪਰਿਵਾਰਾਂ ਵਿੱਚ ਹੰਢਾਇਆ ਅਤੇ ਇਸ ਦੇ ਜ਼ਖ਼ਮ ਅੱਜ ਵੀ ਲੋਕਾਂ ਦੀਆਂ ਯਾਦਾਂ ਵਿੱਚ ਮੌਜੂਦ ਹਨ।

ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਦੀ ਭਾਈਚਾਰਕ ਸਾਂਝ ਅਤੇ ਏਕਤਾ ਨੂੰ ਤੋੜਨ ਦੀਆਂ ਕੋਸ਼ਿਸ਼ਾਂ ਕਰਨ ਵਾਲੀਆਂ ਤਾਕਤਾਂ ਦੇ ਮਨਸੂਬੇ ਕਦੇ ਕਾਮਯਾਬ ਨਹੀਂ ਹੋਣਗੇ। ਉਨ੍ਹਾਂ ਕਿਹਾ ਕਿ ਪੰਜਾਬ ਹਮੇਸ਼ਾ ਆਪਸੀ ਭਾਈਚਾਰੇ, ਸਾਂਝ ਅਤੇ ਏਕਤਾ ਦੀ ਮਿਸਾਲ ਬਣਿਆ ਰਹੇਗਾ ਅਤੇ ਸੂਬੇ ਦੇ ਲੋਕ ਮਿਲਜੁਲ ਕੇ ਪੰਜਾਬ ਦੀ ਤਰੱਕੀ ਲਈ ਕੰਮ ਕਰਦੇ

# ਗੌਤਮ ਅਡਾਨੀ ਨੂੰ ਵੱਡੀ ਕਾਨੂੰਨੀ ਰਾਹਤ, ਅਮਰੀਕੀ ਅਦਾਲਤ ਨੇ ਅਪਰਾਧਿਕ ਮਾਮਲਾ ਕੀਤਾ ਖ਼ਤਮ



ਰਿਸ਼ਵਤਖੋਰੀ ਅਤੇ ਕਥਿਤ ਧੋਖਾਧੜੀ ਦੇ ਦੋਸ਼ਾਂ ਵਾਲੀ ਕਾਰਵਾਈ ਹੋਈ ਸਮਾਪਤ; ਅਡਾਨੀ ਨੇ ਕਿਹਾ- ਸੱਚ, ਨਿਰਪੱਖਤਾ ਤੇ ਕਾਨੂੰਨ ਦੇ ਰਾਜ 'ਚ ਵਿਸ਼ਵਾਸ ਕਾਇਮ ਰਿਹਾ

ਗੌਤਮ ਅਡਾਨੀ ਅਤੇ ਅਡਾਨੀ ਗਰੁੱਪ ਨਾਲ ਜੁੜੇ ਹੋਰ ਅਧਿਕਾਰੀਆਂ ਨੂੰ ਅਮਰੀਕਾ ਵਿੱਚ ਚੱਲ ਰਹੇ ਅਪਰਾਧਿਕ ਮਾਮਲੇ ਵਿੱਚ ਵੱਡੀ ਕਾਨੂੰਨੀ ਰਾਹਤ ਮਿਲੀ ਹੈ। ਨਿਊਯਾਰਕ ਦੀ ਇੱਕ ਅਮਰੀਕੀ ਜ਼ਿਲ੍ਹਾ ਅਦਾਲਤ ਨੇ ਅਡਾਨੀ ਗਰੁੱਪ ਦੇ ਚੇਅਰਮੈਨ ਗੌਤਮ ਅਡਾਨੀ, ਉਨ੍ਹਾਂ ਦੇ ਭਤੀਜੇ ਸਾਗਰ ਅਡਾਨੀ ਅਤੇ ਅਡਾਨੀ ਗ੍ਰੀਨ ਦੇ ਸਾਬਕਾ ਸੀਈਓ ਵਿਨੀਤ ਜੈਨ ਵਿਰੁੱਧ ਚੱਲ ਰਹੇ ਕਥਿਤ ਧੋਖਾਧੜੀ ਅਤੇ ਰਿਸ਼ਵਤਖੋਰੀ ਨਾਲ ਸਬੰਧਤ ਅਪਰਾਧਿਕ ਮਾਮਲੇ ਨੂੰ ਖ਼ਾਰਜ ਕਰ ਦਿੱਤਾ ਹੈ।

ਈਸਟਰਨ ਡਿਸਟ੍ਰਿਕਟ ਆਫ਼ ਨਿਊਯਾਰਕ ਦੀ ਅਮਰੀਕੀ ਜ਼ਿਲ੍ਹਾ ਅਦਾਲਤ ਦੇ ਜੱਜ ਨਿਕੋਲਸ ਗਾਰੌਫਿਸ ਨੇ ਅਮਰੀਕੀ ਨਿਆਂ ਵਿਭਾਗ ਵੱਲੋਂ ਮਾਮਲਾ ਵਾਪਸ ਲੈਣ ਲਈ ਦਾਇਰ ਕੀਤੀ ਰੂਲ 48(ਏ) ਮੋਸ਼ਨ ਨੂੰ ਮਨਜ਼ੂਰੀ ਦੇ ਦਿੱਤੀ। ਅਦਾਲਤ ਨੇ ਮਾਮਲੇ ਨੂੰ 'ਵਿਦ ਪ੍ਰਿਜੁਡਿਸ' ਦੇ ਆਧਾਰ 'ਤੇ ਖ਼ਾਰਜ ਕੀਤਾ ਹੈ। ਇਸ ਦਾ ਮਤਲਬ ਹੈ ਕਿ ਇਸ ਅਪਰਾਧਿਕ ਕਾਰਵਾਈ ਨੂੰ ਪੱਕੇ ਤੌਰ 'ਤੇ ਬੰਦ ਕਰ ਦਿੱਤਾ ਗਿਆ ਹੈ ਅਤੇ ਇਨ੍ਹਾਂ ਹੀ ਦੋਸ਼ਾਂ ਦੇ ਆਧਾਰ 'ਤੇ ਮਾਮਲੇ ਨੂੰ ਮੁੜ ਸ਼ੁਰੂ ਨਹੀਂ ਕੀਤਾ ਜਾ ਸਕਦਾ।

ਇਸ ਫ਼ੈਸਲੇ ਨਾਲ ਗੌਤਮ ਅਡਾਨੀ ਅਤੇ ਹੋਰ ਮੁਲਜ਼ਮਾਂ ਖ਼ਿਲਾਫ਼ ਅਮਰੀਕਾ ਵਿੱਚ ਪਿਛਲੇ ਲਗਭਗ ਦੋ ਸਾਲਾਂ ਤੋਂ ਚੱਲ ਰਹੀ ਇਹ ਕਾਨੂੰਨੀ ਕਾਰਵਾਈ ਸਮਾਪਤ ਹੋ ਗਈ ਹੈ। ਮਾਮਲੇ ਦੇ ਖ਼ਾਰਜ ਹੋਣ ਨਾਲ ਅਡਾਨੀ ਗਰੁੱਪ ਲਈ ਇਹ ਇੱਕ ਮਹੱਤਵਪੂਰਨ ਕਾਨੂੰਨੀ ਰਾਹਤ ਮੰਨੀ ਜਾ ਰਹੀ ਹੈ।

ਨਵੰਬਰ 2024 ਵਿੱਚ ਸਾਹਮਣੇ ਆਇਆ ਸੀ ਮਾਮਲਾ

ਇਹ ਮਾਮਲਾ ਨਵੰਬਰ 2024 ਵਿੱਚ ਉਸ ਸਮੇਂ ਸਾਹਮਣੇ ਆਇਆ ਸੀ, ਜਦੋਂ ਅਮਰੀਕੀ ਸਰਕਾਰੀ ਵਕੀਲਾਂ ਨੇ ਗੌਤਮ ਅਡਾਨੀ ਅਤੇ ਉਨ੍ਹਾਂ ਨਾਲ ਜੁੜੇ ਵਿਅਕਤੀਆਂ 'ਤੇ ਦੋਸ਼ ਲਗਾਇਆ ਸੀ ਕਿ ਭਾਰਤ ਵਿੱਚ ਸੌਰ ਊਰਜਾ ਨਾਲ ਸਬੰਧਤ ਠੇਕੇ ਹਾਸਲ ਕਰਨ ਲਈ ਭਾਰਤੀ ਸਰਕਾਰੀ ਅਧਿਕਾਰੀਆਂ ਨੂੰ ਲਗਭਗ 250 ਮਿਲੀਅਨ ਅਮਰੀਕੀ ਡਾਲਰ ਦੀ ਕਥਿਤ ਰਿਸ਼ਵਤ ਦੇਣ ਦੀ ਸਾਜ਼ਿਸ਼ ਰਚੀ ਗਈ।

ਅਡਾਨੀ ਗਰੁੱਪ ਨੇ ਸ਼ੁਰੂ ਤੋਂ ਹੀ ਇਨ੍ਹਾਂ ਦੋਸ਼ਾਂ ਨੂੰ ਬੇਬੁਨਿਆਦ ਕਰਾਰ ਦਿੰਦਿਆਂ ਰੱਦ ਕੀਤਾ ਸੀ। ਗਰੁੱਪ ਵੱਲੋਂ ਕਿਹਾ ਗਿਆ ਸੀ ਕਿ ਉਸ 'ਤੇ ਲਗਾਏ ਗਏ ਦੋਸ਼ ਤੱਥਾਂ 'ਤੇ ਆਧਾਰਿਤ ਨਹੀਂ ਹਨ।

ਬਾਅਦ ਵਿੱਚ ਅਮਰੀਕੀ ਨਿਆਂ ਵਿਭਾਗ ਵੱਲੋਂ ਅਦਾਲਤ ਵਿੱਚ ਦਾਇਰ ਕੀਤੀ ਗਈ ਪਟੀਸ਼ਨ ਵਿੱਚ ਕਿਹਾ ਗਿਆ ਕਿ ਮਾਮਲੇ ਨੂੰ ਅੱਗੇ ਵਧਾਉਣਾ ਹੁਣ ਨਿਆਂ ਦੇ ਹਿੱਤ ਵਿੱਚ ਨਹੀਂ ਹੈ। ਨਿਆਂ ਵਿਭਾਗ ਨੇ ਮਾਮਲੇ ਨਾਲ ਸਬੰਧਤ ਖੇਤਰ-ਅਧਿਕਾਰ ਦੇ ਮੁੱਦਿਆਂ, ਸਬੂਤਾਂ ਨਾਲ ਜੁੜੀਆਂ ਚੁਣੌਤੀਆਂ ਅਤੇ ਮਾਮਲੇ ਦੇ ਭਾਰਤ ਨਾਲ ਮੁੱਖ ਤੌਰ 'ਤੇ ਸਬੰਧਤ ਹੋਣ ਵਰਗੇ ਕਾਰਨਾਂ ਦਾ ਹਵਾਲਾ ਦਿੱਤਾ।

ਅਮਰੀਕੀ ਪੱਖ ਵੱਲੋਂ ਇਹ ਵੀ ਦਲੀਲ ਦਿੱਤੀ ਗਈ ਕਿ ਮਾਮਲੇ ਨਾਲ ਜੁੜੇ ਭਾਰਤੀ ਅਧਿਕਾਰੀਆਂ ਅਤੇ ਘਟਨਾਵਾਂ ਦੀ ਭਾਰਤ ਵਿੱਚ ਪਹਿਲਾਂ ਹੀ ਸਮੀਖਿਆ ਕੀਤੀ ਜਾ ਚੁੱਕੀ ਹੈ। ਇਨ੍ਹਾਂ ਹਾਲਾਤਾਂ ਦੇ ਮੱਦੇਨਜ਼ਰ ਨਿਆਂ ਵਿਭਾਗ ਨੇ ਅਦਾਲਤ ਤੋਂ ਅਪਰਾਧਿਕ ਕਾਰਵਾਈ ਨੂੰ ਅੱਗੇ ਨਾ ਵਧਾਉਣ ਦੀ ਮਨਜ਼ੂਰੀ ਮੰਗੀ ਸੀ।

ਅਡਾਨੀ ਨੇ ਕਿਹਾ- ਸੱਚ ਅਤੇ ਕਾਨੂੰਨ ਦੇ ਰਾਜ 'ਚ ਵਿਸ਼ਵਾਸ ਕਾਇਮ ਰਿਹਾ

ਅਦਾਲਤ ਦੇ ਫ਼ੈਸਲੇ ਤੋਂ ਬਾਅਦ ਗੌਤਮ ਅਡਾਨੀ ਨੇ ਸੋਸ਼ਲ ਮੀਡੀਆ ਮੰਚ ਐਕਸ 'ਤੇ ਆਪਣੀ ਪ੍ਰਤੀਕਿਰਿਆ ਸਾਂਝੀ ਕੀਤੀ। ਉਨ੍ਹਾਂ ਅਮਰੀਕੀ ਅਦਾਲਤ ਦੇ ਫ਼ੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਉਹ ਨਿਆਂਇਕ ਪ੍ਰਕਿਰਿਆ ਪ੍ਰਤੀ ਨਿਮਰਤਾ ਅਤੇ ਡੂੰਘੇ ਸਤਿਕਾਰ ਨਾਲ ਇਸ ਫ਼ੈਸਲੇ ਨੂੰ ਸਵੀਕਾਰ ਕਰਦੇ ਹਨ।

ਗੌਤਮ ਅਡਾਨੀ ਨੇ ਕਿਹਾ ਕਿ ਇਸ ਚੁਣੌਤੀਪੂਰਨ ਦੌਰ ਦੌਰਾਨ ਉਨ੍ਹਾਂ ਦਾ ਸੱਚ, ਨਿਰਪੱਖਤਾ ਅਤੇ ਕਾਨੂੰਨ ਦੇ ਰਾਜ ਵਿੱਚ ਵਿਸ਼ਵਾਸ ਕਦੇ ਨਹੀਂ ਡਗਮਗਾਇਆ। ਉਨ੍ਹਾਂ ਉਨ੍ਹਾਂ ਸਾਰੇ ਲੋਕਾਂ ਦਾ ਧੰਨਵਾਦ ਵੀ ਕੀਤਾ, ਜਿਨ੍ਹਾਂ ਨੇ ਇਸ ਮਾਮਲੇ ਦੌਰਾਨ ਅਡਾਨੀ ਪਰਿਵਾਰ ਅਤੇ ਭਾਰਤ ਦੀ ਨਿਆਂ ਪ੍ਰਣਾਲੀ 'ਤੇ ਆਪਣਾ ਭਰੋਸਾ ਬਣਾਈ ਰੱਖਿਆ।

ਅਮਰੀਕੀ ਅਦਾਲਤ ਦੇ ਇਸ ਫ਼ੈਸਲੇ ਨਾਲ ਗੌਤਮ ਅਡਾਨੀ ਅਤੇ ਹੋਰ ਮੁਲਜ਼ਮਾਂ ਵਿਰੁੱਧ ਇਸ ਮਾਮਲੇ ਵਿੱਚ ਚੱਲ ਰਹੀ ਅਪਰਾਧਿਕ ਕਾਰਵਾਈ ਹੁਣ ਪੂਰੀ ਤਰ੍ਹਾਂ ਖ਼ਤਮ ਹੋ ਗਈ ਹੈ। ਮਾਮਲੇ ਦੇ 'ਵਿਦ ਪ੍ਰਿਜੁਡਿਸ' ਤਹਿਤ ਖ਼ਾਰਜ ਹੋਣ ਕਾਰਨ ਇਨ੍ਹਾਂ ਦੋਸ਼ਾਂ ਨੂੰ ਉਸੇ ਰੂਪ ਵਿੱਚ ਦੁਬਾਰਾ ਅਦਾਲਤ ਵਿੱਚ ਲਿਆਉਣ ਦਾ ਰਸਤਾ ਵੀ ਬੰਦ ਹੋ ਗਿਆ ਹੈ।

# ਹਵਾਰਾ ਦੀ ਪੈਰੋਲ 'ਤੇ ਵਧੀ ਉਮੀਦ, ਰਾਜਪਾਲ ਨੇ ਮਾਤਾ ਦੀ ਸਿਹਤ ਸਬੰਧੀ ਰਿਪੋਰਟ ਮੰਗੀ

## 10 ਦਿਨਾਂ ਦੀ ਪੈਰੋਲ ਲਈ CM ਮਾਨ ਦੀ ਮੰਗ; ਕੇਂਦਰੀ ਗ੍ਰਹਿ ਮੰਤਰਾਲਾ ਸੀਮਿਤ ਸਮੇਂ ਦੀ ਪੈਰੋਲ ਦੇਣ 'ਤੇ ਵਿਚਾਰ ਕਰ ਰਿਹਾ ਹੋਣ ਦੀ ਚਰਚਾ

ਦਿੱਲੀ ਦੀ ਮੰਡੋਲੀ ਜੇਲ੍ਹ ਵਿੱਚ ਬੰਦ ਜਗਤਾਰ ਸਿੰਘ ਹਵਾਰਾ ਨੂੰ ਸੀਮਿਤ ਸਮੇਂ ਲਈ ਪੈਰੋਲ ਮਿਲਣ ਦੀ ਸੰਭਾਵਨਾ ਦੇ ਵਿਚਕਾਰ ਮਾਮਲਾ ਮੁੜ ਚਰਚਾ ਵਿੱਚ ਆ ਗਿਆ ਹੈ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਹਵਾਰਾ ਦੀ ਮਾਤਾ ਦੀ ਖ਼ਰਾਬ ਸਿਹਤ ਨੂੰ ਦੇਖਦਿਆਂ ਮਨੁੱਖੀ ਆਧਾਰ 'ਤੇ 10 ਦਿਨਾਂ ਦੀ ਪੈਰੋਲ ਦੇਣ ਦੀ ਮੰਗ ਕੀਤੀ ਗਈ ਹੈ। ਇਸ ਸਬੰਧੀ ਮੁੱਖ ਮੰਤਰੀ ਨੇ ਚਾਰ ਦਿਨ ਪਹਿਲਾਂ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੂੰ ਪੱਤਰ ਲਿਖਿਆ ਸੀ ਅਤੇ ਹੁਣ ਮੁੜ ਰਾਜਪਾਲ ਨਾਲ ਮੁਲਾਕਾਤ ਕਰਕੇ ਇਹ ਮਾਮਲਾ ਉਠਾਇਆ ਹੈ।

ਮਾਤਾ ਦੀ ਸਿਹਤ ਬਾਰੇ ਫਘੀ ਤੋਂ ਰਿਪੋਰਟ ਮੰਗੀ

ਮਾਮਲੇ ਨਾਲ ਜੁੜੇ ਸੂਤਰਾਂ ਮੁਤਾਬਕ ਪੰਜਾਬ ਦੇ ਰਾਜਪਾਲ ਵੱਲੋਂ ਜਗਤਾਰ ਸਿੰਘ ਹਵਾਰਾ ਦੀ ਮਾਤਾ ਦੀ ਸਿਹਤ ਸਬੰਧੀ ਰਿਪੋਰਟ ਪੀ.ਜੀ.ਆਈ. ਦੇ ਡਾਕਟਰਾਂ ਦੀ ਟੀਮ ਤੋਂ ਮੰਗਵਾਈ ਗਈ ਹੈ। ਦੱਸਿਆ ਜਾ ਰਿਹਾ ਹੈ ਕਿ ਹਵਾਰਾ ਦੀ ਮਾਤਾ ਵੱਲੋਂ ਡਾਕਟਰਾਂ ਦੀ ਟੀਮ ਸਾਹਮਣੇ ਆਪਣੇ ਪੁੱਤਰ ਨੂੰ ਮਿਲਣ ਦੀ ਇੱਛਾ ਪ੍ਰਗਟ ਕੀਤੀ ਗਈ ਹੈ।

ਇਸ ਮਾਮਲੇ ਨੂੰ ਲੈ ਕੇ ਰਾਜਪਾਲ ਵੱਲੋਂ ਕੇਂਦਰੀ ਗ੍ਰਹਿ ਮੰਤਰਾਲੇ ਨਾਲ ਵੀ ਸੰਪਰਕ ਕੀਤਾ ਗਿਆ ਹੈ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ 10 ਦਿਨਾਂ ਦੀ ਪੈਰੋਲ ਦੀ ਮੰਗ ਕੀਤੀ ਜਾ ਰਹੀ ਹੈ, ਜਦਕਿ ਸੂਤਰਾਂ ਅਨੁਸਾਰ ਕੇਂਦਰੀ ਗ੍ਰਹਿ ਮੰਤਰਾਲਾ ਫਿਲਹਾਲ ਲੰਬੀ ਪੈਰੋਲ ਦੀ ਬਜਾਏ ਸੀਮਿਤ ਸਮੇਂ ਲਈ ਰਾਹਤ ਦੇਣ 'ਤੇ ਵਿਚਾਰ ਕਰ ਰਿਹਾ ਹੈ।



ਕੁਝ ਘੰਟਿਆਂ ਜਾਂ ਇੱਕ ਦਿਨ ਦੀ ਪੈਰੋਲ ਦੀ ਚਰਚਾ

ਸੂਤਰਾਂ ਮੁਤਾਬਕ ਜਗਤਾਰ ਸਿੰਘ ਹਵਾਰਾ ਨੂੰ ਕੁਝ ਘੰਟਿਆਂ ਲਈ ਜਾਂ ਇੱਕ ਦਿਨ ਦੀ ਪੈਰੋਲ ਦਿੱਤੇ ਜਾਣ ਦੀ ਸੰਭਾਵਨਾ 'ਤੇ ਵਿਚਾਰ ਹੋ ਰਿਹਾ ਹੈ। ਇਹ ਵੀ ਚਰਚਾ ਹੈ ਕਿ ਆਉਣ ਵਾਲੇ ਇੱਕ-ਦੋ ਦਿਨਾਂ ਵਿੱਚ ਇਸ ਸਬੰਧੀ ਫ਼ੈਸਲਾ ਹੋ ਸਕਦਾ ਹੈ।

ਮੁੱਖ ਮੰਤਰੀ ਭਗਵੰਤ ਮਾਨ ਨੇ ਰਾਜਪਾਲ ਨਾਲ ਮੁਲਾਕਾਤ ਦੌਰਾਨ ਇਹ ਭਰੋਸਾ ਦਿੱਤਾ ਹੈ ਕਿ ਜੇਕਰ ਹਵਾਰਾ ਨੂੰ ਪੈਰੋਲ ਮਿਲਦੀ ਹੈ ਤਾਂ ਉਸ ਦੌਰਾਨ ਪੰਜਾਬ ਵਿੱਚ ਅਮਨ ਅਤੇ ਕਾਨੂੰਨ ਦੀ ਸਥਿਤੀ ਨੂੰ ਬਣਾਈ ਰੱਖਣ ਲਈ ਸਰਕਾਰ ਵੱਲੋਂ ਪੂਰੇ ਪ੍ਰਬੰਧ ਕੀਤੇ ਜਾਣਗੇ।

ਜਗਤਾਰ ਸਿੰਘ ਹਵਾਰਾ ਕਰੀਬ 31 ਸਾਲ ਤੋਂ ਜੇਲ੍ਹ ਵਿੱਚ ਬੰਦ ਹੈ। ਉਸ ਦੀ ਪੈਰੋਲ ਦਾ ਮੁੱਦਾ ਪਿਛਲੇ ਕਾਫ਼ੀ ਸਮੇਂ ਤੋਂ ਪੰਥਕ ਅਤੇ ਸਿਆਸੀ ਧਿਰਾਂ ਵੱਲੋਂ ਉਠਾਇਆ ਜਾਂਦਾ ਰਿਹਾ ਹੈ।

ਹਾਈ ਕੋਰਟ ਵਿੱਚ ਵੀ ਪਟੀਸ਼ਨ ਦਾਇਰ

ਜਗਤਾਰ ਸਿੰਘ ਹਵਾਰਾ ਵੱਲੋਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਵੀ ਪੈਰੋਲ ਲਈ ਪਟੀਸ਼ਨ ਦਾਇਰ ਕੀਤੀ ਗਈ ਹੈ। ਇਸ ਪਟੀਸ਼ਨ ਵਿੱਚ ਚਾਰ ਹਫ਼ਤਿਆਂ ਦੀ ਪੈਰੋਲ ਦੀ ਮੰਗ ਕੀਤੀ ਗਈ ਹੈ।

ਹਵਾਰਾ ਦੀ ਪੈਰੋਲ ਦੀ ਮੰਗ ਨੂੰ ਲੈ ਕੇ ਪੰਥਕ ਧਿਰਾਂ ਵੱਲੋਂ ਵੀ ਲੰਮੇ ਸਮੇਂ ਤੋਂ ਆਵਾਜ਼ ਉਠਾਈ ਜਾਂਦੀ ਰਹੀ ਹੈ। ਜੇਕਰ ਉਸ ਨੂੰ ਪੈਰੋਲ ਮਿਲਦੀ ਹੈ ਤਾਂ ਇਸ ਦੇ ਪੰਜਾਬ ਦੀ ਸਿਆਸਤ 'ਤੇ ਵੀ ਪ੍ਰਭਾਵ ਪੈਣ ਦੀਆਂ ਚਰਚਾਵਾਂ ਸ਼ੁਰੂ ਹੋ ਗਈਆਂ ਹਨ।

ਸਿਆਸੀ ਹਲਕਿਆਂ ਵਿੱਚ ਇਹ ਵੀ ਚਰਚਾ ਹੈ ਕਿ ਪੈਰੋਲ ਮਿਲਣ ਦੀ ਸਥਿਤੀ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੂੰ ਪੰਥਕ ਵਰਗ ਵਿੱਚ ਇਸ ਦਾ ਸਿਆਸੀ ਲਾਭ ਮਿਲ ਸਕਦਾ ਹੈ ਅਤੇ ਇਸ ਦਾ ਪ੍ਰਭਾਵ ਸ਼੍ਰੋਮਣੀ ਅਕਾਲੀ ਦਲ ਦੀ ਸਿਆਸਤ 'ਤੇ ਵੀ ਪੈ ਸਕਦਾ ਹੈ।

ਬੇਅੰਤ ਸਿੰਘ ਕਤਲ ਕੇਸ ਨਾਲ ਜੁੜਿਆ ਹੈ ਮਾਮਲਾ

ਜਗਤਾਰ ਸਿੰਘ ਹਵਾਰਾ ਨੂੰ 1995 ਵਿੱਚ ਤਤਕਾਲੀ ਪੰਜਾਬ ਦੇ ਮੁੱਖ ਮੰਤਰੀ ਬੇਅੰਤ ਸਿੰਘ ਦੀ ਹੱਤਿਆ ਲਈ ਕੀਤੀ ਗਈ ਬੰਬ ਧਮਾਕੇ ਦੀ ਸਾਜ਼ਿਸ਼ ਦੇ ਮਾਮਲੇ ਵਿੱਚ ਦੋਸ਼ੀ ਠਹਿਰਾਇਆ ਗਿਆ ਸੀ। ਟ੍ਰਾਇਲ ਕੋਰਟ ਵੱਲੋਂ 2007 ਵਿੱਚ ਉਸ ਨੂੰ ਫਾਂਸੀ ਦੀ ਸਜ਼ਾ ਸੁਣਾਈ ਗਈ ਸੀ।

ਇਸ ਤੋਂ ਬਾਅਦ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਅਕਤੂਬਰ 2010 ਵਿੱਚ ਫਾਂਸੀ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਤਬਦੀਲ ਕਰ ਦਿੱਤਾ ਸੀ। ਹਵਾਰਾ ਇਸ ਵੇਲੇ ਨਵੀਂ ਦਿੱਲੀ ਦੀ ਮੰਡੋਲੀ ਜੇਲ੍ਹ ਵਿੱਚ ਬੰਦ ਹੈ।

ਇਸ ਤੋਂ ਪਹਿਲਾਂ ਉਹ ਬੁੜੈਲ ਜੇਲ੍ਹ ਵਿੱਚ ਵੀ ਬੰਦ ਰਿਹਾ ਸੀ। ਸਾਲ 2004 ਵਿੱਚ ਹਵਾਰਾ ਸਮੇਤ ਕੁਝ ਕੈਦੀ ਬੁੜੈਲ ਜੇਲ੍ਹ ਵਿੱਚ ਬਣਾਈ ਗਈ ਸੁਰੰਗ ਰਾਹੀਂ ਫ਼ਰਾਰ ਹੋ ਗਏ ਸਨ।

ਪੈਰੋਲ 'ਤੇ ਸੁਰੱਖਿਆ ਏਜੰਸੀਆਂ ਦੀ ਨਜ਼ਰ

ਹਵਾਰਾ ਦੀ ਪੈਰੋਲ ਦੇ ਮਾਮਲੇ ਵਿੱਚ ਸੁਰੱਖਿਆ ਅਤੇ ਖ਼ੁਫ਼ੀਆ ਏਜੰਸੀਆਂ ਵੱਲੋਂ ਪਹਿਲਾਂ ਵੀ ਇਤਰਾਜ਼ ਜਤਾਇਆ ਜਾਂਦਾ ਰਿਹਾ ਹੈ। ਇਸ ਕਾਰਨ ਪੈਰੋਲ ਦਾ ਫ਼ੈਸਲਾ ਸਿਰਫ਼ ਮਨੁੱਖੀ ਆਧਾਰ 'ਤੇ ਹੀ ਨਹੀਂ, ਸਗੋਂ ਸੁਰੱਖਿਆ ਅਤੇ ਅਮਨ-ਕਾਨੂੰਨ ਨਾਲ ਜੁੜੇ ਪੱਖਾਂ ਨੂੰ ਧਿਆਨ ਵਿੱਚ ਰੱਖ ਕੇ ਕੀਤੇ ਜਾਣ ਦੀ ਸੰਭਾਵਨਾ ਹੈ।

ਹੁਣ ਰਾਜਪਾਲ ਵੱਲੋਂ ਮਾਤਾ ਦੀ ਸਿਹਤ ਦੀ ਰਿਪੋਰਟ ਮੰਗੇ ਜਾਣ ਅਤੇ ਕੇਂਦਰੀ ਗ੍ਰਹਿ ਮੰਤਰਾਲੇ ਨਾਲ ਮਾਮਲੇ 'ਤੇ ਰਾਬਤਾ ਹੋਣ ਕਾਰਨ ਹਵਾਰਾ ਦੀ ਪੈਰੋਲ ਸਬੰਧੀ ਫ਼ੈਸਲੇ ਦੀ ਉਡੀਕ ਵਧ ਗਈ ਹੈ।

# 4.47 ਲੱਖ ਕਰੋੜ ਦੇ ਕਰਜ਼ੇ ਦਾ ਬੋਝ, 2027 ਤੋਂ ਪਹਿਲਾਂ ਪੰਜਾਬ ਦੀ ਆਰਥਿਕਤਾ 'ਤੇ ਵੱਡਾ ਸਵਾਲ: ਮਨੀਸ਼ ਤਿਵਾੜੀ

ਕਰਜ਼ਾ, ਖੇਤੀ ਸੰਕਟ, ਡਿੱਗਦਾ ਧਰਤੀ ਹੇਠਲਾ ਪਾਣੀ, ਬੇਰੁਜ਼ਗਾਰੀ ਅਤੇ ਨਸ਼ਿਆਂ ਨਾਲ ਜੁੜੀਆਂ ਚੁਣੌਤੀਆਂ 'ਤੇ ਤਿਵਾੜੀ ਨੇ ਚਿੰਤਾ ਜਤਾਈ



ਪੰਜਾਬ ਵਿੱਚ ਲਗਾਤਾਰ ਵਧ ਰਹੇ ਕਰਜ਼ੇ ਨੂੰ ਲੈ ਕੇ ਕਾਂਗਰਸ ਦੇ ਸੰਸਦ ਮੈਂਬਰ ਅਤੇ ਵਿੱਤ ਬਾਰੇ ਸੰਸਦੀ ਸਥਾਈ ਕਮੇਟੀ ਦੇ ਮੈਂਬਰ ਮਨੀਸ਼ ਤਿਵਾੜੀ ਨੇ ਚਿੰਤਾ ਪ੍ਰਗਟ ਕੀਤੀ ਹੈ। ਉਨ੍ਹਾਂ ਕਿਹਾ ਕਿ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸੂਬੇ ਦਾ ਵਧਦਾ ਜਨਤਕ ਕਰਜ਼ਾ ਅਤੇ ਕਰਜ਼ਾ-ਤੋਂ-ਜੀਡੀਪੀ ਅਨੁਪਾਤ ਇੱਕ ਵੱਡੀ ਆਰਥਿਕ ਚੁਣੌਤੀ ਬਣ ਸਕਦਾ ਹੈ।

ਮਨੀਸ਼ ਤਿਵਾੜੀ ਮੁਤਾਬਕ ਪੰਜਾਬ ਦਾ ਕਰਜ਼ਾ-ਤੋਂ-ਜੀਡੀਪੀ ਅਨੁਪਾਤ ਲਗਭਗ 55 ਫੀਸਦੀ ਤੱਕ ਪਹੁੰਚ ਗਿਆ ਹੈ, ਜੋ ਸੂਬੇ ਦੀ ਵਿੱਤੀ ਸਥਿਤੀ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਅਨੁਸਾਰ 31 ਮਾਰਚ 2027 ਤੱਕ ਪੰਜਾਬ ਦਾ ਕੁੱਲ ਕਰਜ਼ਾ ਲਗਭਗ 4.47 ਲੱਖ ਕਰੋੜ ਰੁਪਏ ਤੱਕ ਪਹੁੰਚਣ ਦੀ ਉਮੀਦ ਹੈ।

ਉਨ੍ਹਾਂ ਕਿਹਾ ਕਿ ਦੇਸ਼ ਦੇ ਕਈ ਸੂਬਿਆਂ ਵਿੱਚ ਕਰਜ਼ੇ ਦੀ ਸਥਿਤੀ ਚਿੰਤਾਜਨਕ ਹੈ, ਪਰ ਪੰਜਾਬ ਦਾ ਕਰਜ਼ਾ-ਤੋਂ-ਜੀਡੀਪੀ ਅਨੁਪਾਤ ਖਾਸ ਤੌਰ 'ਤੇ ਉੱਚਾ ਹੈ। ਉਨ੍ਹਾਂ ਦੇ ਵਿਚਾਰ ਅਨੁਸਾਰ ਇਹ ਸਥਿਤੀ ਸੂਬੇ ਦੀ ਆਰਥਿਕ ਸਥਿਰਤਾ ਦੇ ਨਾਲ-ਨਾਲ ਭਵਿੱਖ ਵਿੱਚ ਵਿਕਾਸ ਅਤੇ ਹੋਰ ਬੁਨਿਆਦੀ ਸਮੱਸਿਆਵਾਂ ਨਾਲ ਨਜਿੱਠਣ ਦੀ ਸਰਕਾਰ ਦੀ ਸਮਰੱਥਾ 'ਤੇ ਵੀ ਅਸਰ ਪਾ ਸਕਦੀ ਹੈ।

ਪੰਜਾਬ ਸਾਹਮਣੇ ਪੰਜ ਵੱਡੀਆਂ ਚੁਣੌਤੀਆਂ

ਮਨੀਸ਼ ਤਿਵਾੜੀ ਨੇ ਪੰਜਾਬ ਦੀ ਮੌਜੂਦਾ ਸਥਿਤੀ ਦਾ ਜ਼ਿਕਰ ਕਰਦਿਆਂ ਪੰਜ ਮੁੱਖ ਚੁਣੌਤੀਆਂ ਵੱਲ ਧਿਆਨ ਦਿਵਾਇਆ। ਇਨ੍ਹਾਂ ਵਿੱਚ ਸੂਬੇ ਦਾ ਵਧਦਾ ਜਨਤਕ ਕਰਜ਼ਾ, ਖੇਤੀਬਾੜੀ ਦਾ ਸੰਕਟ, ਧਰਤੀ ਹੇਠਲੇ ਪਾਣੀ ਦੀ ਲਗਾਤਾਰ ਘਟਦੀ ਸਥਿਤੀ, ਰੁਜ਼ਗਾਰ ਦੀ ਕਮੀ ਅਤੇ ਨਾਰਕੋ-ਟੈਰਿਜ਼ਮ ਨਾਲ ਜੁੜੀਆਂ ਸਮੱਸਿਆਵਾਂ ਸ਼ਾਮਲ ਹਨ।

ਉਨ੍ਹਾਂ ਕਿਹਾ ਕਿ ਜਿਵੇਂ-ਜਿਵੇਂ ਪੰਜਾਬ 2027 ਦੀਆਂ ਵਿਧਾਨ ਸਭਾ ਚੋਣਾਂ ਵੱਲ ਵਧ ਰਿਹਾ ਹੈ, ਇਨ੍ਹਾਂ ਮੁੱਦਿਆਂ 'ਤੇ ਗੰਭੀਰ ਅਤੇ ਲੰਬੇ ਸਮੇਂ ਦੀ ਚਰਚਾ ਹੋਣੀ ਜ਼ਰੂਰੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਸਿਰਫ਼ ਸਿਆਸੀ ਮੁਕਾਬਲੇ ਤੱਕ ਚੋਣੀ ਬਹਿਸ ਨੂੰ ਸੀਮਤ ਕਰਨ ਦੀ ਬਜਾਏ ਪੰਜਾਬ ਦੀ ਆਰਥਿਕ ਅਤੇ ਸਮਾਜਿਕ ਸਥਿਤੀ ਨੂੰ ਵੀ ਕੇਂਦਰ ਵਿੱਚ ਰੱਖਿਆ ਜਾਣਾ ਚਾਹੀਦਾ ਹੈ।

ਖੇਤੀਬਾੜੀ ਸੰਕਟ ਨਾਲ ਕਰਜ਼ੇ ਦੀ ਚੁਣੌਤੀ ਦਾ ਸਬੰਧ

ਤਿਵਾੜੀ ਨੇ ਪੰਜਾਬ ਦੇ ਕਰਜ਼ੇ ਦੀ ਸਥਿਤੀ ਨੂੰ ਖੇਤੀਬਾੜੀ ਨਾਲ ਵੀ ਜੋੜਿਆ। ਉਨ੍ਹਾਂ ਦੱਸਿਆ ਕਿ ਸੂਬੇ ਦੇ ਲਗਭਗ 84 ਫੀਸਦੀ ਕਿਸਾਨਾਂ ਕੋਲ 2 ਤੋਂ 5 ਏਕੜ ਤੱਕ ਜ਼ਮੀਨ ਹੈ। ਉਨ੍ਹਾਂ ਕਿਹਾ ਕਿ ਘੱਟੋ-ਘੱਟ ਸਮਰਥਨ ਮੁੱਲ ਮਿਲਣ ਦੇ ਬਾਵਜੂਦ ਮੌਜੂਦਾ ਹਾਲਾਤਾਂ ਵਿੱਚ ਖੇਤੀਬਾੜੀ ਨੂੰ ਸੁਤੰਤਰ ਅਤੇ ਟਿਕਾਊ ਕਿੱਤੇ ਵਜੋਂ ਚਲਾਉਣਾ ਮੁਸ਼ਕਲ ਹੋ ਰਿਹਾ ਹੈ।

ਉਨ੍ਹਾਂ ਮੁਤਾਬਕ ਖੇਤੀਬਾੜੀ ਦੀ ਮੌਜੂਦਾ ਸਥਿਤੀ, ਕਿਸਾਨਾਂ ਦੀ ਆਮਦਨ ਅਤੇ ਸੂਬੇ ਦੀ ਵਿੱਤੀ ਹਾਲਤ ਨੂੰ ਇਕ-ਦੂਜੇ ਤੋਂ ਵੱਖ ਕਰਕੇ ਨਹੀਂ ਦੇਖਿਆ ਜਾ ਸਕਦਾ। ਜੇਕਰ ਖੇਤੀਬਾੜੀ ਖੇਤਰ ਲੰਬੇ ਸਮੇਂ ਤੱਕ ਸੰਕਟ ਵਿੱਚ ਰਹਿੰਦਾ ਹੈ ਤਾਂ ਇਸ ਦਾ ਪ੍ਰਭਾਵ ਪੇਂਡੂ ਆਰਥਿਕਤਾ ਅਤੇ ਸੂਬੇ ਦੀ ਸਮੁੱਚੀ ਆਰਥਿਕ ਸਥਿਤੀ 'ਤੇ ਵੀ ਪੈ ਸਕਦਾ ਹੈ।

ਧਰਤੀ ਹੇਠਲੇ ਪਾਣੀ ਦੀ ਲਗਾਤਾਰ ਗੰਭੀਰ ਹੁੰਦੀ ਸਥਿਤੀ

ਪੰਜਾਬ ਵਿੱਚ ਪਾਣੀ ਦੇ ਪੱਧਰ ਨੂੰ ਲੈ ਕੇ ਵੀ ਤਿਵਾੜੀ ਨੇ ਚਿੰਤਾ ਜਤਾਈ। ਉਨ੍ਹਾਂ ਕਿਹਾ ਕਿ ਪਿਛਲੇ ਤਿੰਨ ਦਹਾਕਿਆਂ ਦੌਰਾਨ ਸੂਬੇ ਵਿੱਚ ਧਰਤੀ ਹੇਠਲੇ ਪਾਣੀ ਦਾ ਪੱਧਰ ਲਗਭਗ 30 ਤੋਂ 40 ਮੀਟਰ ਤੱਕ ਹੇਠਾਂ ਜਾ ਚੁੱਕਾ ਹੈ।

ਉਨ੍ਹਾਂ ਦਾਅਵਾ ਕੀਤਾ ਕਿ ਕੁਝ ਇਲਾਕਿਆਂ, ਖਾਸ ਕਰਕੇ ਦੱਖਣੀ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ, ਧਰਤੀ ਹੇਠਲੇ ਪਾਣੀ ਦਾ ਪੱਧਰ 600 ਤੋਂ 700 ਫੁੱਟ ਤੱਕ ਹੇਠਾਂ ਪਹੁੰਚ ਗਿਆ ਹੈ। ਉਨ੍ਹਾਂ ਕਿਹਾ ਕਿ ਪਾਣੀ ਦਾ ਇਹ ਸੰਕਟ ਪੰਜਾਬ ਦੀ ਖੇਤੀਬਾੜੀ ਅਤੇ ਭਵਿੱਖ ਦੀ ਆਰਥਿਕਤਾ ਲਈ ਵੱਡੀ ਚੁਣੌਤੀ ਬਣ ਸਕਦਾ ਹੈ।

ਨੌਜਵਾਨਾਂ ਲਈ ਰੁਜ਼ਗਾਰ ਦੀ ਕਮੀ ਅਤੇ ਵਿਦੇਸ਼ ਜਾਣ ਦਾ ਰੁਝਾਨ

ਮਨੀਸ਼ ਤਿਵਾੜੀ ਨੇ ਪੰਜਾਬ ਦੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕਿਆਂ ਦੀ ਕਮੀ ਨੂੰ ਵੀ ਗੰਭੀਰ ਮੁੱਦਾ ਦੱਸਿਆ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਉਦਯੋਗ ਅਤੇ ਹੁਨਰ ਵਿਕਾਸ ਦੇ ਮੌਕੇ ਉਮੀਦ ਮੁਤਾਬਕ ਨਹੀਂ ਵਧ ਸਕੇ, ਜਿਸ ਕਾਰਨ ਵੱਡੀ ਗਿਣਤੀ ਵਿੱਚ ਨੌਜਵਾਨ ਵਿਦੇਸ਼ ਜਾਣ ਨੂੰ ਤਰਜੀਹ ਦੇ ਰਹੇ ਹਨ।

ਉਨ੍ਹਾਂ ਕਿਹਾ ਕਿ ਆਈਲੈਟਸ ਦੀ ਤਿਆਰੀ ਅਤੇ ਵਿਦੇਸ਼ ਜਾਣ ਦੀ ਦੌੜ ਹੁਣ ਪੰਜਾਬ ਦੇ ਆਰਥਿਕ ਅਤੇ ਸਮਾਜਿਕ ਦ੍ਰਿਸ਼ ਦਾ ਇੱਕ ਮਹੱਤਵਪੂਰਨ ਹਿੱਸਾ ਬਣ ਚੁੱਕੀ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਦੁਨੀਆ ਦੇ ਵੱਖ-ਵੱਖ ਦੇਸ਼ਾਂ ਵੱਲੋਂ ਪ੍ਰਵਾਸ ਅਤੇ ਦਾਖਲੇ ਸਬੰਧੀ ਨਿਯਮ ਹੋਰ ਸਖ਼ਤ ਕੀਤੇ ਜਾਂਦੇ ਹਨ ਤਾਂ ਪੰਜਾਬ ਦੇ ਨੌਜਵਾਨਾਂ ਲਈ ਵਿਦੇਸ਼ ਜਾਣ ਦੇ ਵਿਕਲਪ ਵੀ ਮੁਸ਼ਕਲ ਹੋ ਸਕਦੇ ਹਨ।

ਨਾਰਕੋ-ਟੈਰਿਜ਼ਮ ਅਤੇ ਗੈਂਗਸਟਰਵਾਦ 'ਤੇ ਵੀ ਚਿੰਤਾ

ਤਿਵਾੜੀ ਨੇ ਨਾਰਕੋ-ਟੈਰਿਜ਼ਮ ਨੂੰ ਵੀ ਪੰਜਾਬ ਲਈ ਇੱਕ ਹੋਰ ਵੱਡੀ ਚੁਣੌਤੀ ਦੱਸਿਆ। ਉਨ੍ਹਾਂ ਇਸ ਮੁੱਦੇ ਨੂੰ ਸੂਬੇ ਵਿੱਚ ਗੈਂਗਸਟਰਵਾਦ ਅਤੇ ਨਸ਼ਿਆਂ ਨਾਲ ਜੁੜੀਆਂ ਸਮੱਸਿਆਵਾਂ ਨਾਲ ਜੋੜਦਿਆਂ ਕਿਹਾ ਕਿ ਇਸ ਦਾ ਪ੍ਰਭਾਵ ਪੰਜਾਬ ਦੀ ਸਮਾਜਿਕ ਅਤੇ ਆਰਥਿਕ ਸਥਿਤੀ 'ਤੇ ਵੀ ਪੈਂਦਾ ਹੈ।

ਉਨ੍ਹਾਂ ਕਿਹਾ ਕਿ 2027 ਦੀਆਂ ਚੋਣਾਂ ਦੀ ਤਿਆਰੀ ਕਰ ਰਹੀਆਂ ਸਾਰੀਆਂ ਸਿਆਸੀ ਪਾਰਟੀਆਂ ਨੂੰ ਇਨ੍ਹਾਂ ਮੁੱਦਿਆਂ 'ਤੇ ਆਪਣੀਆਂ ਨੀਤੀਆਂ ਅਤੇ ਹੱਲ ਲੋਕਾਂ ਸਾਹਮਣੇ ਰੱਖਣੇ ਚਾਹੀਦੇ ਹਨ। ਉਨ੍ਹਾਂ ਸਵਾਲ ਕੀਤਾ ਕਿ ਕੀ ਚੋਣੀ ਮੁਕਾਬਲਾ ਸਿਰਫ਼ ਸੱਤਾ ਹਾਸਲ ਕਰਨ ਤੱਕ ਸੀਮਤ ਰਹੇਗਾ ਜਾਂ ਪੰਜਾਬ ਦੀਆਂ ਲੰਬੇ ਸਮੇਂ ਦੀਆਂ ਆਰਥਿਕ ਅਤੇ ਸਮਾਜਿਕ ਸਮੱਸਿਆਵਾਂ 'ਤੇ ਵੀ ਗੰਭੀਰ ਬਹਿਸ ਹੋਵੇਗੀ।

ਤਿਵਾੜੀ ਨੇ ਕਿਹਾ ਕਿ ਪੰਜਾਬ ਦੇ ਕਰਜ਼ੇ, ਖੇਤੀਬਾੜੀ, ਪਾਣੀ, ਰੁਜ਼ਗਾਰ ਅਤੇ ਨਾਰਕੋ-ਟੈਰਿਜ਼ਮ ਵਰਗੇ ਮੁੱਦੇ ਸੂਬੇ ਦੇ ਭਵਿੱਖ ਨਾਲ ਸਿੱਧੇ ਤੌਰ 'ਤੇ ਜੁੜੇ ਹੋਏ ਹਨ। ਉਨ੍ਹਾਂ ਮੁਤਾਬਕ 2027 ਦੀਆਂ ਵਿਧਾਨ ਸਭਾ ਚੋਣਾਂ ਵੱਲ ਵਧਦਿਆਂ ਇਨ੍ਹਾਂ ਮੁੱਦਿਆਂ ਨੂੰ ਪੰਜਾਬ ਦੇ ਜਨਤਕ ਬਿਰਤਾਂਤ ਵਿੱਚ ਵਧੇਰੇ ਮਹੱਤਵ ਮਿਲਣਾ ਚਾਹੀਦਾ ਹੈ।

# ਪਾਣੀ ਦੇ ਬਕਾਏ 'ਤੇ ਪੰਜਾਬ ਸਰਕਾਰ ਸਖ਼ਤ

## ਰਾਜਸਥਾਨ ਤੋਂ 1.44 ਲੱਖ ਕਰੋੜ ਦੀ ਰਾਇਲਟੀ ਮੰਗੀ

30 ਦਿਨਾਂ ਵਿੱਚ ਜਵਾਬ ਤੇ ਬਕਾਇਆ ਰਕਮ ਦੇਣ ਦੀ ਚਿਤਾਵਨੀ; ਹਰਿਆਣਾ ਤੋਂ ਵੀ ਭਾਖੜਾ ਨਹਿਰ ਦੀ ਸਾਂਭ-ਸੰਭਾਲ ਦੇ 312.59 ਕਰੋੜ ਰੁਪਏ ਮੰਗੇ

**ਚੰਡੀਗੜ੍ਹ:** ਪੰਜਾਬ ਸਰਕਾਰ ਨੇ ਗੁਆਂਢੀ ਸੂਬਿਆਂ ਤੋਂ ਪਾਣੀ ਅਤੇ ਨਹਿਰੀ ਪ੍ਰਬੰਧ ਨਾਲ ਸਬੰਧਤ ਬਕਾਇਆ ਰਕਮਾਂ ਦੀ ਵਸੂਲੀ ਲਈ ਹੁਣ ਸਖ਼ਤ ਰੁਖ਼ ਅਖ਼ਤਿਆਰ ਕਰ ਲਿਆ ਹੈ। ਸਰਕਾਰ ਵੱਲੋਂ ਰਾਜਸਥਾਨ ਤੋਂ ਪਾਣੀ ਦੀ ਰਾਇਲਟੀ ਦੇ 1,44,083 ਕਰੋੜ ਰੁਪਏ ਦੇ ਬਕਾਏ ਦੀ ਮੰਗ ਕਰਦਿਆਂ ਅੰਤਿਮ ਚਿਤਾਵਨੀ ਪੱਤਰ ਜਾਰੀ ਕੀਤਾ ਗਿਆ ਹੈ। ਇਸ ਦੇ ਨਾਲ ਹੀ ਹਰਿਆਣਾ ਸਰਕਾਰ ਨੂੰ ਵੀ ਭਾਖੜਾ ਨਹਿਰ ਦੀ ਸਾਂਭ-ਸੰਭਾਲ ਦੇ 312.59 ਕਰੋੜ ਰੁਪਏ ਦੇ ਬਕਾਏ ਅਦਾ ਕਰਨ ਲਈ ਕਿਹਾ ਗਿਆ ਹੈ।

ਪੰਜਾਬ ਦੇ ਜਲ ਸਰੋਤ ਵਿਭਾਗ ਦੇ ਪ੍ਰਮੁੱਖ ਸਕੱਤਰ ਵੱਲੋਂ ਰਾਜਸਥਾਨ ਸਰਕਾਰ ਨੂੰ ਭੇਜੇ ਗਏ ਅੰਤਿਮ ਪੱਤਰ ਵਿੱਚ 1961 ਤੋਂ 2025 ਤੱਕ ਦੀ ਪਾਣੀ ਦੀ ਰਾਇਲਟੀ ਦੇ ਬਦਲੇ 1,44,083 ਕਰੋੜ ਰੁਪਏ ਦੀ ਅਦਾਇਗੀ ਕਰਨ ਦੀ ਮੰਗ ਕੀਤੀ ਗਈ ਹੈ। ਪੰਜਾਬ ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਜੇ ਰਾਜਸਥਾਨ ਸਰਕਾਰ 30 ਦਿਨਾਂ ਦੇ ਅੰਦਰ ਪੱਤਰ ਦਾ ਜਵਾਬ ਦੇਣ ਅਤੇ ਬਕਾਇਆ ਰਕਮ ਦੀ ਅਦਾਇਗੀ ਕਰਨ ਵਿੱਚ ਅਸਫਲ ਰਹਿੰਦੀ ਹੈ ਤਾਂ ਪੰਜਾਬ ਵੱਲੋਂ ਅਦਾਲਤੀ ਅਤੇ ਸੰਵਿਧਾਨਕ ਕਾਰਵਾਈ ਸ਼ੁਰੂ ਕੀਤੀ ਜਾ ਸਕਦੀ ਹੈ।

ਪੰਜਾਬ ਸਰਕਾਰ ਵੱਲੋਂ ਰਾਜਸਥਾਨ ਨੂੰ ਇਸ ਸਾਲ ਪਹਿਲਾਂ ਵੀ 18 ਮਾਰਚ ਅਤੇ 4 ਮਈ ਨੂੰ ਪੱਤਰ ਭੇਜੇ ਜਾ ਚੁੱਕੇ ਹਨ। ਸਰਕਾਰ ਦਾ ਕਹਿਣਾ ਹੈ ਕਿ ਇਨ੍ਹਾਂ ਪੱਤਰਾਂ ਦਾ ਰਾਜਸਥਾਨ ਵੱਲੋਂ ਕੋਈ ਜਵਾਬ ਨਹੀਂ ਦਿੱਤਾ ਗਿਆ, ਜਿਸ ਤੋਂ ਬਾਅਦ ਹੁਣ ਅੰਤਿਮ ਚਿਤਾਵਨੀ ਜਾਰੀ ਕੀਤੀ ਗਈ ਹੈ।

ਪਾਣੀ ਦੀ ਰਾਇਲਟੀ ਦੇ ਇਸ ਦਾਅਵੇ ਦਾ ਸਬੰਧ ਇਤਿਹਾਸਕ ਸਮਝੌਤਿਆਂ ਨਾਲ ਜੋੜਿਆ ਜਾ ਰਿਹਾ ਹੈ। ਬਰਤਾਨਵੀ ਹਕੂਮਤ ਦੌਰਾਨ 4 ਸਤੰਬਰ 1920 ਨੂੰ ਸ਼ਿਮਲਾ ਵਿੱਚ ਮਹਾਰਾਜਾ ਆਫ਼ ਬੀਕਾਨੇਰ,



ਨਵਾਬ ਆਫ਼ ਬਹਾਵਲਪੁਰ ਅਤੇ ਸਟੇਟ ਆਫ਼ ਪੰਜਾਬ ਵਿਚਾਲੇ ਪਾਣੀਆਂ ਸਬੰਧੀ ਸਮਝੌਤਾ ਹੋਇਆ ਸੀ। ਪੰਜਾਬ ਸਰਕਾਰ ਦਾ ਤਰਕ ਹੈ ਕਿ ਇਸ ਸਮਝੌਤੇ ਦੇ ਆਧਾਰ 'ਤੇ ਰਾਜਸਥਾਨ ਖੇਤਰ ਨੂੰ ਪਾਣੀ ਦੀ ਸਪਲਾਈ ਕੀਤੀ ਜਾਂਦੀ ਰਹੀ ਅਤੇ ਇਸ ਦੇ ਬਦਲੇ ਰਾਇਲਟੀ ਜਾਂ ਜਲ ਸੈੱਸ ਦੀ ਵਿਵਸਥਾ ਸੀ।

ਸਤਲੁਜ ਵੈਲੀ ਪ੍ਰਾਜੈਕਟ 1920 ਤਹਿਤ ਬਰਤਾਨਵੀ ਸਰਕਾਰ ਵੱਲੋਂ ਬੀਕਾਨੇਰ ਦੇ ਰਾਜਾ 'ਤੇ ਪਾਣੀ ਦੀ ਵਰਤੋਂ ਦੇ ਬਦਲੇ 6.50 ਰੁਪਏ ਸਾਲਾਨਾ ਪ੍ਰਤੀ ਏਕੜ ਜਲ ਸੈੱਸ ਲਗਾਇਆ ਗਿਆ ਸੀ। ਨਵੰਬਰ 1927 ਤੋਂ ਹੁਸੈਨੀਵਾਲਾ ਹੈੱਡ ਵਰਕਸ ਤੋਂ ਪਾਣੀ ਦੀ ਸਪਲਾਈ ਸ਼ੁਰੂ ਹੋਈ ਸੀ। ਪੰਜਾਬ ਸਰਕਾਰ ਦੇ ਦਾਅਵੇ ਮੁਤਾਬਕ 1960 ਵਿੱਚ ਸਿੰਧ ਜਲ ਸੰਧੀ ਹੋਣ ਤੱਕ ਰਾਜਸਥਾਨ ਵੱਲੋਂ ਪਾਣੀ ਦੀ ਰਾਇਲਟੀ ਅਦਾ ਕੀਤੀ ਜਾਂਦੀ ਰਹੀ।

ਪੰਜਾਬ ਸਰਕਾਰ ਨੇ ਸਾਲ 1960 ਤੋਂ 2025 ਤੱਕ ਦੇ ਆਪਣੇ ਰਾਇਲਟੀ ਦਾਅਵੇ ਦੀ ਗਣਨਾ ਮੌਜੂਦਾ ਫਾਰਮੂਲੇ ਦੇ ਆਧਾਰ 'ਤੇ ਕੀਤੀ ਹੈ। ਇਸ ਤਹਿਤ 141.20 ਰੁਪਏ ਸਾਲਾਨਾ ਪ੍ਰਤੀ ਏਕੜ ਦੀ ਲਾਗਤ ਨੂੰ ਆਧਾਰ ਬਣਾਇਆ ਗਿਆ ਹੈ। ਪੰਜਾਬ ਵੱਲੋਂ ਰਾਜਸਥਾਨ ਨੂੰ ਔਸਤਨ 10 ਐੱਮਏਐੱਫ ਪਾਣੀ ਦੀ ਰਾਇਲਟੀ ਦਾ ਦਾਅਵਾ ਕੀਤਾ ਗਿਆ ਹੈ ਅਤੇ ਇਸ ਰਕਮ 'ਤੇ 8 ਫ਼ੀਸਦੀ ਵਿਆਜ ਵੀ ਜੋੜਿਆ ਗਿਆ ਹੈ।

ਪੰਜਾਬ ਸਰਕਾਰ ਦਾ ਇਹ ਵੀ ਕਹਿਣਾ ਹੈ ਕਿ ਰਾਜਸਥਾਨ ਸਰਕਾਰ ਆਪਣੇ ਸੂਬੇ ਦੇ ਕਿਸਾਨਾਂ ਤੋਂ ਪ੍ਰਤੀ ਏਕੜ, ਪ੍ਰਤੀ ਫ਼ਸਲ 70 ਰੁਪਏ ਜਲ ਚਾਰਜ ਵਸੂਲ ਰਹੀ ਹੈ। ਇਸ ਤਰ੍ਹਾਂ ਰਾਜਸਥਾਨ ਨੂੰ ਹਰ ਸਾਲ ਲਗਭਗ 65.20 ਕਰੋੜ ਰੁਪਏ ਦੀ ਆਮਦਨ ਹੋ ਰਹੀ ਹੈ। ਪੰਜਾਬ ਸਰਕਾਰ ਦਾ ਤਰਕ ਹੈ ਕਿ ਜਦੋਂ ਰਾਜਸਥਾਨ ਆਪਣੇ ਕਿਸਾਨਾਂ ਤੋਂ ਪਾਣੀ ਦੀ ਵਰਤੋਂ ਦੇ ਬਦਲੇ ਜਲ ਚਾਰਜ ਵਸੂਲ ਰਿਹਾ ਹੈ ਤਾਂ ਪੰਜਾਬ ਦੇ ਪਾਣੀ ਦੀ ਵਰਤੋਂ ਨਾਲ ਜੁੜੀ ਰਾਇਲਟੀ ਦਾ ਮਾਮਲਾ ਵੀ ਵਿਚਾਰਿਆ ਜਾਣਾ ਚਾਹੀਦਾ ਹੈ।

ਹਾਲਾਂਕਿ ਰਾਜਸਥਾਨ ਸਰਕਾਰ ਵੱਲੋਂ ਪੰਜਾਬ ਦੇ ਇਸ ਦਾਅਵੇ 'ਤੇ ਪਹਿਲਾਂ ਹੀ ਇਤਰਾਜ਼ ਜਤਾਇਆ ਜਾ ਚੁੱਕਾ ਹੈ। ਰਾਜਸਥਾਨ ਦੇ ਜਲ ਸਰੋਤ ਮੰਤਰੀ ਸੁਰੇਸ਼ ਸਿੰਘ ਰਾਵਤ ਨੇ ਕਿਹਾ ਸੀ ਕਿ ਪੰਜਾਬ ਸਰਕਾਰ ਵੱਲੋਂ 1920 ਦੇ ਸਮਝੌਤੇ ਨੂੰ ਆਧਾਰ ਬਣਾਇਆ ਜਾ ਰਿਹਾ ਹੈ, ਜਿਸ ਦਾ ਹੁਣ ਕੋਈ ਕਾਨੂੰਨੀ ਆਧਾਰ ਨਹੀਂ ਰਹਿ ਗਿਆ। ਉਨ੍ਹਾਂ ਦਾ ਤਰਕ ਹੈ ਕਿ ਬਰਤਾਨਵੀ ਰਾਜ ਦੌਰਾਨ ਬੀਕਾਨੇਰ ਰਿਆਸਤ ਨਾਲ ਹੋਏ ਸਮਝੌਤੇ ਦੀ ਆਜ਼ਾਦੀ ਤੋਂ ਬਾਅਦ ਉਹੀ ਕਾਨੂੰਨੀ ਸਥਿਤੀ ਨਹੀਂ ਰਹੀ।

ਇਸੇ ਦੌਰਾਨ ਪੰਜਾਬ ਸਰਕਾਰ ਨੇ ਹਰਿਆਣਾ ਤੋਂ ਭਾਖੜਾ ਨਹਿਰ ਦੀ ਸਾਂਭ-ਸੰਭਾਲ ਦੇ ਬਕਾਏ ਦੀ ਮੰਗ ਵੀ ਤੇਜ਼ ਕਰ ਦਿੱਤੀ ਹੈ। ਪੰਜਾਬ ਦੇ ਮੁੱਖ ਸਕੱਤਰ ਨੇ ਹਰਿਆਣਾ ਦੇ ਮੁੱਖ ਸਕੱਤਰ ਨੂੰ ਪੱਤਰ ਲਿਖ ਕੇ 312.59 ਕਰੋੜ ਰੁਪਏ ਦੇ ਬਕਾਏ ਅਦਾ ਕਰਨ ਲਈ ਕਿਹਾ ਹੈ। ਇਸ ਤੋਂ ਪਹਿਲਾਂ ਪੰਜਾਬ ਦੇ ਜਲ ਸਰੋਤ ਵਿਭਾਗ ਵੱਲੋਂ 16 ਜੂਨ 2026 ਨੂੰ ਵੀ ਹਰਿਆਣਾ ਸਰਕਾਰ ਨੂੰ ਪੱਤਰ ਭੇਜਿਆ ਗਿਆ ਸੀ।

ਪੰਜਾਬ ਸਰਕਾਰ ਨੇ ਹਰਿਆਣਾ ਨੂੰ ਭਾਖੜਾ ਮੇਨ ਲਾਈਨ ਡਿਵੀਜ਼ਨ ਪਟਿਆਲਾ ਦਾ 281.78 ਕਰੋੜ ਰੁਪਏ ਅਤੇ ਮਾਨਸਾ ਡਿਵੀਜ਼ਨ ਦਾ 30.80 ਕਰੋੜ ਰੁਪਏ ਦਾ ਬਿੱਲ ਭੇਜਿਆ ਹੈ। ਇਨ੍ਹਾਂ ਦੋਵਾਂ ਰਕਮਾਂ ਨੂੰ ਮਿਲਾ ਕੇ ਹਰਿਆਣਾ ਤੋਂ ਕੁੱਲ 312.59 ਕਰੋੜ ਰੁਪਏ ਦੀ ਮੰਗ ਕੀਤੀ ਗਈ ਹੈ।

# ਨਾਂਦੇੜ ਸਾਹਿਬ ’ਚ ਸੁਖਬੀਰ ਬਾਦਲ ’ਤੇ ਹਮਲਾ

## ਐਡਵੋਕੇਟ ਧਾਮੀ ਨੇ ਮੰਗੀ ਨਿਰਪੱਖ ਜਾਂਚ

**ਮਾਤਾ ਸਾਹਿਬ ਕੌਰ ਗੁਰਦੁਆਰਾ ਸਾਹਿਬ ਵਿਖੇ ਵਾਪਰੀ ਘਟਨਾ; ਹਮਲੇ ਵਿੱਚ ਸੁਖਬੀਰ ਬਾਦਲ ਦੇ ਹੱਥ ’ਤੇ ਸੱਟ, ਬਚਾਅ ਦੌਰਾਨ ਗਾਰਡ ਵੀ ਜ਼ਖਮੀ; ਐੱਸਜੀਪੀਸੀ ਪ੍ਰਧਾਨ ਨੇ ਗੁਰਦੁਆਰਾ ਸਾਹਿਬ ਦੀ ਮਰਿਆਦਾ ਨੂੰ ਠੇਸ ਪਹੁੰਚਾਉਣ ਵਾਲੀ ਘਟਨਾ ਕਰਾਰ ਦਿੱਤਾ**



ਮਹਾਰਾਸ਼ਟਰ ਦੇ ਨਾਂਦੇੜ ਸਾਹਿਬ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ’ਤੇ ਹਮਲਾ ਹੋਣ ਦੀ ਘਟਨਾ ਸਾਹਮਣੇ ਆਈ ਹੈ। ਜਾਣਕਾਰੀ ਅਨੁਸਾਰ ਇਹ ਘਟਨਾ ਉਸ ਸਮੇਂ ਵਾਪਰੀ ਜਦੋਂ ਸੁਖਬੀਰ ਸਿੰਘ ਬਾਦਲ ਆਪਣੇ ਸਮਰਥਕਾਂ ਅਤੇ ਸੁਰੱਖਿਆ ਕਰਮਚਾਰੀਆਂ ਸਮੇਤ ਮਾਤਾ ਸਾਹਿਬ ਕੌਰ ਗੁਰਦੁਆਰਾ ਸਾਹਿਬ ਵਿਖੇ ਦਰਸ਼ਨਾਂ ਲਈ ਪਹੁੰਚੇ ਹੋਏ ਸਨ। ਹਮਲੇ ਦੌਰਾਨ ਉਨ੍ਹਾਂ ਦੇ ਹੱਥ ’ਤੇ ਸੱਟ ਲੱਗੀ, ਜਦਕਿ ਉਨ੍ਹਾਂ ਨੂੰ ਬਚਾਉਣ ਦੀ ਕੋਸ਼ਿਸ਼ ਕਰਨ ਵਾਲਾ ਇੱਕ ਸੁਰੱਖਿਆ ਕਰਮਚਾਰੀ ਵੀ ਜ਼ਖਮੀ ਹੋ ਗਿਆ।

ਦੱਸਿਆ ਜਾ ਰਿਹਾ ਹੈ ਕਿ ਘਟਨਾ ਸਵੇਰੇ ਕਰੀਬ 11 ਵਜੇ ਵਾਪਰੀ। ਮਾਤਾ ਸਾਹਿਬ ਕੌਰ ਗੁਰਦੁਆਰਾ ਸਾਹਿਬ ਨਾਂਦੇੜ ਸ਼ਹਿਰ ਦੇ ਬਾਹਰੀ ਇਲਾਕੇ ਵਿੱਚ ਸਥਿਤ ਹੈ ਅਤੇ ਇਸ ਦੇ ਆਲੇ-ਦੁਆਲੇ ਜੰਗਲੀ ਖੇਤਰ ਵੀ ਹੈ। ਘਟਨਾ ਸਮੇਂ ਗੁਰਦੁਆਰਾ ਸਾਹਿਬ ਵਿੱਚ ਸੰਗਤ ਦੀ ਮੌਜੂਦਗੀ ਸੀ। ਇਸੇ ਦੌਰਾਨ ਭੀੜ ਦਾ ਫਾਇਦਾ ਉਠਾਉਂਦਿਆਂ ਇੱਕ ਵਿਅਕਤੀ ਕਥਿਤ ਤੌਰ ’ਤੇ ਹਥਿਆਰ ਲੈ ਕੇ ਸੁਖਬੀਰ ਸਿੰਘ ਬਾਦਲ ਦੇ ਨੇੜੇ ਪਹੁੰਚਿਆ ਅਤੇ ਉਨ੍ਹਾਂ ’ਤੇ ਹਮਲਾ ਕਰ ਦਿੱਤਾ।

ਜਾਣਕਾਰੀ ਮੁਤਾਬਕ ਹਮਲਾਵਰ ਨੂੰ ਮੌਕੇ ’ਤੇ ਕਾਬੂ ਕਰ ਲਿਆ ਗਿਆ। ਹਮਲੇ ਵਿੱਚ ਤੇਜ਼ਧਾਰ ਹਥਿਆਰ ਦੀ ਵਰਤੋਂ ਕੀਤੇ ਜਾਣ ਦੀ ਗੱਲ ਵੀ ਸਾਹਮਣੇ ਆਈ ਹੈ। ਸੁਖਬੀਰ ਸਿੰਘ ਬਾਦਲ ਦੇ ਨੇੜੇ ਮੌਜੂਦ ਚੌਕਸ ਸੁਰੱਖਿਆ ਗਾਰਡ ਨੇ ਤੁਰੰਤ ਦਖ਼ਲ ਦੇ ਕੇ ਹਮਲੇ ਨੂੰ ਰੋਕਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਗਾਰਡ ਜ਼ਖਮੀ ਹੋ ਗਿਆ, ਜਦਕਿ ਸੁਖਬੀਰ ਬਾਦਲ ਦੇ ਹੱਥ ’ਤੇ ਸੱਟ ਲੱਗੀ।

ਹਮਲੇ ਤੋਂ ਬਾਅਦ ਸੁਖਬੀਰ ਸਿੰਘ ਬਾਦਲ ਨੂੰ ਇਲਾਜ ਲਈ ਇੱਕ ਨਿੱਜੀ ਹਸਪਤਾਲ ਵਿੱਚ ਲਿਜਾਇਆ ਗਿਆ। ਉਨ੍ਹਾਂ ਦੀ ਹਾਲਤ ਸਥਿਰ ਦੱਸੀ ਜਾ ਰਹੀ ਹੈ। ਘਟਨਾ ਤੋਂ ਬਾਅਦ ਸੁਰੱਖਿਆ ਪ੍ਰਬੰਧਾਂ ਅਤੇ ਗੁਰਦੁਆਰਾ ਸਾਹਿਬ ਦੀ ਹਦੂਦ ਅੰਦਰ ਵਾਪਰੀ ਇਸ ਘਟਨਾ ਨੂੰ ਲੈ ਕੇ ਕਈ ਸਵਾਲ ਖੜ੍ਹੇ ਹੋ ਗਏ ਹਨ।

ਇਸ ਘਟਨਾ ’ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਖ਼ਤ ਪ੍ਰਤੀਕਿਰਿਆ ਦਿੱਤੀ ਹੈ। ਉਨ੍ਹਾਂ ਸੁਖਬੀਰ ਸਿੰਘ ਬਾਦਲ ’ਤੇ ਹੋਏ ਹਮਲੇ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਸ ਨੂੰ ਬੇਹੱਦ ਦੁਖਦਾਈ ਅਤੇ ਮੰਦਭਾਗੀ ਘਟਨਾ ਕਰਾਰ ਦਿੱਤਾ।

ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖਾਂ ਦੀ ਆਸਥਾ ਦੇ ਪ੍ਰਤੀਕ ਪਾਵਨ ਗੁਰਦੁਆਰਾ ਸਾਹਿਬ ਵਿਖੇ ਸਿੱਖਾਂ ਦੀ ਨੁਮਾਇੰਦਾ ਸਿਆਸੀ ਜਥੇਬੰਦੀ ਦੇ ਮੁਖੀ ’ਤੇ ਹਮਲਾ ਹੋਣਾ ਬਹੁਤ ਹੀ ਚਿੰਤਾਜਨਕ ਹੈ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਆਪਣੇ ਪਰਿਵਾਰ ਸਮੇਤ ਗੁਰੂ ਘਰ ਦੇ ਦਰਸ਼ਨਾਂ ਲਈ ਇੱਕ ਸ਼ਰਧਾਲੂ ਵਜੋਂ ਪਹੁੰਚੇ ਸਨ ਅਤੇ ਅਜਿਹੇ ਮੌਕੇ ਉਨ੍ਹਾਂ ’ਤੇ ਹਮਲਾ ਹੋਣਾ ਗੁਰੂ ਘਰ ਦੀ ਮਾਣ-ਮਰਿਆਦਾ ਦੇ ਉਲਟ ਹੈ।

### ਸੁਖਬੀਰ ਬਾਦਲ ’ਤੇ ਹਮਲੇ ਦੀ ਸੀਬੀਆਈ ਜਾਂਚ ਦੀ ਮੰਗ, ਮਜੀਠੀਆ ਨੇ ਜਤਾਇਆ ਵੱਡੀ ਸਾਜ਼ਿਸ਼ ਦਾ ਖ਼ਦਸ਼ਾ

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੇ ਮਹਾਰਾਸ਼ਟਰ ਦੇ ਨਾਂਦੇੜ ਸਥਿਤ ਗੁਰਦੁਆਰਾ ਸਾਹਿਬ ਵਿੱਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ’ਤੇ ਹੋਏ ਹਮਲੇ ਦੀ ਸਖ਼ਤ ਨਿਖੇਧੀ ਕੀਤੀ ਹੈ। ਉਨ੍ਹਾਂ ਨੇ ਇਸ ਘਟਨਾ ਦੀ ਤੁਰੰਤ ਸੀਬੀਆਈ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ।

ਮਜੀਠੀਆ ਨੇ ਕਿਹਾ ਕਿ ਕਿਸੇ ਵੀ ਪ੍ਰਮੁੱਖ ਸਿੱਖ ਧਾਰਮਿਕ ਅਸਥਾਨ ਦੇ ਅੰਦਰ ਕਿਸੇ ਵਿਅਕਤੀ ’ਤੇ ਹਮਲਾ ਹੋਣਾ ਬੇਹੱਦ ਗੰਭੀਰ ਅਤੇ ਚਿੰਤਾਜਨਕ ਮਾਮਲਾ ਹੈ। ਉਨ੍ਹਾਂ ਨੇ ਇਸ ਘਟਨਾ ਦੇ ਪਿੱਛੇ ਕਿਸੇ ਵੱਡੀ ਸਾਜ਼ਿਸ਼ ਦੀ ਸੰਭਾਵਨਾ ਤੋਂ ਵੀ ਇਨਕਾਰ ਨਹੀਂ ਕੀਤਾ।

ਅਕਾਲੀ ਆਗੂ ਨੇ ਕਿਹਾ ਕਿ ਸੁਖਬੀਰ ਬਾਦਲ ’ਤੇ ਕਿਸੇ ਵੱਡੇ ਸਿੱਖ ਧਾਰਮਿਕ ਅਸਥਾਨ ਵਿੱਚ ਇਹ ਦੂਜਾ ਹਮਲਾ ਹੈ। ਇਸ ਤੋਂ ਪਹਿਲਾਂ ਦਸੰਬਰ 2024 ਵਿੱਚ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਵਿਖੇ ਨਾਰਾਇਣ ਸਿੰਘ ਚੌੜਾ ਵੱਲੋਂ ਉਨ੍ਹਾਂ ’ਤੇ ਗੋਲੀ ਚਲਾਉਣ ਦੀ ਘਟਨਾ ਵਾਪਰੀ ਸੀ।

# ਪੰਜਾਬ ਦੀ ਵੋਟਰ ਸੂਚੀ ’ਚ ਵੱਡਾ ਬਦਲਾਅ

## 20.66 ਲੱਖ ਨਾਮ ਖਰੜੇ ’ਚੋਂ ਹੋਣਗੇ ਬਾਹਰ

**ਅੱਜ ਜਾਰੀ ਹੋਵੇਗਾ ਵਿਸ਼ੇਸ਼ ਸੁਧਾਈ ਵਾਲੀ ਵੋਟਰ ਸੂਚੀ ਦਾ ਖਰੜਾ; 2.14 ਕਰੋੜ ਤੋਂ ਘਟ ਕੇ 1.93 ਕਰੋੜ ਰਹਿ ਸਕਦੀ ਹੈ ਵੋਟਰਾਂ ਦੀ ਗਿਣਤੀ, 12 ਸਤੰਬਰ ਤੱਕ ਦਾਅਵੇ-ਇਤਰਾਜ਼ ਦਰਜ ਕਰਵਾਉਣ ਦਾ ਮੌਕਾ**



**ਚੰਡੀਗੜ੍ਹ:** ਭਾਰਤੀ ਚੋਣ ਕਮਿਸ਼ਨ ਵੱਲੋਂ ਪੰਜਾਬ ਵਿੱਚ ਕਰਵਾਈ ਜਾ ਰਹੀ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ (ਸ਼੍ਰੀ) ਤਹਿਤ ਵੋਟਰ ਸੂਚੀ ਦਾ ਖਰੜਾ ਅੱਜ 13 ਅਗਸਤ ਨੂੰ ਜਾਰੀ ਕੀਤਾ ਜਾਵੇਗਾ। ਇਸ ਖਰੜੇ ਵਿੱਚ ਗਣਨਾ ਫਾਰਮ ਨਾ ਭਰਨ ਵਾਲੇ 20.66 ਲੱਖ ਵੋਟਰਾਂ ਦੇ ਨਾਮ ਸ਼ਾਮਲ ਨਹੀਂ ਕੀਤੇ ਜਾਣਗੇ। ਚੋਣ ਵਿਭਾਗ ਵੱਲੋਂ ਇਨ੍ਹਾਂ ਵੋਟਰਾਂ ਦੀ ਵੱਖ-ਵੱਖ ਕਾਰਨਾਂ ਦੇ ਆਧਾਰ ’ਤੇ ਪਛਾਣ ਕੀਤੀ ਗਈ ਹੈ।

ਜਾਣਕਾਰੀ ਮੁਤਾਬਕ ਖਰੜੇ ਵਿੱਚੋਂ ਬਾਹਰ ਹੋਣ ਵਾਲੇ 20.66 ਲੱਖ ਵੋਟਰਾਂ ਵਿੱਚੋਂ 5.74 ਲੱਖ ਅਜਿਹੇ ਵੋਟਰ ਹਨ ਜਿਨ੍ਹਾਂ ਦੀ ਮੌਤ ਹੋ ਚੁੱਕੀ ਹੈ। ਇਸ ਤੋਂ ਇਲਾਵਾ 1.19 ਲੱਖ ਵੋਟਰਾਂ ਦੀਆਂ ਐਂਟਰੀਆਂ ਡੁਪਲੀਕੇਟ ਪਾਈਆਂ ਗਈਆਂ ਹਨ। ਲਗਭਗ 9.44 ਲੱਖ ਵੋਟਰ ਆਪਣਾ ਪਤਾ ਬਦਲ ਕੇ ਕਿਸੇ ਹੋਰ ਥਾਂ ਸ਼ਿਫਟ ਹੋ ਚੁੱਕੇ ਹਨ, ਜਦਕਿ 4.12 ਲੱਖ ਵੋਟਰਾਂ ਨਾਲ ਵਾਰ-ਵਾਰ ਸੰਪਰਕ ਕਰਨ ਦੀ ਕੋਸ਼ਿਸ਼ ਕਰਨ ਦੇ ਬਾਵਜੂਦ ਸੰਪਰਕ ਨਹੀਂ ਹੋ ਸਕਿਆ।

ਚੋਣ ਵਿਭਾਗ ਦੇ ਅਧਿਕਾਰੀਆਂ ਅਨੁਸਾਰ ਇਨ੍ਹਾਂ ਵੋਟਰਾਂ ਦੇ ਨਾਮ ਵੋਟਰ ਸੂਚੀ ਦੇ ਖਰੜੇ ਵਿੱਚੋਂ ਬਾਹਰ ਕੀਤੇ ਜਾਣ ਦਾ ਮੁੱਖ ਕਾਰਨ ਇਹ ਹੈ ਕਿ ਵਿਸ਼ੇਸ਼ ਸੁਧਾਈ ਦੌਰਾਨ ਇਨ੍ਹਾਂ ਵੱਲੋਂ ਗਣਨਾ ਫਾਰਮ ਨਹੀਂ ਭਰੇ ਗਏ। ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਕਈ ਵਾਰ ਸੰਪਰਕ ਕਰਨ ਅਤੇ ਘਰਾਂ ਦੇ ਦੌਰੇ ਕਰਨ ਦੇ ਬਾਵਜੂਦ ਵੀ ਇਨ੍ਹਾਂ ਵੋਟਰਾਂ ਵੱਲੋਂ ਲੋੜੀਂਦੀ ਜਾਣਕਾਰੀ ਅਤੇ ਗਣਨਾ ਫਾਰਮ ਜਮ੍ਹਾਂ ਨਹੀਂ ਕਰਵਾਏ ਗਏ।

ਪੰਜਾਬ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਦਾ ਕੰਮ ਜੂਨ 2026 ਵਿੱਚ ਸ਼ੁਰੂ ਕੀਤਾ ਗਿਆ ਸੀ। ਇਸ ਸਮੇਂ ਸੂਬੇ ਵਿੱਚ ਵੋਟਰਾਂ ਦੀ ਕੁੱਲ ਗਿਣਤੀ ਲਗਭਗ 2.14 ਕਰੋੜ ਦਰਜ ਕੀਤੀ ਗਈ ਸੀ। ਹੁਣ 20.66 ਲੱਖ ਨਾਮ ਖਰੜੇ ਵਿੱਚੋਂ ਬਾਹਰ ਕੀਤੇ ਜਾਣ ਤੋਂ ਬਾਅਦ ਵੋਟਰ ਸੂਚੀ ਵਿੱਚ ਦਰਜ ਵੋਟਰਾਂ ਦੀ ਗਿਣਤੀ ਘਟ ਕੇ ਲਗਭਗ 1.93 ਕਰੋੜ ਰਹਿ ਜਾਣ ਦੀ ਸੰਭਾਵਨਾ ਹੈ।

ਚੋਣ ਅਧਿਕਾਰੀਆਂ ਨੇ ਸਪੱਸ਼ਟ ਕੀਤਾ ਹੈ ਕਿ ਖਰੜੇ ਵਿੱਚੋਂ ਕਿਸੇ ਨਾਮ ਦੇ ਬਾਹਰ ਹੋਣ ਦਾ ਮਤਲਬ ਇਹ ਨਹੀਂ ਕਿ ਸਬੰਧਤ ਵਿਅਕਤੀ ਨੂੰ ਆਪਣਾ ਪੱਖ ਰੱਖਣ ਦਾ ਮੌਕਾ ਨਹੀਂ ਮਿਲੇਗਾ। ਭਾਰਤੀ ਚੋਣ ਕਮਿਸ਼ਨ ਦੇ ਨਿਰਧਾਰਤ ਕਾਰਜਕ੍ਰਮ ਅਨੁਸਾਰ 13 ਅਗਸਤ ਨੂੰ ਖਰੜਾ ਵੋਟਰ ਸੂਚੀ ਜਾਰੀ ਹੋਣ ਤੋਂ ਬਾਅਦ ਵੋਟਰਾਂ ਨੂੰ ਆਪਣੇ ਦਾਅਵੇ ਅਤੇ ਇਤਰਾਜ਼ ਦਰਜ ਕਰਵਾਉਣ ਦਾ ਮੌਕਾ ਦਿੱਤਾ ਜਾਵੇਗਾ।

ਵੋਟਰ 12 ਸਤੰਬਰ ਤੱਕ ਆਪਣੇ ਦਾਅਵੇ ਜਾਂ ਇਤਰਾਜ਼ ਚੋਣ ਅਧਿਕਾਰੀਆਂ ਕੋਲ ਪੇਸ਼ ਕਰ ਸਕਣਗੇ। ਜਿਨ੍ਹਾਂ ਵਿਅਕਤੀਆਂ ਦਾ ਨਾਮ ਖਰੜੇ ਵਿੱਚ ਨਹੀਂ ਹੋਵੇਗਾ, ਉਹ ਨਿਰਧਾਰਤ ਪ੍ਰਕਿਰਿਆ ਤਹਿਤ ਆਪਣਾ ਨਾਮ ਸ਼ਾਮਲ ਕਰਵਾਉਣ ਲਈ ਦਾਅਵਾ ਪੇਸ਼ ਕਰ ਸਕਦੇ ਹਨ। ਇਸੇ ਤਰ੍ਹਾਂ ਵੋਟਰ ਸੂਚੀ ਵਿੱਚ ਕਿਸੇ ਗਲਤ ਜਾਂ ਅਣਉਚਿਤ ਐਂਟਰੀ ਸਬੰਧੀ ਇਤਰਾਜ਼ ਵੀ ਦਰਜ ਕਰਵਾਇਆ ਜਾ ਸਕੇਗਾ।

ਚੋਣ ਵਿਭਾਗ ਵੱਲੋਂ ਪ੍ਰਾਪਤ ਹੋਣ ਵਾਲੇ ਸਾਰੇ ਦਾਅਵਿਆਂ ਅਤੇ ਇਤਰਾਜ਼ਾਂ ਦੀ ਜਾਂਚ ਕੀਤੀ ਜਾਵੇਗੀ। ਅਧਿਕਾਰੀ ਮਾਮਲੇ ਦੀ ਤਸਦੀਕ ਕਰਨ ਤੋਂ ਬਾਅਦ ਲੋੜ ਅਨੁਸਾਰ ਵੋਟਰ ਸੂਚੀ ਵਿੱਚ ਸੋਧ ਕਰਨਗੇ। ਇਸ ਪੂਰੀ ਪ੍ਰਕਿਰਿਆ ਤੋਂ ਬਾਅਦ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਵੱਲੋਂ 12 ਅਕਤੂਬਰ ਨੂੰ ਅੰਤਿਮ ਵੋਟਰ ਸੂਚੀ ਜਾਰੀ ਕੀਤੀ ਜਾਵੇਗੀ।

ਵੋਟਰ ਸੂਚੀ ਵਿੱਚੋਂ ਬਾਹਰ ਕੀਤੇ ਜਾਣ ਵਾਲੇ ਨਾਮਾਂ ਵਿੱਚ ਮ੍ਰਿਤਕ ਵੋਟਰ, ਕਿਸੇ ਹੋਰ ਥਾਂ ਸ਼ਿਫਟ ਹੋ ਚੁੱਕੇ ਵੋਟਰ, ਡੁਪਲੀਕੇਟ ਐਂਟਰੀਆਂ ਅਤੇ ਅਜਿਹੇ ਵੋਟਰ ਸ਼ਾਮਲ ਹਨ ਜਿਨ੍ਹਾਂ ਨਾਲ ਵਾਰ-ਵਾਰ ਸੰਪਰਕ ਕਰਨ ਦੇ ਬਾਵਜੂਦ ਸੰਪਰਕ ਨਹੀਂ ਹੋ ਸਕਿਆ। ਚੋਣ ਅਧਿਕਾਰੀਆਂ ਮੁਤਾਬਕ ਕਈ ਮਾਮਲਿਆਂ ਵਿੱਚ ਕਰਮਚਾਰੀਆਂ ਨੇ ਸਬੰਧਤ ਵੋਟਰਾਂ ਦੇ ਘਰ ਤਿੰਨ ਵਾਰ ਤੱਕ ਦੌਰੇ ਕੀਤੇ, ਪਰ ਫਿਰ ਵੀ ਗਣਨਾ ਫਾਰਮ ਨਹੀਂ ਭਰੇ ਗਏ।

ਵਿਸ਼ੇਸ਼ ਸੁਧਾਈ ਦਾ ਉਦੇਸ਼ ਵੋਟਰ ਸੂਚੀ ਨੂੰ ਹੋਰ ਸਹੀ ਅਤੇ ਅਪਡੇਟ ਕਰਨਾ ਦੱਸਿਆ ਜਾ ਰਿਹਾ ਹੈ, ਤਾਂ ਜੋ ਮ੍ਰਿਤਕ, ਡੁਪਲੀਕੇਟ ਜਾਂ ਸਥਾਈ ਤੌਰ ’ਤੇ ਕਿਸੇ ਹੋਰ ਥਾਂ ਚਲੇ ਗਏ ਵੋਟਰਾਂ ਦੇ ਨਾਮਾਂ ਨੂੰ ਸਹੀ ਢੰਗ ਨਾਲ ਦਰਜ ਕੀਤਾ ਜਾ ਸਕੇ। ਇਸ ਦੇ ਨਾਲ ਹੀ ਜਿਹੜੇ ਯੋਗ ਵੋਟਰ ਕਿਸੇ ਕਾਰਨ ਕਰਕੇ ਖਰੜੇ ਵਿੱਚ ਆਪਣਾ ਨਾਮ ਨਹੀਂ ਦੇਖਦੇ, ਉਨ੍ਹਾਂ ਨੂੰ ਦਾਅਵਾ ਪੇਸ਼ ਕਰਕੇ ਆਪਣਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਕਰਵਾਉਣ ਦਾ ਮੌਕਾ ਮਿਲੇਗਾ।

ਪੰਜਾਬ ਵਿੱਚ ਇਸ ਵਿਸ਼ੇਸ਼ ਸੁਧਾਈ ਤੋਂ ਬਾਅਦ ਵੋਟਰ ਸੂਚੀ ਵਿੱਚ ਹੋਣ ਵਾਲੀ ਤਬਦੀਲੀ ਕਾਫ਼ੀ ਵੱਡੀ ਮੰਨੀ ਜਾ ਰਹੀ ਹੈ। 20.66 ਲੱਖ ਨਾਮ ਖਰੜੇ ਵਿੱਚੋਂ ਬਾਹਰ ਕੀਤੇ ਜਾਣ ਨਾਲ ਸੂਬੇ ਦੀ ਕੁੱਲ ਵੋਟਰ ਗਿਣਤੀ ਵਿੱਚ ਵੀ ਵੱਡਾ ਫਰਕ ਪਵੇਗਾ। ਹੁਣ 13 ਅਗਸਤ ਨੂੰ ਜਾਰੀ ਹੋਣ ਵਾਲੇ ਖਰੜੇ ਤੋਂ ਬਾਅਦ ਦਾਅਵਿਆਂ ਅਤੇ ਇਤਰਾਜ਼ਾਂ ਦੀ ਪ੍ਰਕਿਰਿਆ ਮਹੱਤਵਪੂਰਨ ਹੋਵੇਗੀ, ਜਿਸ ਤੋਂ ਬਾਅਦ 12 ਅਕਤੂਬਰ ਨੂੰ ਅੰਤਿਮ ਵੋਟਰ ਸੂਚੀ ਸਾਹਮਣੇ ਆਵੇਗੀ।

# ਨਾਂਦੇੜ ਦੇ ਗੁਰਦੁਆਰਾ ਸਾਹਿਬ ਕੰਪਲੈਕਸ ’ਚ ਸੁਖਬੀਰ ਬਾਦਲ ’ਤੇ ਹਮਲਾ, ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕੀਤੀ ਸਖ਼ਤ ਨਿਖੇਧੀ

ਗੁਰਦੁਆਰਾ ਸਾਹਿਬਾਨ ਦੀ ਪਵਿੱਤਰਤਾ ਅਤੇ ਸਿੱਖ ਕੌਮ ਦੇ ਅਕਸ ਨੂੰ ਠੇਸ ਪਹੁੰਚਾਉਣ ਵਾਲੀ ਘਟਨਾ ਕਰਾਰ; ਕਿਹਾ- ਗੁਰੂ ਦਾ ਸੱਚਾ ਸਿੱਖ ਕਿਸੇ ਸ਼ਰਧਾਲੂ ’ਤੇ ਹਮਲਾ ਨਹੀਂ ਕਰ ਸਕਦਾ



ਨਾਂਦੇੜ ਵਿਖੇ ਗੁਰਦੁਆਰਾ ਸਾਹਿਬ ਮਾਤਾ ਸਾਹਿਬ ਕੌਰ ਦੇ ਕੰਪਲੈਕਸ ਅੰਦਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ’ਤੇ ਹੋਏ ਹਮਲੇ ਦੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਉਨ੍ਹਾਂ ਇਸ ਘਟਨਾ ਨੂੰ ਬੇਹੱਦ ਮੰਦਭਾਗੀ ਅਤੇ ਨਿੰਦਣਯੋਗ ਕਰਾਰ ਦਿੰਦਿਆਂ ਕਿਹਾ ਕਿ ਗੁਰਦੁਆਰਾ ਸਾਹਿਬਾਨ ਉਹ ਪਵਿੱਤਰ ਅਸਥਾਨ ਹਨ, ਜਿੱਥੇ ਦੇਸ਼-ਵਿਦੇਸ਼ ਤੋਂ ਸਿੱਖ ਸੰਗਤ ਸ਼ਰਧਾ ਨਾਲ ਨਤਮਸਤਕ ਹੋਣ ਲਈ ਪਹੁੰਚਦੀ ਹੈ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਜਾਂਦੀ ਹੈ। ਅਜਿਹੇ ਪਵਿੱਤਰ ਸਥਾਨ ’ਤੇ ਕਿਸੇ ਵਿਅਕਤੀ ’ਤੇ ਹਮਲਾ ਹੋਣਾ ਬਹੁਤ ਹੀ ਚਿੰਤਾਜਨਕ ਅਤੇ ਦੁਖਦਾਈ ਵਰਤਾਰਾ ਹੈ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਆਪਣੇ ਪਰਿਵਾਰ ਸਮੇਤ ਇੱਕ ਸ਼ਰਧਾਲੂ ਸਿੱਖ ਵਜੋਂ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ, ਨਾਂਦੇੜ ਵਿਖੇ ਗੁਰਧਾਮਾਂ ਦੇ ਦਰਸ਼ਨਾਂ ਲਈ ਗਏ ਹੋਏ ਹਨ। ਉਨ੍ਹਾਂ ਦੱਸਿਆ ਕਿ ਅੱਜ ਸਵੇਰੇ ਤਖ਼ਤ ਸਾਹਿਬ ਦੇ ਸਿੰਘ ਸਾਹਿਬਾਨ ਅਤੇ ਪ੍ਰਬੰਧਕਾਂ ਵੱਲੋਂ ਸੁਖਬੀਰ ਸਿੰਘ ਬਾਦਲ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਗਿਆ।

ਉਨ੍ਹਾਂ ਕਿਹਾ ਕਿ ਇਸੇ ਦੌਰਾਨ ਕਿਸੇ ਸ਼ਰਾਰਤੀ ਵਿਅਕਤੀ ਵੱਲੋਂ ਗੁਰਦੁਆਰਾ ਸਾਹਿਬ ਮਾਤਾ ਸਾਹਿਬ ਦੇਵਾਂ ਜੀ ਦੇ ਕੰਪਲੈਕਸ ਵਿੱਚ ਸੁਖਬੀਰ ਸਿੰਘ ਬਾਦਲ ’ਤੇ ਹਮਲਾ ਕਰਨਾ ਬਹੁਤ ਹੀ ਨਿੰਦਣਯੋਗ ਕਾਰਵਾਈ ਹੈ। ਜਥੇਦਾਰ ਨੇ ਕਿਹਾ ਕਿ ਗੁਰਦੁਆਰਾ ਸਾਹਿਬ ਦੀ ਹਦੂਦ ਅੰਦਰ ਇਸ ਤਰ੍ਹਾਂ ਦੀ ਘਟਨਾ ਵਾਪਰਨਾ ਗੁਰਦੁਆਰਾ ਸਾਹਿਬਾਨ ਦੇ ਮਾਣ-ਸਤਿਕਾਰ ਅਤੇ ਪਵਿੱਤਰਤਾ ਦੇ ਉਲਟ ਹੈ।

ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਗੁਰਦੁਆਰਾ ਸਾਹਿਬਾਨ ਸਿੱਖ ਸੰਗਤ ਲਈ ਸ਼ਾਂਤੀ, ਸੇਵਾ, ਨਿਮਰਤਾ ਅਤੇ ਸਰਬੱਤ ਦੇ ਭਲੇ ਦੀ ਪ੍ਰੇਰਣਾ ਦੇ ਕੇਂਦਰ ਹਨ। ਇਨ੍ਹਾਂ ਪਵਿੱਤਰ ਅਸਥਾਨਾਂ ’ਤੇ ਹਰ ਸ਼ਰਧਾਲੂ ਨੂੰ ਬਿਨਾਂ ਕਿਸੇ ਭੇਦਭਾਵ ਦੇ ਨਤਮਸਤਕ ਹੋਣ ਅਤੇ ਗੁਰੂ ਘਰ ਦੀ ਮਰਿਆਦਾ ਅਨੁਸਾਰ ਆਪਣੀ ਸ਼ਰਧਾ ਪ੍ਰਗਟ ਕਰਨ ਦਾ ਮਾਹੌਲ ਮਿਲਣਾ ਚਾਹੀਦਾ ਹੈ। ਅਜਿਹੇ ਸਥਾਨ ’ਤੇ ਹਿੰਸਕ ਘਟਨਾ ਵਾਪਰਨਾ ਸਿੱਖ ਮਰਿਆਦਾ ਅਤੇ ਗੁਰਦੁਆਰਾ ਸਾਹਿਬ ਦੀ ਪਵਿੱਤਰਤਾ ਲਈ ਗੰਭੀਰ ਮਾਮਲਾ ਹੈ।

ਉਨ੍ਹਾਂ ਕਿਹਾ ਕਿ ਇਸ ਘਟਨਾ ਨਾਲ ਸਿਰਫ਼ ਇੱਕ ਵਿਅਕਤੀ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਨਹੀਂ ਹੋਈ, ਸਗੋਂ ਇਸ ਨਾਲ ਗੁਰਦੁਆਰਾ ਸਾਹਿਬਾਨ ਦੇ ਮਾਣ-ਸਤਿਕਾਰ ਨੂੰ ਵੀ ਠੇਸ ਪਹੁੰਚੀ ਹੈ। ਇਸ ਦੇ ਨਾਲ ਹੀ ਅਜਿਹੀਆਂ ਘਟਨਾਵਾਂ ਸਮੁੱਚੀ ਸਿੱਖ ਕੌਮ ਦੇ ਅਕਸ ਨੂੰ ਵੀ ਭਾਰੀ ਸੱਟ ਮਾਰਦੀਆਂ ਹਨ। ਉਨ੍ਹਾਂ ਸਿੱਖ ਸੰਗਤ ਨੂੰ ਗੁਰਦੁਆਰਾ ਸਾਹਿਬਾਨ ਦੀ ਮਰਿਆਦਾ ਅਤੇ ਪਵਿੱਤਰਤਾ ਨੂੰ ਕਾਇਮ ਰੱਖਣ ਦੀ ਅਪੀਲ ਕੀਤੀ।

ਜਥੇਦਾਰ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਗੁਰੂ ਦਾ ਸੱਚਾ ਸਿੱਖ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਆਏ ਕਿਸੇ ਵੀ ਸਿੱਖ ਜਾਂ ਸ਼ਰਧਾਲੂ ’ਤੇ ਹਮਲਾ ਨਹੀਂ ਕਰ ਸਕਦਾ। ਉਨ੍ਹਾਂ ਕਿਹਾ ਕਿ ਗੁਰੂ ਘਰ ਵਿੱਚ ਆਏ ਵਿਅਕਤੀ ਨਾਲ ਹਿੰਸਾ ਕਰਨਾ ਸਿੱਖੀ ਦੇ ਮੂਲ ਸਿਧਾਂਤਾਂ ਅਤੇ ਗੁਰਦੁਆਰਾ ਮਰਿਆਦਾ ਦੇ ਅਨੁਕੂਲ ਨਹੀਂ ਹੈ।

ਉਨ੍ਹਾਂ ਅਨੁਸਾਰ ਕਿਸੇ ਵੀ ਗੁਰਦੁਆਰਾ ਸਾਹਿਬ ਦੇ ਅੰਦਰ ਜਾਂ ਉਸ ਦੇ ਕੰਪਲੈਕਸ ਵਿੱਚ ਹਿੰਸਾ ਜਾਂ ਹਮਲੇ ਵਰਗੀ ਘਟਨਾ ਨਹੀਂ ਵਾਪਰਨੀ ਚਾਹੀਦੀ। ਗੁਰਦੁਆਰਾ ਸਾਹਿਬਾਨ ਸਿੱਖਾਂ ਦੇ ਨਾਲ-ਨਾਲ ਸਮੁੱਚੀ ਮਨੁੱਖਤਾ ਲਈ ਸ਼ਾਂਤੀ ਅਤੇ ਭਾਈਚਾਰੇ ਦਾ ਸੰਦੇਸ਼ ਦੇਣ ਵਾਲੇ ਪਵਿੱਤਰ ਸਥਾਨ ਹਨ। ਇਸ ਲਈ ਇਨ੍ਹਾਂ ਸਥਾਨਾਂ ਦੀ ਮਰਿਆਦਾ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੁਖਬੀਰ ਸਿੰਘ ਬਾਦਲ ’ਤੇ ਹੋਏ ਹਮਲੇ ਨੂੰ ਕਰੜੇ ਸ਼ਬਦਾਂ ਵਿੱਚ ਨਿੰਦਦਿਆਂ ਕਿਹਾ ਕਿ ਗੁਰਦੁਆਰਾ ਸਾਹਿਬ ਦੇ ਪਵਿੱਤਰ ਕੰਪਲੈਕਸ ਵਿੱਚ ਵਾਪਰੀ ਅਜਿਹੀ ਘਟਨਾ ਨੂੰ ਕਿਸੇ ਵੀ ਪੱਖੋਂ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਉਨ੍ਹਾਂ ਕਿਹਾ ਕਿ ਗੁਰੂ ਘਰ ਵਿੱਚ ਆਉਣ ਵਾਲੀ ਸੰਗਤ ਲਈ ਸ਼ਾਂਤੀਪੂਰਨ ਅਤੇ ਸਤਿਕਾਰ ਵਾਲਾ ਮਾਹੌਲ ਬਣਿਆ ਰਹਿਣਾ ਬਹੁਤ ਜ਼ਰੂਰੀ ਹੈ।

# ਪੰਜਾਬ ਦੇ 13 ਹਜ਼ਾਰ ਪਿੰਡਾਂ ਵਿੱਚ ਜਗਮਗਾਉਣਗੀਆਂ ਸੋਲਰ ਲਾਈਟਾਂ, 470 ਕਰੋੜ ਰੁਪਏ ਦਾ ਪ੍ਰਾਜੈਕਟ



ਤਿੰਨ ਲੱਖ ਤੋਂ ਵੱਧ ਐੱਲਈਡੀ ਸੋਲਰ ਸਟਰੀਟ ਲਾਈਟਾਂ ਲਗਾਉਣ ਦੀ ਯੋਜਨਾ; ਪਹਿਲੇ ਪੜਾਅ ਵਿੱਚ 2,617 ਪਿੰਡਾਂ ਨੂੰ ਮਿਲੇਗੀ ਰੌਸ਼ਨੀ, 50,870 ਲਾਈਟਾਂ ਲਗਾਉਣ ਲਈ 8 ਠੇਕੇਦਾਰਾਂ ਨੂੰ ਕੰਮ ਅਲਾਟ

ਪੰਜਾਬ ਸਰਕਾਰ ਵੱਲੋਂ ਸੂਬੇ ਦੇ ਪਿੰਡਾਂ ਨੂੰ ਰਾਤ ਸਮੇਂ ਬਿਹਤਰ ਰੌਸ਼ਨੀ ਅਤੇ ਸੁਰੱਖਿਆ ਦੀ ਸਹੂਲਤ ਦੇਣ ਲਈ ਵੱਡਾ ਕਦਮ ਚੁੱਕਿਆ ਗਿਆ ਹੈ। ਸਰਕਾਰ ਵੱਲੋਂ ਪੰਜਾਬ ਦੇ 13,000 ਤੋਂ ਵੱਧ ਪਿੰਡਾਂ ਵਿੱਚ ਤਿੰਨ ਲੱਖ ਤੋਂ ਵੱਧ ਐੱਲਈਡੀ ਸੋਲਰ ਸਟਰੀਟ ਲਾਈਟਾਂ ਲਗਾਈਆਂ ਜਾਣਗੀਆਂ। ਇਸ ਪੂਰੇ ਪ੍ਰਾਜੈਕਟ ’ਤੇ ਲਗਭਗ 470 ਕਰੋੜ ਰੁਪਏ ਖਰਚ ਕੀਤੇ ਜਾਣਗੇ।

ਕੈਬਨਿਟ ਮੰਤਰੀ ਅਮਨ ਅਰੋੜਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਯੋਜਨਾ ਤਹਿਤ ਪਿੰਡਾਂ ਦੀਆਂ ਜਨਤਕ ਥਾਵਾਂ ਅਤੇ ਲੋਕਾਂ ਦੀ ਵੱਧ ਆਵਾਜਾਈ ਵਾਲੇ ਖੇਤਰਾਂ ਨੂੰ ਸੋਲਰ ਲਾਈਟਾਂ ਨਾਲ ਰੌਸ਼ਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਨਾਲ ਪਿੰਡਾਂ ਵਿੱਚ ਰਾਤ ਸਮੇਂ ਰੌਸ਼ਨੀ ਦੀ ਸਹੂਲਤ ਵਧੇਗੀ ਅਤੇ ਲੋਕਾਂ ਨੂੰ ਆਉਣ-ਜਾਣ ਵਿੱਚ ਵਧੇਰੇ ਸਹੂਲਤ ਮਿਲੇਗੀ।

ਉਨ੍ਹਾਂ ਦੱਸਿਆ ਕਿ ਪ੍ਰਾਜੈਕਟ ਦੇ ਪਹਿਲੇ ਪੜਾਅ ਤਹਿਤ ਸੂਬੇ ਦੇ 2,617 ਪਿੰਡਾਂ ਵਿੱਚ 81 ਕਰੋੜ ਰੁਪਏ ਦੀ ਲਾਗਤ ਨਾਲ 50,870 ਸੋਲਰ ਸਟਰੀਟ ਲਾਈਟਾਂ ਲਗਾਈਆਂ ਜਾਣਗੀਆਂ। ਇਸ ਕੰਮ ਲਈ 8 ਠੇਕੇਦਾਰਾਂ ਨੂੰ ਕੰਮ ਅਲਾਟ ਕਰ ਦਿੱਤਾ ਗਿਆ ਹੈ। ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਸਬੰਧਤ ਕੰਪਨੀਆਂ ਨੂੰ ਕੰਮ ਦੀ ਵੰਡ ਸਬੰਧੀ ਪੱਤਰ ਵੀ ਜਾਰੀ ਕੀਤੇ ਗਏ ਹਨ।

ਅਮਨ ਅਰੋੜਾ ਨੇ ਕਿਹਾ ਕਿ ਪੂਰੇ ਪ੍ਰਾਜੈਕਟ ਦੀ ਲਾਗਤ ਵਿੱਚੋਂ 70 ਫ਼ੀਸਦੀ ਹਿੱਸਾ ਪੰਜਾਬ ਸਰਕਾਰ ਵੱਲੋਂ ਦਿੱਤਾ ਜਾਵੇਗਾ, ਜਦਕਿ ਬਾਕੀ 30 ਫ਼ੀਸਦੀ ਖਰਚਾ ਸਬੰਧਤ ਗ੍ਰਾਮ ਪੰਚਾਇਤਾਂ ਵੱਲੋਂ ਸਹਿਣ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਯੋਜਨਾ ਦਾ ਮਕਸਦ ਪਿੰਡਾਂ ਵਿੱਚ ਆਧੁਨਿਕ ਅਤੇ ਵਾਤਾਵਰਨ ਪੱਖੀ ਰੌਸ਼ਨੀ ਪ੍ਰਣਾਲੀ ਮੁਹੱਈਆ ਕਰਵਾਉਣਾ ਹੈ।

ਇਸ ਪ੍ਰਾਜੈਕਟ ਵਿੱਚ ਸਿਰਫ਼ ਲਾਈਟਾਂ ਲਗਾਉਣ ਤੱਕ ਹੀ ਕੰਮ ਸੀਮਤ ਨਹੀਂ ਰਹੇਗਾ, ਸਗੋਂ ਉਨ੍ਹਾਂ ਦੀ ਨਿਗਰਾਨੀ ਅਤੇ ਰੱਖ-ਰਖਾਅ ਲਈ ਵੀ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਹਰ ਸਟਰੀਟ ਲਾਈਟ ਦੀ ਜੀਓ-ਟੈਗਿੰਗ ਕੀਤੀ ਜਾਵੇਗੀ ਅਤੇ ਉਸ ਨੂੰ ਵਿਲੱਖਣ ਪਛਾਣ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਹਰ ਲਾਈਟ ਨਾਲ ਕਿਊਆਰ ਕੋਡ ਵੀ ਜੋੜਿਆ ਜਾਵੇਗਾ, ਜਿਸ ਰਾਹੀਂ ਲਾਈਟ ਦੀ ਸਥਿਤੀ ਅਤੇ ਇਸ ਨਾਲ ਸਬੰਧਤ ਜਾਣਕਾਰੀ ਨੂੰ ਟਰੈਕ ਕੀਤਾ ਜਾ ਸਕੇਗਾ।

ਮੰਤਰੀ ਨੇ ਦੱਸਿਆ ਕਿ ਲਾਈਟਾਂ ਦੀ ਕਾਰਜਸ਼ੀਲਤਾ ’ਤੇ ਨਜ਼ਰ ਰੱਖਣ ਲਈ ਆਈਵੀਆਰਐੱਸ-ਆਧਾਰਤ ਸ਼ਿਕਾਇਤ ਨਿਵਾਰਣ ਪ੍ਰਣਾਲੀ ਅਤੇ ਨਿਗਰਾਨੀ ਪ੍ਰਬੰਧ ਵੀ ਲਾਗੂ ਕੀਤੇ ਜਾਣਗੇ। ਇਸ ਤਕਨੀਕੀ ਪ੍ਰਣਾਲੀ ਰਾਹੀਂ ਖਰਾਬ ਲਾਈਟਾਂ ਸਬੰਧੀ ਸ਼ਿਕਾਇਤ ਦਰਜ ਕਰਵਾਉਣ ਅਤੇ ਉਨ੍ਹਾਂ ਦੀ ਮੁਰੰਮਤ ਦੀ ਪ੍ਰਕਿਰਿਆ ਨੂੰ ਟਰੈਕ ਕਰਨਾ ਸੰਭਵ ਹੋਵੇਗਾ।

ਉਨ੍ਹਾਂ ਕਿਹਾ ਕਿ ਕਿਸੇ ਵੀ ਸੋਲਰ ਸਟਰੀਟ ਲਾਈਟ ਵਿੱਚ ਖਰਾਬੀ ਆਉਣ ਦੀ ਸੂਰਤ ਵਿੱਚ 72 ਘੰਟਿਆਂ ਦੇ ਅੰਦਰ ਉਸ ਦੀ ਮੁਰੰਮਤ ਯਕੀਨੀ ਬਣਾਈ ਜਾਵੇਗੀ। ਇਸ ਦੇ ਨਾਲ ਹੀ ਲਾਈਟਾਂ ਦੀ ਮੁਰੰਮਤ ਅਤੇ ਰੱਖ-ਰਖਾਅ ਦੀ ਜ਼ਿੰਮੇਵਾਰੀ ਅਗਲੇ ਪੰਜ ਸਾਲਾਂ ਤੱਕ ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਅਤੇ ਸਬੰਧਤ ਕੰਪਨੀ ਦੀ ਹੋਵੇਗੀ।

ਅਮਨ ਅਰੋੜਾ ਨੇ ਕਿਹਾ ਕਿ ਸੋਲਰ ਲਾਈਟਾਂ ਲਗਾਉਣ ਲਈ ਪਿੰਡਾਂ ਵਿੱਚ ਉਨ੍ਹਾਂ ਥਾਵਾਂ ਨੂੰ ਪਹਿਲ ਦਿੱਤੀ ਜਾਵੇਗੀ, ਜਿੱਥੇ ਲੋਕਾਂ ਦੀ ਵੱਧ ਆਵਾਜਾਈ ਹੁੰਦੀ ਹੈ ਅਤੇ ਜਿੱਥੇ ਰਾਤ ਸਮੇਂ ਰੌਸ਼ਨੀ ਦੀ ਸਭ ਤੋਂ ਵੱਧ ਲੋੜ ਹੁੰਦੀ ਹੈ। ਇਸ ਤਹਿਤ ਪਿੰਡ ਦੀ ਫਿਰਨੀ, ਸਰਕਾਰੀ ਸਕੂਲ, ਆਂਗਣਵਾੜੀ ਕੇਂਦਰ, ਸਰਕਾਰੀ ਸਿਹਤ ਸਹੂਲਤਾਂ, ਧਾਰਮਿਕ ਸੰਸਥਾਵਾਂ ਅਤੇ ਸੰਘਣੀ ਆਬਾਦੀ ਵਾਲੇ ਖੇਤਰਾਂ ਨੂੰ ਤਰਜੀਹ ਦਿੱਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਸੋਲਰ ਊਰਜਾ ਦੀ ਵਰਤੋਂ ਨਾਲ ਪਿੰਡਾਂ ਵਿੱਚ ਰੌਸ਼ਨੀ ਦੀ ਸਹੂਲਤ ਦੇਣ ਦੇ ਨਾਲ-ਨਾਲ ਨਵਿਆਉਣਯੋਗ ਊਰਜਾ ਨੂੰ ਉਤਸ਼ਾਹਿਤ ਕਰਨ ਵਿੱਚ ਵੀ ਮਦਦ ਮਿਲੇਗੀ। ਸਰਕਾਰ ਦਾ ਇਹ ਪ੍ਰਾਜੈਕਟ ਪੇਂਡੂ ਖੇਤਰਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਅਤੇ ਪਿੰਡਾਂ ਨੂੰ ਆਧੁਨਿਕ ਸਹੂਲਤਾਂ ਨਾਲ ਜੋੜਨ ਵੱਲ ਇੱਕ ਅਹਿਮ ਕਦਮ ਮੰਨਿਆ ਜਾ ਰਿਹਾ ਹੈ।

ਪੰਜਾਬ ਸਰਕਾਰ ਦੀ ਯੋਜਨਾ ਪੂਰੀ ਹੋਣ ਤੋਂ ਬਾਅਦ ਸੂਬੇ ਦੇ 13,000 ਤੋਂ ਵੱਧ ਪਿੰਡਾਂ ਵਿੱਚ ਤਿੰਨ ਲੱਖ ਤੋਂ ਵੱਧ ਸੋਲਰ ਸਟਰੀਟ ਲਾਈਟਾਂ ਲਗਾਈਆਂ ਜਾਣਗੀਆਂ। ਇਸ ਨਾਲ ਪਿੰਡਾਂ ਦੇ ਜਨਤਕ ਸਥਾਨਾਂ ’ਤੇ ਰਾਤ ਸਮੇਂ ਰੌਸ਼ਨੀ ਦੀ ਸਹੂਲਤ ਵਧੇਗੀ ਅਤੇ ਪੇਂਡੂ ਲੋਕਾਂ ਨੂੰ ਸੁਰੱਖਿਅਤ ਅਤੇ ਸੁਵਿਧਾਜਨਕ ਮਾਹੌਲ ਮੁਹੱਈਆ ਕਰਵਾਉਣ ਵਿੱਚ ਮਦਦ ਮਿਲੇਗੀ।







# ਪੰਜਾਬ ਦਾ ਸਿੱਖਿਆ ਮਾਡਲ ਦੇਸ਼ ਲਈ ਬਣਿਆ ਮਿਸਾਲ, ਧੀਆਂ ਦੀ ਸਿੱਖਿਆ ਨੂੰ ਮਿਲ ਰਿਹਾ ਵਿਸ਼ੇਸ਼ ਹੁਲਾਰਾ

**ਮਾਲੇਰਕੋਟਲਾ:** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮਾਲੇਰਕੋਟਲਾ ਵਿੱਚ ਲੜਕੀਆਂ ਲਈ ਨਵੀਂ ਪੰਜ ਮੰਜ਼ਿਲਾ ਸਰਕਾਰੀ ਸਕੂਲ ਦੀ ਇਮਾਰਤ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਇਸ ਨਵੀਂ ਇਮਾਰਤ ਨੂੰ ਧੀਆਂ ਲਈ ਆਜ਼ਾਦੀ ਦਿਹਾੜੇ ਦਾ ਵਿਸ਼ੇਸ਼ ਤੋਹਫ਼ਾ ਕਰਾਰ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਦੱਸਿਆ ਕਿ ਇਸ ਸਕੂਲ ਦੀ ਇਮਾਰਤ ਦੇ ਨਿਰਮਾਣ ਲਈ 6.39 ਕਰੋੜ ਰੁਪਏ ਦੀ ਲਾਗਤ ਤੈਅ ਕੀਤੀ ਗਈ ਸੀ, ਪਰ ਇਹ ਪ੍ਰਾਜੈਕਟ 6.34 ਕਰੋੜ ਰੁਪਏ ਵਿੱਚ ਹੀ ਮੁਕੰਮਲ ਕਰ ਲਿਆ ਗਿਆ। ਇਸ ਤਰ੍ਹਾਂ ਸਰਕਾਰੀ ਖ਼ਜ਼ਾਨੇ ਦੇ 5.25 ਲੱਖ ਰੁਪਏ ਦੀ ਬਚਤ ਹੋਈ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਪ੍ਰਾਜੈਕਟਾਂ ਵਿੱਚ ਪਾਰਦਰਸ਼ਤਾ ਅਤੇ ਸਰਕਾਰੀ ਪੈਸੇ ਦੀ ਸਹੀ ਵਰਤੋਂ ਨੂੰ ਯਕੀਨੀ ਬਣਾਉਣਾ ਸਰਕਾਰ ਦੀ ਮੁੱਖ ਤਰਜੀਹ ਹੈ।

ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦਾ ਸਿੱਖਿਆ ਮਾਡਲ ਦੇਸ਼ ਵਿੱਚੋਂ ਬਿਹਤਰੀਨ ਨਤੀਜੇ ਦੇ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਸਕੂਲਾਂ ਦੇ 882 ਵਿਦਿਆਰਥੀਆਂ ਨੇ ਨੀਟ ਦੀ ਪ੍ਰੀਖਿਆ ਪਾਸ ਕੀਤੀ ਹੈ, ਜਦਕਿ 361 ਵਿਦਿਆਰਥੀਆਂ ਨੇ ਜੇਈਈ ਦੀ ਪ੍ਰੀਖਿਆ ਪਾਸ ਕਰਕੇ ਉੱਚ ਸਿੱਖਿਆ ਦੇ ਖੇਤਰ ਵਿੱਚ ਆਪਣੀ ਥਾਂ ਬਣਾਈ ਹੈ। ਉਨ੍ਹਾਂ ਕਿਹਾ ਕਿ ਇਹ ਉਪਲਬਧੀਆਂ ਦਰਸਾਉਂਦੀਆਂ ਹਨ ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਵੀ ਮਿਆਰੀ ਸਿੱਖਿਆ ਅਤੇ ਬਿਹਤਰ ਮੌਕੇ ਮਿਲ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਲੜਕੀਆਂ ਦੀ ਪੜ੍ਹਾਈ ਨੂੰ ਜਾਰੀ ਰੱਖਣ ਲਈ ਸਰਕਾਰ ਵੱਲੋਂ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਇਸ ਤਹਿਤ 15,000 ਤੋਂ ਵੱਧ ਲੜਕੀਆਂ ਨੂੰ ਵਿਸ਼ੇਸ਼ ਬੱਸ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਤਾਂ ਜੋ ਘਰ ਤੋਂ ਸਕੂਲ ਜਾਂ ਕਾਲਜ ਦੀ ਦੂਰੀ ਉਨ੍ਹਾਂ ਦੀ ਪੜ੍ਹਾਈ ਵਿੱਚ ਰੁਕਾਵਟ ਨਾ ਬਣੇ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਆਰਥਿਕ ਜਾਂ ਭੂਗੋਲਿਕ ਕਾਰਨਾਂ ਕਰਕੇ ਕੋਈ ਵੀ ਬੱਚਾ ਸਿੱਖਿਆ ਤੋਂ ਵਾਂਝਾ ਨਾ ਰਹੇ।

ਉਨ੍ਹਾਂ ਦੱਸਿਆ ਕਿ ਗਰੀਬ ਅਤੇ ਲੋੜਵੰਦ ਪਰਿਵਾਰਾਂ ਦੇ ਬੱਚਿਆਂ ਤੱਕ ਮਿਆਰੀ ਸਿੱਖਿਆ ਪਹੁੰਚਾਉਣ ਲਈ ਸੂਬੇ ਵਿੱਚ 118 ਸਕੂਲ ਆਫ਼ ਐਮੀਨੈਂਸ ਸਥਾਪਤ ਕੀਤੇ ਜਾ ਰਹੇ ਹਨ। ਇਨ੍ਹਾਂ ਸਕੂਲਾਂ ਰਾਹੀਂ ਵਿਦਿਆਰਥੀਆਂ ਨੂੰ ਆਧੁਨਿਕ ਸਹੂਲਤਾਂ ਅਤੇ ਉੱਚ ਪੱਧਰੀ ਸਿੱਖਿਆ ਮੁਹੱਈਆ ਕਰਵਾਉਣ ਦਾ ਉਦੇਸ਼ ਹੈ।

ਸਕੂਲ ਦੇ ਉਦਘਾਟਨ ਤੋਂ ਬਾਅਦ ਮੁੱਖ ਮੰਤਰੀ ਨੇ ਕਿਹਾ ਕਿ ਵਿਧਾਨ ਸਭਾ ਸੈਸ਼ਨ ਦੌਰਾਨ ਸਰਕਾਰ ਵੱਲੋਂ ਪੰਜਾਬ ਭਰ ਦੇ 7,800 ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹ ਰਹੇ 32 ਲੱਖ ਤੋਂ ਵੱਧ ਵਿਦਿਆਰਥੀਆਂ ਨੂੰ ਲਾਭ ਪਹੁੰਚਾਉਣ ਵਾਲਾ ਕਾਨੂੰਨ ਲਿਆਂਦਾ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਸਰਕਾਰੀ ਅਤੇ ਨਿੱਜੀ ਦੋਵੇਂ ਤਰ੍ਹਾਂ ਦੇ ਵਿਦਿਆਰਥੀਆਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖ ਕੇ ਕਦਮ ਚੁੱਕੇ ਜਾ ਰਹੇ ਹਨ।



ਮਾਲੇਰਕੋਟਲਾ ਵਿੱਚ ਲੜਕੀਆਂ ਲਈ ਪੰਜ ਮੰਜ਼ਿਲਾ ਸਰਕਾਰੀ ਸਕੂਲ ਦੀ ਇਮਾਰਤ ਦਾ ਉਦਘਾਟਨ; ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਿੱਖਿਆ, ਸਿਹਤ, ਰੁਜ਼ਗਾਰ ਅਤੇ ਵਿਕਾਸ ਕਾਰਜਾਂ ਸਬੰਧੀ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਈਆਂ

ਸਿਹਤ ਸਹੂਲਤਾਂ ਦਾ ਜ਼ਿਕਰ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਵਿੱਚ ਸਿਹਤ ਸੰਭਾਲ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ 1,090 ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ। ਉਨ੍ਹਾਂ ਅਨੁਸਾਰ ਇਨ੍ਹਾਂ ਕਲੀਨਿਕਾਂ ਤੋਂ ਹੁਣ ਤੱਕ 5 ਕਰੋੜ ਤੋਂ ਵੱਧ ਲੋਕ ਲਾਭ ਲੈ ਚੁੱਕੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਮਾਲੇਰਕੋਟਲਾ ਵਿੱਚ ਜਲਦ ਹੀ ਨਵਾਬ ਸ਼ੇਰ ਖਾਨ ਮੈਡੀਕਲ ਕਾਲਜ ਖੋਲ੍ਹਿਆ ਜਾਵੇਗਾ, ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਸਿਹਤ ਅਤੇ ਮੈਡੀਕਲ ਸਿੱਖਿਆ ਦੇ ਖੇਤਰ ਵਿੱਚ ਵੱਡਾ ਲਾਭ ਮਿਲੇਗਾ।

ਪੇਂਡੂ ਖੇਤਰਾਂ ਦੇ ਵਿਕਾਸ ਬਾਰੇ ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਦੇਣ ਲਈ ਸੂਬੇ ਭਰ ਵਿੱਚ 43,000 ਕਿਲੋਮੀਟਰ ਤੋਂ ਵੱਧ ਪੇਂਡੂ ਲਿੰਕ ਸੜਕਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਨੂੰ ਮੁੱਖ ਸੜਕਾਂ ਅਤੇ ਸ਼ਹਿਰਾਂ ਨਾਲ ਜੋੜਨ ਲਈ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਸਰਕਾਰ ਦੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ।

ਖੇਡਾਂ ਦੇ ਖੇਤਰ ਵਿੱਚ ਪੰਜਾਬ ਦੀ ਭੂਮਿਕਾ ਬਾਰੇ ਗੱਲ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਇਸ ਸਾਲ ਅਕਤੂਬਰ ਵਿੱਚ ਪਹਿਲੀ ਵਾਰ ਵੱਕਾਰੀ ਏਸ਼ੀਅਨ ਹਾਕੀ ਚੈਂਪੀਅਨਜ਼ ਟਰਾਫ਼ੀ ਦੀ ਮੇਜ਼ਬਾਨੀ ਕਰਨ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਵੱਡੇ ਅੰਤਰਰਾਸ਼ਟਰੀ ਖੇਡ ਮੁਕਾਬਲੇ ਦੀ ਮੇਜ਼ਬਾਨੀ ਨਾਲ ਪੰਜਾਬ ਨੂੰ ਵਿਸ਼ਵ ਪੱਧਰ ’ਤੇ ਆਪਣੀ ਖੇਡ ਵਿਰਾਸਤ ਅਤੇ ਸਮਰੱਥਾ ਦਿਖਾਉਣ ਦਾ ਮੌਕਾ ਮਿਲੇਗਾ।

ਨਹਿਰੀ ਪਾਣੀ ਦੀ ਵਰਤੋਂ ਸਬੰਧੀ ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਉਨ੍ਹਾਂ ਨੇ ਅਹੁਦਾ ਸੰਭਾਲਿਆ ਸੀ, ਉਸ ਸਮੇਂ ਸੂਬੇ ਵਿੱਚ ਸਿਰਫ਼ 22 ਫ਼ੀਸਦੀ ਨਹਿਰੀ ਪਾਣੀ ਦੀ ਵਰਤੋਂ ਹੋ ਰਹੀ ਸੀ, ਜੋ ਹੁਣ ਵਧ ਕੇ 88 ਫ਼ੀਸਦੀ ਹੋ ਗਈ ਹੈ। ਉਨ੍ਹਾਂ ਕਿਹਾ ਕਿ ਨਹਿਰੀ ਪਾਣੀ ਦੀ ਵਰਤੋਂ ਵਧਾਉਣ ਨਾਲ ਧਰਤੀ ਹੇਠਲੇ ਪਾਣੀ ’ਤੇ ਨਿਰਭਰਤਾ ਘਟਾਉਣ ਅਤੇ ਖੇਤੀਬਾੜੀ ਨੂੰ ਟਿਕਾਊ ਬਣਾਉਣ ਵਿੱਚ ਮਦਦ ਮਿਲੇਗੀ।

ਰੁਜ਼ਗਾਰ ਦੇ ਮੁੱਦੇ ’ਤੇ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਬਿਨਾਂ ਕਿਸੇ ਸਿਫ਼ਾਰਸ਼ ਜਾਂ ਭ੍ਰਿਸ਼ਟਾਚਾਰ ਦੇ ਨਿਰੋਲ ਮੈਰਿਟ ਦੇ ਆਧਾਰ ’ਤੇ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਹੁਣ ਤੱਕ 69,000 ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸਿੱਖਿਆ, ਸਿਹਤ, ਰੁਜ਼ਗਾਰ, ਖੇਡਾਂ, ਪੇਂਡੂ ਵਿਕਾਸ ਅਤੇ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਕੀਤੇ ਜਾ ਰਹੇ ਕੰਮਾਂ ਦਾ ਮਕਸਦ ਪੰਜਾਬ ਨੂੰ ਵਿਕਾਸ ਦੀ ਨਵੀਂ ਦਿਸ਼ਾ ਵੱਲ ਲਿਜਾਣਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਅਤੇ ਨੌਜਵਾਨਾਂ ਲਈ ਨਵੇਂ ਮੌਕੇ ਪੈਦਾ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

## ਸਿੰਚਾਈ ਘੁਟਾਲਾ ਮਾਮਲਾ: ਸਾਬਕਾ ਅਕਾਲੀ ਮੰਤਰੀ ਸ਼ਰਨਜੀਤ ਸਿੰਘ ਢਿੱਲੋਂ ਤੇ ਜਨਮੇਜਾ ਸਿੰਘ ਸੇਖੋਂ ਨੂੰ ਵਿਜੀਲੈਂਸ ਦੀ ਕਲੀਨ ਚਿੱਟ

### ਹਾਈ ਕੋਰਟ ‘ਚ ਦਾਇਰ ਸਟੇਟਸ ਰਿਪੋਰਟ ‘ਚ ਖੁਲਾਸਾ, ਜਾਂਚ ਦੌਰਾਨ ਰਿਸ਼ਵਤਖੋਰੀ ਜਾਂ ਵਿੱਤੀ ਬੇਨਿਯਮੀਆਂ ਦਾ ਕੋਈ ਸਬੂਤ ਨਹੀਂ ਮਿਲਿਆ



**ਚੰਡੀਗੜ੍ਹ (ਬੀ ਸੀ ਪੰਜਾਬੀ ਨਿਊਜ਼ ਬਿਊਰੋ)** ਪੰਜਾਬ ਦੇ ਬਹੁਚਰਚਿਤ ਸਿੰਚਾਈ ਵਿਭਾਗ ਘੁਟਾਲੇ ਨਾਲ ਜੁੜੀ ਜਾਂਚ ਵਿੱਚ ਸਾਬਕਾ ਅਕਾਲੀ-ਭਾਜਪਾ ਸਰਕਾਰ ਦੇ ਸਾਬਕਾ ਕੈਬਨਿਟ ਮੰਤਰੀ ਸ਼ਰਨਜੀਤ ਸਿੰਘ ਢਿੱਲੋਂ ਅਤੇ ਜਨਮੇਜਾ ਸਿੰਘ ਸੇਖੋਂ ਨੂੰ ਵੱਡੀ ਰਾਹਤ ਮਿਲੀ ਹੈ। ਪੰਜਾਬ ਵਿਜੀਲੈਂਸ ਬਿਊਰੋ ਨੇ ਦੋਵਾਂ ਸਾਬਕਾ ਮੰਤਰੀਆਂ ਸਮੇਤ ਤਿੰਨ ਸੇਵਾਮੁਕਤ ਆਈਏਐਸ ਅਧਿਕਾਰੀਆਂ ਨੂੰ ਜਾਂਚ ਵਿੱਚ ਕਲੀਨ ਚਿੱਟ ਦੇ ਦਿੱਤੀ ਹੈ।

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਦਾਇਰ ਵਿਜੀਲੈਂਸ ਬਿਊਰੋ ਦੀ ਸਟੇਟਸ ਰਿਪੋਰਟ ਮੁਤਾਬਕ, ਲੰਬੇ ਸਮੇਂ ਤੱਕ ਚੱਲੀ ਜਾਂਚ ਦੌਰਾਨ ਸ਼ਰਨਜੀਤ ਸਿੰਘ ਢਿੱਲੋਂ, ਜਨਮੇਜਾ ਸਿੰਘ ਸੇਖੋਂ ਅਤੇ ਹੋਰ ਅਧਿਕਾਰੀਆਂ ਖ਼ਿਲਾਫ਼ ਰਿਸ਼ਵਤਖੋਰੀ, ਵਿੱਤੀ ਲਾਭ ਜਾਂ ਕਿਸੇ ਹੋਰ ਤਰ੍ਹਾਂ ਦੀ ਗਲਤ ਕਾਰਵਾਈ ਦਾ ਕੋਈ ਠੋਸ ਸਬੂਤ ਸਾਹਮਣੇ ਨਹੀਂ ਆਇਆ।

**588 ਪੰਨਿਆਂ ਦੀ ਜਾਂਚ, ਫਿਰ ਵੀ ਨਹੀਂ ਮਿਲਿਆ ਕੋਈ ਠੋਸ ਸਬੂਤ**

ਵਿਜੀਲੈਂਸ ਬਿਊਰੋ ਵੱਲੋਂ ਡੀਐਸਪੀ ਜੈ ਇੰਦਰ ਸਿੰਘ ਰੰਧਾਵਾ ਰਾਹੀਂ ਪੇਸ਼ ਕੀਤੇ ਸਟੇਟਸ ਹਲਫ਼ਨਾਮੇ ਵਿੱਚ ਦੱਸਿਆ ਗਿਆ ਹੈ ਕਿ ਇਹ ਜਾਂਚ ਵਿਜੀਲੈਂਸ ਇਨਕੁਆਰੀ ਨੰਬਰ 08, ਮਿਤੀ 29 ਸਤੰਬਰ 2022 ਦੇ ਤਹਿਤ ਕੀਤੀ ਗਈ ਸੀ। ਜਾਂਚ ਦੀ ਸ਼ੁਰੂਆਤ ਠੇਕੇਦਾਰ ਗੁਰਿੰਦਰ ਸਿੰਘ ਵੱਲੋਂ 21 ਦਸੰਬਰ 2017 ਨੂੰ ਦਿੱਤੇ ਗਏ ਇੱਕ ਡਿਸਕਲੋਜ਼ਰ ਸਟੇਟਮੈਂਟ ਦੇ ਆਧਾਰ ‘ਤੇ ਹੋਈ ਸੀ।

ਰਿਪੋਰਟ ਅਨੁਸਾਰ ਜਾਂਚ ਦੌਰਾਨ 588 ਪੰਨਿਆਂ ਤੋਂ ਵੱਧ ਦੀ ਸਮੱਗਰੀ ਅਤੇ ਵਿਭਾਗੀ ਰਿਕਾਰਡ ਦੀ ਡੂੰਘਾਈ ਨਾਲ ਜਾਂਚ ਕੀਤੀ ਗਈ। ਇਸ ਦੇ ਬਾਵਜੂਦ ਕਿਸੇ ਗਵਾਹ ਨੇ ਕਥਿਤ ਰਿਸ਼ਵਤਖੋਰੀ ਦੇ ਦੋਸ਼ਾਂ ਦੀ ਪੁਸ਼ਟੀ ਨਹੀਂ ਕੀਤੀ। ਇਸ ਤੋਂ ਇਲਾਵਾ ਰਿਸ਼ਵਤ ਲੈਣ-ਦੇਣ ਸਬੰਧੀ ਕੋਈ ਖਾਸ ਤਾਰੀਖ, ਸਮਾਂ ਜਾਂ ਸਥਾਨ ਵੀ ਸਾਹਮਣੇ ਨਹੀਂ ਆਇਆ।

ਵਿਜੀਲੈਂਸ ਦੀ ਰਿਪੋਰਟ ਵਿੱਚ ਇਹ ਵੀ ਦਰਜ ਹੈ ਕਿ ਸ਼ੁਰੂਆਤੀ ਡਿਸਕਲੋਜ਼ਰ ਸਟੇਟਮੈਂਟ ਤੋਂ ਬਾਅਦ ਕੋਈ ਵਿੱਤੀ ਬਰਾਮਦਗੀ ਜਾਂ ਹੋਰ ਅਜਿਹਾ ਵਿੱਤੀ ਸੁਰਾਗ ਨਹੀਂ ਮਿਲਿਆ, ਜਿਸ ਨਾਲ ਦੋਸ਼ਾਂ ਦੀ ਪੁਸ਼ਟੀ ਹੋ ਸਕੇ। ਇਸ ਕਰਕੇ ਬਿਨਾਂ ਕਿਸੇ ਬਰਾਮਦਗੀ ਜਾਂ ਸੁਤੰਤਰ ਪੁਸ਼ਟੀ ਦੇ ਇਸ ਬਿਆਨ ਦੀ ਕਾਨੂੰਨੀ ਮਹੱਤਤਾ ਵੀ ਸੀਮਤ ਰਹਿ ਜਾਂਦੀ ਹੈ।

**ਚਲਾਨ ਵਿੱਚ ਵੀ ਨਹੀਂ ਸੀ ਡਿਸਕਲੋਜ਼ਰ ਸਟੇਟਮੈਂਟ**

ਵਿਜੀਲੈਂਸ ਬਿਊਰੋ ਵੱਲੋਂ ਹਾਈ ਕੋਰਟ ਨੂੰ ਦਿੱਤੀ ਜਾਣਕਾਰੀ ਮੁਤਾਬਕ, ਜਾਂਚ ਦਾ ਆਧਾਰ ਬਣਿਆ ਡਿਸਕਲੋਜ਼ਰ ਸਟੇਟਮੈਂਟ ਅਦਾਲਤ ਵਿੱਚ ਪੇਸ਼ ਕੀਤੇ ਗਏ ਅਧਿਕਾਰਤ ਚਲਾਨ ਦਾ ਹਿੱਸਾ ਵੀ ਨਹੀਂ ਬਣਾਇਆ ਗਿਆ ਸੀ।

**ਹਾਈ ਕੋਰਟ ਦੇ ਹੁਕਮਾਂ ਤੋਂ ਬਾਅਦ ਜਾਂਚ ਮੁਕੰਮਲ**

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ 15 ਮਈ 2026 ਨੂੰ ਇੱਕ ਜਨਹਿਤ ਪਟੀਸ਼ਨ ਦੀ ਸੁਣਵਾਈ ਦੌਰਾਨ ਰਾਜ ਸਰਕਾਰ ਨੂੰ ਧਾਰਾ 17-ਏ ਨਾਲ ਸਬੰਧਤ ਲੰਬਿਤ ਜਾਂਚ 15 ਦਿਨਾਂ ਦੇ ਅੰਦਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ਸਨ।

ਇਸ ਤੋਂ ਬਾਅਦ ਵਿਜੀਲੈਂਸ ਬਿਊਰੋ ਦੇ ਫਲਾਇੰਗ ਸਕੁਐਡ ਵੱਲੋਂ ਅੰਤਿਮ ਰਿਪੋਰਟ ਤਿਆਰ ਕਰਕੇ ਪੇਸ਼ ਕੀਤੀ ਗਈ। ਇਸ ਰਿਪੋਰਟ ਨੂੰ ਮੁੱਖ ਡਾਇਰੈਕਟਰ, ਵਿਜੀਲੈਂਸ ਬਿਊਰੋ ਵੱਲੋਂ ਜਾਂਚ ਬੰਦ ਕਰਨ ਅਤੇ ਰਿਕਾਰਡ ਰੂਮ ਵਿੱਚ ਭੇਜਣ ਦੀ ਮਨਜ਼ੂਰੀ ਦਿੱਤੀ ਗਈ।

**ਤਿੰਨ ਸੇਵਾਮੁਕਤ ਆਈਏਐਸ ਅਧਿਕਾਰੀ ਵੀ ਜਾਂਚ ਤੋਂ ਬਰੀ**

ਇਸ ਜਾਂਚ ਵਿੱਚ ਸਾਬਕਾ ਮੰਤਰੀਆਂ ਸ਼ਰਨਜੀਤ ਸਿੰਘ ਢਿੱਲੋਂ ਅਤੇ ਜਨਮੇਜਾ ਸਿੰਘ ਸੇਖੋਂ ਤੋਂ ਇਲਾਵਾ ਸੇਵਾਮੁਕਤ ਆਈਏਐਸ ਅਧਿਕਾਰੀ ਸਰਵੇਸ਼ ਕੌਸ਼ਲ, ਕੇ.ਬੀ.ਐਸ. ਸਿੱਧੂ ਅਤੇ ਕਾਹਨ ਸਿੰਘ ਪੰਨੂ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਗਈ ਸੀ।

ਵਿਜੀਲੈਂਸ ਦੀ ਸਟੇਟਸ ਰਿਪੋਰਟ ਮੁਤਾਬਕ ਇਨ੍ਹਾਂ ਸਾਰਿਆਂ ਖ਼ਿਲਾਫ਼ ਦੋਸ਼ਾਂ ਦੀ ਪੁਸ਼ਟੀ ਕਰਨ ਵਾਲਾ ਕੋਈ ਸਬੂਤ ਨਾ ਮਿਲਣ ਕਾਰਨ ਜਾਂਚ ਨੂੰ ਬੰਦ ਕਰਨ ਦੀ ਕਾਰਵਾਈ ਕੀਤੀ ਗਈ ਹੈ।

ਜ਼ਿਕਰਯੋਗ ਹੈ ਕਿ ਸਾਲ 2017 ਵਿੱਚ ਦਰਜ ਮੁੱਖ ਐਫਆਈਆਰ 2007 ਤੋਂ 2017 ਦਰਮਿਆਨ ਸਿੰਚਾਈ ਵਿਭਾਗ ਵਿੱਚ ਟੈਂਡਰਾਂ ਦੀ ਵੰਡ ਨਾਲ ਸਬੰਧਤ ਕਥਿਤ ਬੇਨਿਯਮੀਆਂ ਨੂੰ ਲੈ ਕੇ ਦਰਜ ਕੀਤੀ ਗਈ ਸੀ, ਜਿਸ ਵਿੱਚ ਕਈ ਵਿਅਕਤੀਆਂ ਦੇ ਨਾਮ ਸਾਹਮਣੇ ਆਏ ਸਨ। ਹਾਲਾਂਕਿ, ਰਾਜਨੀਤਿਕ ਕਾਰਜਕਾਰੀ ਅਤੇ ਸੀਨੀਅਰ ਨੌਕਰਸ਼ਾਹੀ ਨਾਲ ਸਬੰਧਤ ਵੱਖਰੀ ਵਿਜੀਲੈਂਸ ਜਾਂਚ ਵਿੱਚ ਦੋਸ਼ਾਂ ਦੀ ਪੁਸ਼ਟੀ ਨਹੀਂ ਹੋ ਸਕੀ।

## ਸਪੀਕਰ ਕੁਲਤਾਰ ਸੰਧਵਾਂ ਖ਼ਿਲਾਫ਼ ਸ੍ਰੀ ਅਕਾਲ ਤਖ਼ਤ ’ਤੇ ਸ਼ਿਕਾਇਤ, ਗੁਰਸਿੱਖਾਂ ਦੀ ਦਾੜ੍ਹੀ ਬਾਰੇ ਕਥਿਤ ਟਿੱਪਣੀ ’ਤੇ ਕਾਰਵਾਈ ਦੀ ਮੰਗ

### ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂਆਂ ਨੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਸੌਂਪਿਆ ਪੱਤਰ; ਸਪੀਕਰ ਨੂੰ ਤਲਬ ਕਰਕੇ ਸਪਸ਼ਟੀਕਰਨ ਲੈਣ ਦੀ ਕੀਤੀ ਮੰਗ

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਖ਼ਿਲਾਫ਼ ਗੁਰਸਿੱਖਾਂ ਦੀ ਦਾੜ੍ਹੀ ਸਬੰਧੀ ਕਥਿਤ ਤੌਰ ’ਤੇ ਭੱਦੀ ਸ਼ਬਦਾਵਲੀ ਵਰਤਣ ਦੇ ਦੋਸ਼ ਲਗਾਉਂਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ਼ਿਕਾਇਤ ਪਹੁੰਚੀ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਖੇਮਕਰਨ ਨਾਲ ਸਬੰਧਤ ਆਗੂਆਂ ਵੱਲੋਂ ਸਪੀਕਰ ਖ਼ਿਲਾਫ਼ ਕਾਰਵਾਈ ਦੀ ਮੰਗ ਕੀਤੀ ਗਈ ਹੈ।

ਇਸ ਸਬੰਧੀ ਜਥੇਬੰਦੀ ਦੀ ਖੇਮਕਰਨ ਇਕਾਈ ਦੇ ਆਗੂ ਸੁਰਜੀਤ ਸਿੰਘ ਭੂਰਾ ਅਤੇ ਰਵੇਲ ਸਿੰਘ ਭੂਰਾ ਸਮੇਤ ਹੋਰ ਆਗੂਆਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਪਹੁੰਚ ਕੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਲਿਖਤੀ ਸ਼ਿਕਾਇਤ ਸੌਂਪੀ।



ਸ਼ਿਕਾਇਤ ਵਿੱਚ ਆਗੂਆਂ ਨੇ ਦੋਸ਼ ਲਾਇਆ ਕਿ ਪੰਜਾਬ ਵਿਧਾਨ ਸਭਾ ਦੇ ਹਾਲ ਹੀ ਵਿੱਚ ਹੋਏ ਇਜਲਾਸ ਦੌਰਾਨ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਗੁਰਸਿੱਖਾਂ ਦੀ ਦਾੜ੍ਹੀ ਪ੍ਰਤੀ ਕਥਿਤ ਤੌਰ ’ਤੇ ਭੱਦੀ ਸ਼ਬਦਾਵਲੀ ਦੀ ਵਰਤੋਂ ਕੀਤੀ ਗਈ। ਉਨ੍ਹਾਂ ਕਿਹਾ ਕਿ ਇਹ ਟਿੱਪਣੀ ਸਿੱਖ ਭਾਵਨਾਵਾਂ ਨਾਲ ਜੁੜਿਆ ਗੰਭੀਰ ਮਾਮਲਾ ਹੈ ਅਤੇ ਇਸ ’ਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਵਿਚਾਰ ਕੀਤਾ ਜਾਣਾ ਚਾਹੀਦਾ ਹੈ।

ਵਿਧਾਨ ਸਭਾ ’ਚ ਹੋਈ ਚਰਚਾ ਨੂੰ ਲੈ ਕੇ ਇਤਰਾਜ਼

ਸ਼ਿਕਾਇਤਕਰਤਾਵਾਂ ਮੁਤਾਬਕ ਵਿਧਾਨ ਸਭਾ ਦੇ ਇਜਲਾਸ ਦੌਰਾਨ ਇੱਕ ਧਿਰ ਵੱਲੋਂ ਸਪੀਕਰ ਨੂੰ ਸਵਾਲ ਕੀਤਾ ਗਿਆ ਸੀ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਹੋਏ ਹੁਕਮ ਵਿੱਚ ਕਿਹਾ ਗਿਆ ਹੈ ਕਿ ਕੋਈ ਵੀ ਗੁਰਸਿੱਖ ਮੁੱਖ ਮੰਤਰੀ ਨੂੰ ਮੂੰਹ ਨਾ ਲਗਾਏ, ਤਾਂ ਇਸ ਸਬੰਧੀ ਉਨ੍ਹਾਂ ਦੀ ਕੀ ਰਾਏ ਹੈ।

ਆਗੂਆਂ ਨੇ ਦੋਸ਼ ਲਾਇਆ ਕਿ ਇਸ ਸਵਾਲ ਦੇ ਜਵਾਬ ਦੌਰਾਨ ਸਪੀਕਰ ਵੱਲੋਂ ਗੁਰਸਿੱਖਾਂ ਦੀ ਦਾੜ੍ਹੀ ਨੂੰ ਲੈ ਕੇ ਇਤਰਾਜ਼ਯੋਗ ਅਤੇ ਭੱਦੀ ਸ਼ਬਦਾਵਲੀ ਵਰਤੀ ਗਈ। ਉਨ੍ਹਾਂ ਇਹ ਵੀ ਕਿਹਾ ਕਿ ਵਿਧਾਨ ਸਭਾ ਵਿੱਚ ਮੌਜੂਦ ਚੁਣੇ ਹੋਏ ਵਿਧਾਇਕਾਂ ਨੂੰ ਸਪੀਕਰ ਵੱਲੋਂ ‘ਸੰਗਤ’ ਕਿਹਾ ਗਿਆ।

ਸ਼ਿਕਾਇਤ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਪਹੁੰਚੇ ਆਗੂਆਂ ਨੇ ਮੰਗ ਕੀਤੀ ਕਿ ਇਸ ਮਾਮਲੇ ਨੂੰ ਗੰਭੀਰਤਾ ਨਾਲ ਲਿਆ ਜਾਵੇ ਅਤੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਤਲਬ ਕਰਕੇ ਉਨ੍ਹਾਂ ਤੋਂ ਇਸ ਸਬੰਧੀ ਸਪਸ਼ਟੀਕਰਨ ਮੰਗਿਆ ਜਾਵੇ।

ਉਨ੍ਹਾਂ ਮੰਗ ਕੀਤੀ ਕਿ ਜੇਕਰ ਜਾਂਚ ਦੌਰਾਨ ਸਪੀਕਰ ਵੱਲੋਂ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਕੋਈ ਗੱਲ ਸਾਹਮਣੇ ਆਉਂਦੀ ਹੈ ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਨਿਯਮਾਂ ਅਤੇ ਪੰਥਕ ਮਰਿਆਦਾ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇ।

ਪਹਿਲਾਂ ਵੀ ‘ਆਪ’ ਸਰਕਾਰ ਨਾਲ ਜੁੜੇ ਮਾਮਲੇ ਸ੍ਰੀ ਅਕਾਲ ਤਖ਼ਤ ’ਤੇ

ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੀ ਸਰਕਾਰ ਨਾਲ ਸਬੰਧਤ ਬੇਅਦਬੀ ਸੋਧ ਐਕਟ ਦਾ ਮਾਮਲਾ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਵਿਚਾਰ ਅਧੀਨ ਰਹਿ ਚੁੱਕਾ ਹੈ। ਇਸ ਤੋਂ ਇਲਾਵਾ ਇੱਕ ਇਤਰਾਜ਼ਯੋਗ ਵੀਡੀਓ ਨਾਲ ਜੁੜੇ ਮਾਮਲੇ ਵਿੱਚ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਖ਼ਿਲਾਫ਼ ਕਾਰਵਾਈ ਕੀਤੀ ਜਾ ਚੁੱਕੀ ਹੈ।

ਹੁਣ ਸਪੀਕਰ ਕੁਲਤਾਰ ਸਿੰਘ ਸੰਧਵਾਂ ਖ਼ਿਲਾਫ਼ ਪਹੁੰਚੀ ਇਸ ਸ਼ਿਕਾਇਤ ਨੇ ਪੰਜਾਬ ਦੀ ਸਿਆਸਤ ਦੇ ਨਾਲ-ਨਾਲ ਪੰਥਕ ਹਲਕਿਆਂ ਵਿੱਚ ਵੀ ਚਰਚਾ ਛੇੜ ਦਿੱਤੀ ਹੈ। ਸ਼ਿਕਾਇਤਕਰਤਾਵਾਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਇਸ ਮਾਮਲੇ ਵਿੱਚ ਅਗਲੀ ਕਾਰਵਾਈ ਦੀ ਉਡੀਕ ਕੀਤੀ ਜਾ ਰਹੀ ਹੈ।

## 2027 ਦੀਆਂ ਚੋਣਾਂ ਲਈ ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਕੱਸਿਆ ਸਿਆਸੀ ਪੇਚ, ਪਾਰਲੀਮਾਨੀ ਬੋਰਡ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਟੇਕਿਆ ਮੱਥਾ

### ਨਵ-ਗਠਿਤ ਬੋਰਡ ਵੱਲੋਂ ਪਾਰਟੀ ਦੀ ਚੜ੍ਹਦੀ ਕਲਾ, ਪੰਥ ਦੀ ਮਜ਼ਬੂਤੀ ਅਤੇ ਪੰਜਾਬ ਦੇ ਭਲੇ ਲਈ ਅਰਦਾਸ; ਉਮੀਦਵਾਰਾਂ ਦੀ ਚੋਣ ਨਿਰਪੱਖ ਤੇ ਪਾਰਦਰਸ਼ੀ ਢੰਗ ਨਾਲ ਕਰਨ ਦਾ ਐਲਾਨ

ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਆਪਣੀਆਂ ਸਿਆਸੀ ਤਿਆਰੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਪਾਰਟੀ ਵੱਲੋਂ ਨਵ-ਗਠਿਤ ਕੀਤੇ ਗਏ ਪਾਰਲੀਮਾਨੀ ਬੋਰਡ ਦੇ ਮੈਂਬਰਾਂ ਅਤੇ ਸੀਨੀਅਰ ਲੀਡਰਸ਼ਿਪ ਨੇ ਸ਼ੁਕਰਾਨੇ ਵਜੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ ਹੋ ਕੇ ਪਾਰਟੀ ਦੀ ਚੜ੍ਹਦੀ ਕਲਾ, ਪੰਥ ਦੀ ਮਜ਼ਬੂਤੀ ਅਤੇ ਪੰਜਾਬ ਦੇ ਭਲੇ ਲਈ ਅਰਦਾਸ ਕੀਤੀ।

ਇਹ ਦੌਰਾ ਉਸ ਸਮੇਂ ਹੋਇਆ ਹੈ ਜਦੋਂ ਜਥੇਬੰਦੀ ਵੱਲੋਂ ਬੀਤੇ ਦਿਨ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਆਪਣੇ ਪਹਿਲੇ ਉਮੀਦਵਾਰ ਦਾ ਐਲਾਨ ਵੀ ਕੀਤਾ ਗਿਆ ਹੈ। ਇਸ ਨਾਲ ਪਾਰਟੀ ਨੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਆਪਣੇ ਸਿਆਸੀ ਮੈਦਾਨ ਵਿੱਚ ਸਰਗਰਮੀ ਵਧਾਉਣ ਦੇ ਸੰਕੇਤ ਦਿੱਤੇ ਹਨ।



ਨਵ-ਗਠਿਤ ਪਾਰਲੀਮਾਨੀ ਬੋਰਡ ਵਿੱਚ ਕਾਬਲ ਸਿੰਘ ਨੂੰ ਕੋਆਰਡੀਨੇਟਰ ਬਣਾਇਆ ਗਿਆ ਹੈ, ਜਦਕਿ ਭਾਈ ਸੁਖਵਿੰਦਰ ਸਿੰਘ ਅਗਵਾਨ, ਜੋ ਸ਼ਹੀਦ ਭਾਈ ਸਤਵੰਤ ਸਿੰਘ ਦੇ ਭਤੀਜੇ ਹਨ, ਬਾਬੂ ਸਿੰਘ ਬਰਾੜ ਅਤੇ ਪ੍ਰਗਟ ਸਿੰਘ ਨੂੰ ਬੋਰਡ ਦਾ ਮੈਂਬਰ ਬਣਾਇਆ ਗਿਆ ਹੈ। ਬਾਪੂ ਤਰਸੇਮ ਸਿੰਘ ਦੀ ਅਗਵਾਈ ਹੇਠ ਸਮੁੱਚੀ ਸੀਨੀਅਰ ਲੀਡਰਸ਼ਿਪ ਵੀ ਇਸ ਮੌਕੇ ਮੌਜੂਦ ਰਹੀ।

ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਬਾਅਦ ਪਾਰਟੀ ਆਗੂਆਂ ਨੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਪਾਰਟੀ ਦੀ ਚੜ੍ਹਦੀ ਕਲਾ, ਪੰਥ ਦੀ ਮਜ਼ਬੂਤੀ ਅਤੇ ਪੰਜਾਬ ਦੀ ਖੁਸ਼ਹਾਲੀ ਲਈ ਅਰਦਾਸ ਕੀਤੀ। ਇਸ ਮੌਕੇ ਹਲਕਾ ਦਾਖਾ ਤੋਂ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਵੀ ਵਿਸ਼ੇਸ਼ ਤੌਰ ’ਤੇ ਪਹੁੰਚੇ।

ਪਾਰਟੀ ਵਰਕਰਾਂ ਵੱਲੋਂ ਨਵ-ਨਿਯੁਕਤ ਪਾਰਲੀਮਾਨੀ ਬੋਰਡ ਦੇ ਮੈਂਬਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਦੌਰਾਨ ਪਾਰਟੀ ਆਗੂਆਂ ਵੱਲੋਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਉਮੀਦਵਾਰਾਂ ਦੀ ਚੋਣ ਅਤੇ ਪਾਰਟੀ ਦੀ ਰਣਨੀਤੀ ਸਬੰਧੀ ਵੀ ਆਪਣਾ ਰੁਖ਼ ਸਪੱਸ਼ਟ ਕੀਤਾ ਗਿਆ।

**ਪੰਥ ਅਤੇ ਪੰਜਾਬ ਦੇ ਹਿੱਤਾਂ ਨੂੰ ਦਿੱਤੀ ਜਾਵੇਗੀ ਪਹਿਲ**

ਪ੍ਰੈੱਸ ਨੂੰ ਸੰਬੋਧਨ ਕਰਦਿਆਂ ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਪਾਰਲੀਮਾਨੀ ਬੋਰਡ ਪੰਥ ਅਤੇ ਪੰਜਾਬ ਦੇ ਹਿੱਤਾਂ ਨੂੰ ਸਭ ਤੋਂ ਉੱਪਰ ਰੱਖਦਿਆਂ ਆਪਣੇ ਫ਼ੈਸਲੇ ਪੂਰੀ ਨਿਰਪੱਖਤਾ ਨਾਲ ਕਰੇਗਾ। ਉਨ੍ਹਾਂ ਕਿਹਾ ਕਿ ਉਮੀਦਵਾਰਾਂ ਦੀ ਚੋਣ ਵਿੱਚ ਕਿਸੇ ਵੀ ਤਰ੍ਹਾਂ ਦੇ ਨਿੱਜੀ ਹਿੱਤ ਜਾਂ ਪੱਖਪਾਤ ਨੂੰ ਤਰਜੀਹ ਨਹੀਂ ਦਿੱਤੀ ਜਾਵੇਗੀ।

ਉਨ੍ਹਾਂ ਮੁਤਾਬਕ ਪਾਰਟੀ ਵੱਲੋਂ ਉਮੀਦਵਾਰਾਂ ਦੀ ਚੋਣ ਕਰਦੇ ਸਮੇਂ ਪੰਥ, ਪੰਜਾਬ ਅਤੇ ਲੋਕ ਹਿੱਤ ਸਭ ਤੋਂ ਮਹੱਤਵਪੂਰਨ ਮਾਪਦੰਡ ਹੋਣਗੇ। ਉਨ੍ਹਾਂ ਕਿਹਾ ਕਿ ਪਾਰਟੀ ਚਾਹੁੰਦੀ ਹੈ ਕਿ ਅਜਿਹੇ ਉਮੀਦਵਾਰਾਂ ਨੂੰ ਅੱਗੇ ਲਿਆਂਦਾ ਜਾਵੇ ਜੋ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝਦੇ ਹੋਣ ਅਤੇ ਪੰਜਾਬ ਦੇ ਹਿੱਤਾਂ ਲਈ ਇਮਾਨਦਾਰੀ ਨਾਲ ਕੰਮ ਕਰਨ ਦੀ ਸਮਰੱਥਾ ਰੱਖਦੇ ਹੋਣ।

ਪਾਰਲੀਮਾਨੀ ਬੋਰਡ ਦੇ ਮੈਂਬਰਾਂ ਨੇ ਸਾਂਝੇ ਤੌਰ ’ਤੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਗੁਰੂ ਸਾਹਿਬਾਨ ਵੱਲੋਂ ਦਰਸਾਏ ਸਿਧਾਂਤਾਂ, ਪੰਥਕ ਰਵਾਇਤਾਂ ਅਤੇ ਸਰਬੱਤ ਦੇ ਭਲੇ ਦੀ ਸੋਚ ਨੂੰ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਪਾਰਟੀ ਪੰਜਾਬ, ਪੰਜਾਬੀ ਅਤੇ ਪੰਥ ਦੇ ਹਿੱਤਾਂ ਦੀ ਰਾਖੀ ਲਈ ਆਪਣੀ ਆਵਾਜ਼ ਲਗਾਤਾਰ ਬੁਲੰਦ ਕਰਦੀ ਰਹੇਗੀ।

**ਯੋਗਤਾ ਤੇ ਇਮਾਨਦਾਰੀ ਹੋਵੇਗੀ ਉਮੀਦਵਾਰਾਂ ਦੀ ਚੋਣ ਦਾ ਆਧਾਰ**

ਬੋਰਡ ਮੈਂਬਰਾਂ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਉਮੀਦਵਾਰਾਂ ਦੀ ਚੋਣ ਵਿੱਚ ਯੋਗਤਾ, ਇਮਾਨਦਾਰੀ, ਲੋਕ ਸੇਵਾ ਪ੍ਰਤੀ ਵਚਨਬੱਧਤਾ ਅਤੇ ਪੰਥਕ ਸੋਚ ਨੂੰ ਮੁੱਖ ਮਾਪਦੰਡ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਯੋਗ ਅਤੇ ਮਜ਼ਬੂਤ ਉਮੀਦਵਾਰਾਂ ਨੂੰ ਹੀ ਚੋਣ ਮੈਦਾਨ ਵਿੱਚ ਉਤਾਰਨ ਦੀ ਕੋਸ਼ਿਸ਼ ਕੀਤੀ ਜਾਵੇਗੀ।

ਉਨ੍ਹਾਂ ਇਹ ਵੀ ਕਿਹਾ ਕਿ ਉਮੀਦਵਾਰਾਂ ਦੀ ਚੋਣ ਦੀ ਪੂਰੀ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਨਿਰਪੱਖ ਰੱਖਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ, ਤਾਂ ਜੋ ਕਿਸੇ ਵੀ ਪੱਧਰ ’ਤੇ ਪੱਖਪਾਤ ਜਾਂ ਨਿੱਜੀ ਸਿਫ਼ਾਰਸ਼ਾਂ ਦੀ ਗੁੰਜਾਇਸ਼ ਨਾ ਰਹੇ।

ਅਖੀਰ ਵਿੱਚ ਬਾਪੂ ਤਰਸੇਮ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਅਤੇ ਪੰਥਕ ਏਕਤਾ ਨੂੰ ਮਜ਼ਬੂਤ ਕਰਨ ਦਾ ਸੰਦੇਸ਼ ਦਿੱਤਾ। ਉਨ੍ਹਾਂ ਸਮੂਹ ਸੰਗਤ ਅਤੇ ਪਾਰਟੀ ਵਰਕਰਾਂ ਨੂੰ ਇਕਜੁੱਟ ਹੋ ਕੇ ਪੰਜਾਬ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਯਤਨਸ਼ੀਲ ਰਹਿਣ ਦੀ ਅਪੀਲ ਕੀਤੀ।

ਇਸ ਮੌਕੇ ਸੀਨੀਅਰ ਲੀਡਰਸ਼ਿਪ ਵਿੱਚੋਂ ਅਮਰਜੀਤ ਸਿੰਘ ਵੰਨਚਿੜੀ, ਹਰਭਜਨ ਸਿੰਘ ਤੁੜ, ਸ਼ਹੀਦ ਭਾਈ ਕੇਹਰ ਸਿੰਘ ਦੇ ਪੁੱਤਰ ਰਜਿੰਦਰ ਸਿੰਘ, ਪੁਰੂਰਾਜ ਸਿੰਘ, ਜਸਕਰਨ ਸਿੰਘ ਕਾਹਨਸਿੰਘ ਵਾਲਾ, ਸੁਖਚੈਨ ਸਿੰਘ, ਪਲਵਿੰਦਰ ਸਿੰਘ, ਪ੍ਰਿਥੀਪਾਲ ਸਿੰਘ, ਸ਼ਮਸ਼ੇਰ ਸਿੰਘ ਪੱਧਰੀ ਅਤੇ ਸੁਖਦੇਵ ਕਾਦੀਆਂ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਅਤੇ ਵਰਕਰ ਹਾਜ਼ਰ ਸਨ।




VALLEY UNITED CULTURAL CLUB
Proudly Presents:
MELA PUNJABIAN DA
FREE ENTRY
ਕੋਈ ਟਿਕਟ ਨਹੀਂ
MEDIA SPONSOR
connect
Print Media Partner
SAAB
PRINTS & GRAPHICS
ਮੇਲਾ ਪੰਜਾਬੀਆਂ ਦਾ
PLEASE DONATE & SHARE
HELP SAVE 3-Year Old Gurmoh
gofundme
Malka & Jyoti
Bobby Bhullar
Ekam Sudhar
Preet Lally
Kaur Mandeep
Balraj
at Rotary Stadium, Abbotsford, BC Canada
on Sunday, August 16th, 2026 at 9am to 9pm
KIDS
play
5-16 ਸਾਲ ਦੇ ਬੱਚਿਆਂ ਦੀਆਂ ਦੌੜਾਂ ਸਵੇਰੇ 10-12 ਤੱਕ
ਕਰਵਾਈਆਂ ਜਾਣਗੀਆਂ। ਹੋਰ ਜਾਣਕਾਰੀ ਲਈ
ਕੇਲ ਦੋਸਾਂਝ 604-619-1064 ਸੰਪਰਕ ਕਰੋ ਜੀ।
ਰੱਸਾ-ਕੱਸੀ ਮੁਕਾਬਲੇ ਵੀ ਕਰਵਾਏ ਜਾਣਗੇ।
FOR MORE INFORMATION:
JATINDER GILL: 604-832-4000, HARJOT SANDHU: 778-240-9959
LAKHVIR MANN: 604-751-3208, MANJIT GILL: 604-600-7328,
SURJIT UPPAL: 604-857-3708, PAVAN DHALIWAL: 778-552-8101

ਸਪੋਰਟਸ/ਖੇਡਾਂ

# ਪੰਜਾਬ ’ਚ ਕ੍ਰਿਕਟ ਦਾ ਨਵਾਂ ਰੰਗ! ‘ਸ਼ੇਰ-ਏ-ਪੰਜਾਬ ਟੀ-20 ਲੀਗ’ ਦਾ ਐਲਾਨ, 30 ਅਗਸਤ ਤੋਂ ਮੁਹਾਲੀ ’ਚ ਹੋਣਗੇ ਮੁਕਾਬਲੇ

## ਆਈਪੀਐਲ ਦੀ ਤਰਜ਼ ’ਤੇ ਪਹਿਲੀ ਵਾਰ ਪੰਜਾਬ ’ਚ ਸੂਬਾਈ ਟੀ-20 ਲੀਗ; ਸ਼ੁਭਮਨ ਗਿੱਲ ਤੋਂ ਅਰਸ਼ਦੀਪ ਸਿੰਘ ਤੱਕ ਵੱਡੇ ਸਿਤਾਰੇ ਹੋਣਗੇ ਮੈਦਾਨ ’ਚ

ਪੰਜਾਬ ਵਿੱਚ ਕ੍ਰਿਕਟ ਪ੍ਰੇਮੀਆਂ ਲਈ ਵੱਡੀ ਖ਼ਬਰ ਸਾਹਮਣੇ ਆਈ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਹੈ ਕਿ ਸੂਬੇ ਵਿੱਚ ਪਹਿਲੀ ਵਾਰ ਆਈਪੀਐਲ ਦੀ ਤਰਜ਼ ’ਤੇ ‘ਸ਼ੇਰ-ਏ-ਪੰਜਾਬ ਟੀ-20 ਲੀਗ’ ਕਰਵਾਈ ਜਾਵੇਗੀ। ਇਸ ਲੀਗ ਦੇ ਮੁਕਾਬਲੇ 30 ਅਗਸਤ ਤੋਂ 13 ਸਤੰਬਰ ਤੱਕ ਮੁਹਾਲੀ ਸਥਿਤ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਸਟੇਡੀਅਮ ਵਿੱਚ ਕਰਵਾਏ ਜਾਣਗੇ।

ਇਸ ਟੀ-20 ਲੀਗ ਵਿੱਚ ਪੰਜਾਬ ਦੀਆਂ ਛੇ ਫਰੈਂਚਾਇਜ਼ੀ ਟੀਮਾਂ ਹਿੱਸਾ ਲੈਣਗੀਆਂ। ਖ਼ਾਸ ਗੱਲ ਇਹ ਹੈ ਕਿ ਇਸ ਟੂਰਨਾਮੈਂਟ ਵਿੱਚ ਪੰਜਾਬ ਨਾਲ ਸਬੰਧਤ ਖਿਡਾਰੀਆਂ ਨੂੰ ਹੀ ਮੌਕਾ ਦਿੱਤਾ ਜਾਵੇਗਾ। ਭਾਰਤੀ ਕ੍ਰਿਕਟ ਦੇ ਕਈ ਵੱਡੇ ਨਾਮ ਵੀ ਇਸ ਲੀਗ ਦਾ ਹਿੱਸਾ ਬਣਨਗੇ, ਜਿਸ ਨਾਲ ਸੂਬੇ ਦੇ ਉੱਭਰਦੇ ਖਿਡਾਰੀਆਂ ਨੂੰ ਆਪਣੇ ਸੀਨੀਅਰ ਅਤੇ ਕੌਮੀ ਪੱਧਰ ਦੇ ਸਿਤਾਰਿਆਂ ਨਾਲ ਖੇਡਣ ਅਤੇ ਸਿੱਖਣ ਦਾ ਮੌਕਾ ਮਿਲੇਗਾ।


ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਨੇ ਹਮੇਸ਼ਾ ਦੇਸ਼ ਨੂੰ ਉੱਚ ਪੱਧਰੀ ਕ੍ਰਿਕਟ ਖਿਡਾਰੀ ਦਿੱਤੇ ਹਨ। ਉਨ੍ਹਾਂ ਮੁਤਾਬਕ ਮੌਜੂਦਾ ਸਮੇਂ ਵਿੱਚ ਵੀ ਪੰਜਾਬ ਦੇ 21 ਖਿਡਾਰੀ ਭਾਰਤੀ ਕ੍ਰਿਕਟ ਟੀਮ ਨਾਲ ਜੁੜੇ ਹੋਏ ਹਨ ਅਤੇ ਸੂਬਾ ਦੇਸ਼ ਦੀ ਕ੍ਰਿਕਟ ਵਿੱਚ ਅਹਿਮ ਯੋਗਦਾਨ ਪਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਅਤੇ ਪੰਜਾਬ ਵਿੱਚ ਖੇਡਾਂ ਦਾ ਮਾਹੌਲ ਹੋਰ ਮਜ਼ਬੂਤ ਕਰਨਾ ਹੈ। ਮੁੱਖ ਮੰਤਰੀ ਨੇ ਨਸ਼ਿਆਂ ਵਿਰੁੱਧ ਜਾਰੀ ਮੁਹਿੰਮ ਵਿੱਚ ਖੇਡਾਂ ਨੂੰ ਸਭ ਤੋਂ ਪ੍ਰਭਾਵਸ਼ਾਲੀ ਹਥਿਆਰ ਦੱਸਦਿਆਂ ਕਿਹਾ ਕਿ ਨੌਜਵਾਨਾਂ ਨੂੰ ਖੇਡ ਮੈਦਾਨਾਂ ਨਾਲ ਜੋੜ ਕੇ ਉਨ੍ਹਾਂ ਨੂੰ ਸਹੀ ਦਿਸ਼ਾ ਦਿੱਤੀ ਜਾ ਸਕਦੀ ਹੈ।

### ਛੇ ਟੀਮਾਂ, ਛੇ ਵੱਡੇ ਕ੍ਰਿਕਟ ਸਿਤਾਰੇ

ਮੁੱਖ ਮੰਤਰੀ ਵੱਲੋਂ ਲੀਗ ਦੀਆਂ ਛੇ ਟੀਮਾਂ ਅਤੇ ਉਨ੍ਹਾਂ ਨਾਲ ਜੁੜੇ ਪ੍ਰਮੁੱਖ ਖਿਡਾਰੀਆਂ ਦੇ ਨਾਮ ਵੀ ਜਾਰੀ ਕੀਤੇ ਗਏ ਹਨ। ਭਾਰਤੀ ਕ੍ਰਿਕਟ ਟੀਮ ਦੇ ਕਪਤਾਨ ਸ਼ੁਭਮਨ ਗਿੱਲ ‘ਫਾਜ਼ਿਲਕਾ ਫਾਲਕਨਜ਼’ ਦੀ ਨੁਮਾਇੰਦਗੀ ਕਰਨਗੇ।

ਇਸੇ ਤਰ੍ਹਾਂ ਤੇਜ਼ ਗੇਂਦਬਾਜ਼ ਅਰਸ਼ਦੀਪ ਸਿੰਘ ‘ਲੁਧਿਆਣਾ ਲਾਇਨਜ਼’, ਧਮਾਕੇਦਾਰ ਬੱਲੇਬਾਜ਼




ਅਭਿਸ਼ੇਕ ਸ਼ਰਮਾ ‘ਅੰਮ੍ਰਿਤਸਰ ਸੂਰਮਾਜ਼’, ਵਿਕਟਕੀਪਰ-ਬੱਲੇਬਾਜ਼ ਪ੍ਰਭਸਿਮਰਨ ਸਿੰਘ ‘ਜਲੰਧਰ ਵਾਰੀਅਰਜ਼’, ਆਲਰਾਊਂਡਰ ਰਮਨਦੀਪ ਸਿੰਘ ‘ਮੁਹਾਲੀ ਕਿੰਗਜ਼’ ਅਤੇ ਗੁਰਨੂਰ ਬਰਾੜ ‘ਬਠਿੰਡਾ ਰੌਇਲਜ਼’ ਵੱਲੋਂ ਖੇਡਦੇ ਨਜ਼ਰ ਆਉਣਗੇ।

ਇਨ੍ਹਾਂ ਵੱਡੇ ਖਿਡਾਰੀਆਂ ਦੀ ਮੌਜੂਦਗੀ ਨਾਲ ਲੀਗ ਨੂੰ ਪੰਜਾਬ ਦੇ ਨੌਜਵਾਨ ਕ੍ਰਿਕਟਰਾਂ ਲਈ ਇੱਕ ਵੱਡੇ ਮੰਚ ਵਜੋਂ ਦੇਖਿਆ ਜਾ ਰਿਹਾ ਹੈ। ਉੱਭਰਦੇ ਖਿਡਾਰੀਆਂ ਨੂੰ ਕੌਮੀ ਪੱਧਰ ’ਤੇ ਆਪਣੀ ਪਛਾਣ ਬਣਾਉਣ ਵਾਲੇ ਖਿਡਾਰੀਆਂ ਨਾਲ ਡਰੈਸਿੰਗ ਰੂਮ ਸਾਂਝਾ ਕਰਨ ਅਤੇ ਉਨ੍ਹਾਂ ਤੋਂ ਤਜਰਬਾ ਹਾਸਲ ਕਰਨ ਦਾ ਮੌਕਾ ਮਿਲੇਗਾ।

### 450 ਤੋਂ ਵੱਧ ਖਿਡਾਰੀ ਨਿਲਾਮੀ ਲਈ ਤਿਆਰ

‘ਸ਼ੇਰ-ਏ-ਪੰਜਾਬ ਟੀ-20 ਲੀਗ’ ਲਈ 450 ਤੋਂ ਵੱਧ ਪੰਜਾਬੀ ਖਿਡਾਰੀਆਂ ਦਾ ਪੂਲ ਤਿਆਰ ਕੀਤਾ ਗਿਆ ਹੈ। ਇਨ੍ਹਾਂ ਖਿਡਾਰੀਆਂ ਦੀ ਨਿਲਾਮੀ 9 ਅਗਸਤ ਨੂੰ ਹੋਵੇਗੀ। ਨਿਲਾਮੀ ਵਿੱਚ ਕਈ ਜਾਣੇ-ਪਛਾਣੇ ਕ੍ਰਿਕਟਰ ਵੀ ਸ਼ਾਮਲ ਹੋਣਗੇ।

ਇਸ ਪੂਲ ਵਿੱਚ ਅਨਮੋਲਪ੍ਰੀਤ ਸਿੰਘ, ਮਯੰਕ ਮਾਰਕੰਡੇ, ਨਮਨ ਧੀਰ, ਵਿਆਨ ਮਲਹੋਤਰਾ, ਇਮਾਨਜੋਤ ਸਿੰਘ ਚਾਹਲ, ਅਸ਼ਵਨੀ ਕੁਮਾਰ ਅਤੇ ਕ੍ਰਿਸ਼ ਭਗਤ ਵਰਗੇ ਖਿਡਾਰੀਆਂ ਦੇ ਨਾਮ ਸ਼ਾਮਲ ਹਨ। ਨਿਲਾਮੀ ਤੋਂ ਬਾਅਦ ਛੇਵੇਂ ਪੱਧਰ ’ਤੇ ਟੀਮਾਂ ਨੂੰ ਆਪਣੇ ਖਿਡਾਰੀ ਚੁਣਨ ਦਾ ਮੌਕਾ ਮਿਲੇਗਾ।

ਲੀਗ ਦੇ ਮੁਕਾਬਲੇ ਰਾਊਂਡ-ਰੌਬਿਨ ਫਾਰਮੈਟ ਵਿੱਚ ਕਰਵਾਏ ਜਾਣਗੇ। ਇਸ ਤਹਿਤ ਹਰ ਟੀਮ ਆਪਣੇ ਲੀਗ ਪੜਾਅ ਵਿੱਚ ਅੱਠ ਮੈਚ ਖੇਡੇਗੀ। ਮੁਹਾਲੀ ਦੇ ਪੀਸੀਏ ਸਟੇਡੀਅਮ ਵਿੱਚ ਹੋਣ ਵਾਲੇ ਮੁਕਾਬਲਿਆਂ ਨੂੰ ਲੈ ਕੇ ਪੰਜਾਬ ਦੇ ਕ੍ਰਿਕਟ ਪ੍ਰੇਮੀਆਂ ਵਿੱਚ ਵੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।

### ਖੇਡਾਂ ਨੂੰ ਲੈ ਕੇ ਪੰਜਾਬ ਸਰਕਾਰ ਦਾ ਵੱਡਾ ਪਲਾਨ

ਮੁੱਖ ਮੰਤਰੀ ਭਗਵੰਤ ਮਾਨ ਨੇ ਇਸ ਮੌਕੇ ਪੰਜਾਬ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਹੋਰ ਉਪਰਾਲਿਆਂ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ‘ਖੇਡਾਂ ਵਤਨ ਪੰਜਾਬ ਦੀਆਂ’ ਦਾ ਆਯੋਜਨ ਹਰ ਸਾਲ ਕੀਤਾ ਜਾ ਰਿਹਾ ਹੈ, ਜਿਸ ਰਾਹੀਂ ਸੂਬੇ ਦੇ ਵੱਖ-ਵੱਖ ਹਿੱਸਿਆਂ ਤੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਿਆ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ 3,100 ਤੋਂ ਵੱਧ ਖੇਡ ਮੈਦਾਨ ਵਿਕਸਤ ਕੀਤੇ ਜਾ ਰਹੇ ਹਨ। ਇਸ ਦਾ ਉਦੇਸ਼ ਪਿੰਡਾਂ ਅਤੇ ਸ਼ਹਿਰਾਂ ਦੇ ਨੌਜਵਾਨਾਂ ਨੂੰ ਬਿਹਤਰ ਖੇਡ ਸਹੂਲਤਾਂ ਮੁਹੱਈਆ ਕਰਵਾਉਣਾ ਅਤੇ ਉਨ੍ਹਾਂ ਵਿੱਚ ਮੁਕਾਬਲੇ ਦੀ ਭਾਵਨਾ ਪੈਦਾ ਕਰਨਾ ਹੈ।

ਇਸ ਤੋਂ ਇਲਾਵਾ ਪੰਜਾਬ ਅਕਤੂਬਰ-ਨਵੰਬਰ ਦੌਰਾਨ ਪਹਿਲੀ ਵਾਰ ਹਾਕੀ ਏਸ਼ੀਅਨ ਚੈਂਪੀਅਨਜ਼ ਟਰਾਫੀ ਦੀ ਮੇਜ਼ਬਾਨੀ ਵੀ ਕਰੇਗਾ। ਇਸ ਨਾਲ ਪੰਜਾਬ ਵਿੱਚ ਕ੍ਰਿਕਟ ਦੇ ਨਾਲ-ਨਾਲ ਹਾਕੀ ਅਤੇ ਹੋਰ ਖੇਡਾਂ ਨੂੰ ਵੀ ਵੱਡਾ ਮੰਚ ਮਿਲਣ ਦੀ ਉਮੀਦ ਹੈ।

### ਲੀਗ ਦੇ ਐਲਾਨ ਮੌਕੇ ਕ੍ਰਿਕਟ ਜਗਤ ਦੀ ਮੌਜੂਦਗੀ

‘ਸ਼ੇਰ-ਏ-ਪੰਜਾਬ ਟੀ-20 ਲੀਗ’ ਦੇ ਐਲਾਨ ਮੌਕੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਅਮਰਜੀਤ ਮਹਿਤਾ, ਸਕੱਤਰ ਗੁਰਮੀਤ ਸਿੰਘ ਮੀਤ ਹੇਅਰ ਅਤੇ ਮੀਤ ਪ੍ਰਧਾਨ ਦੀਪਕ ਬਾਲੀ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਲੀਗ ਦੇ ਲੋਗੋ ਵਾਲੀ ਟੀ-ਸ਼ਰਟ ਭੇਟ ਕੀਤੀ।

ਇਸ ਮੌਕੇ ਭਾਰਤੀ ਕ੍ਰਿਕਟ ਖਿਡਾਰੀਆਂ ਵੱਲੋਂ ਵੀ ਮੁੱਖ ਮੰਤਰੀ ਨੂੰ ਸਨਮਾਨ ਵਜੋਂ ਕ੍ਰਿਕਟ ਬੈਟ ਅਤੇ ਬਾਲ ਭੇਟ ਕੀਤੇ ਗਏ। ਲੀਗ ਦੇ ਐਲਾਨ ਨਾਲ ਪੰਜਾਬ ਵਿੱਚ ਕ੍ਰਿਕਟ ਨੂੰ ਲੈ ਕੇ ਇੱਕ ਨਵਾਂ ਅਧਿਆਇ ਸ਼ੁਰੂ ਹੋਣ ਦੀ ਉਮੀਦ ਜਤਾਈ ਜਾ ਰਹੀ ਹੈ।

ਹੁਣ 30 ਅਗਸਤ ਤੋਂ ਸ਼ੁਰੂ ਹੋਣ ਵਾਲੀ ਇਸ ਲੀਗ ’ਤੇ ਸਾਰਿਆਂ ਦੀਆਂ ਨਜ਼ਰਾਂ ਰਹਿਣਗੀਆਂ। ਇੱਕ ਪਾਸੇ ਸ਼ੁਭਮਨ ਗਿੱਲ, ਅਰਸ਼ਦੀਪ ਸਿੰਘ ਅਤੇ ਅਭਿਸ਼ੇਕ ਸ਼ਰਮਾ ਵਰਗੇ ਵੱਡੇ ਨਾਮ ਮੈਦਾਨ ਵਿੱਚ ਉਤਰਨਗੇ, ਉਥੇ ਹੀ ਦੂਜੇ ਪਾਸੇ 450 ਤੋਂ ਵੱਧ ਪੰਜਾਬੀ ਖਿਡਾਰੀਆਂ ਵਿੱਚੋਂ ਚੁਣੇ ਜਾਣ ਵਾਲੇ ਨੌਜਵਾਨ ਕ੍ਰਿਕਟਰਾਂ ਲਈ ਇਹ ਆਪਣੇ ਹੁਨਰ ਨੂੰ ਸਾਬਤ ਕਰਨ ਦਾ ਵੱਡਾ ਮੌਕਾ ਹੋਵੇਗਾ।

# ਜੂਨੀਅਰ ਏਸ਼ੀਆ ਕੱਪ ਲਈ ਪੰਜਾਬ ਦੇ ਪੰਜ ਹਾਕੀ ਖਿਡਾਰੀਆਂ ਦੀ ਚੋਣ, 4 ਮੁੰਡੇ ਤੇ 1 ਖਿਡਾਰਨ ਭਾਰਤੀ ਟੀਮਾਂ ਦਾ ਬਣੇ ਹਿੱਸਾ

ਪੰਜਾਬ ਦੇ ਚਾਰ ਖਿਡਾਰੀ ਭਾਰਤੀ ਜੂਨੀਅਰ ਪੁਰਸ਼ ਹਾਕੀ ਟੀਮ ’ਚ ਸ਼ਾਮਲ; ਬਠਿੰਡਾ ਦੀ ਸੁਖਵੀਰ ਕੌਰ ਨੂੰ ਜੂਨੀਅਰ ਮਹਿਲਾ ਟੀਮ ’ਚ ਮਿਲੀ ਥਾਂ

ਆਗਾਮੀ ਜੂਨੀਅਰ ਏਸ਼ੀਆ ਕੱਪ ਲਈ ਪੰਜਾਬ ਦੇ ਹਾਕੀ ਖਿਡਾਰੀਆਂ ਨੇ ਇੱਕ ਵਾਰ ਫਿਰ ਸੂਬੇ ਦਾ ਮਾਣ ਵਧਾਇਆ ਹੈ। ਪੰਜਾਬ ਦੇ ਚਾਰ ਖਿਡਾਰੀਆਂ ਨੂੰ ਭਾਰਤੀ ਜੂਨੀਅਰ ਪੁਰਸ਼ ਹਾਕੀ ਟੀਮ ਵਿੱਚ ਜਗ੍ਹਾ ਮਿਲੀ ਹੈ, ਜਦਕਿ ਬਠਿੰਡਾ ਦੀ ਇੱਕ ਖਿਡਾਰਨ ਨੂੰ ਭਾਰਤੀ ਜੂਨੀਅਰ ਮਹਿਲਾ ਹਾਕੀ ਟੀਮ ਲਈ ਚੁਣਿਆ ਗਿਆ ਹੈ।



ਜੂਨੀਅਰ ਏਸ਼ੀਆ ਕੱਪ ਪੁਰਸ਼ ਅਤੇ ਮਹਿਲਾ ਦੋਵਾਂ ਵਰਗਾਂ ਵਿੱਚ ਚੀਨ ਵਿੱਚ 30 ਅਗਸਤ ਤੋਂ 13 ਸਤੰਬਰ ਤੱਕ ਕਰਵਾਇਆ ਜਾਵੇਗਾ। ਇਸ ਵੱਡੇ ਅੰਤਰਰਾਸ਼ਟਰੀ ਟੂਰਨਾਮੈਂਟ ਲਈ ਭਾਰਤੀ ਟੀਮਾਂ ਦੀ ਚੋਣ ਵਿੱਚ ਪੰਜਾਬ ਦੇ ਪੰਜ ਖਿਡਾਰੀਆਂ ਦੀ ਸ਼ਮੂਲੀਅਤ ਸੂਬੇ ਲਈ ਮਾਣ ਵਾਲੀ ਗੱਲ ਹੈ।

### ਚਾਰ ਪੰਜਾਬੀ ਖਿਡਾਰੀ ਭਾਰਤੀ ਜੂਨੀਅਰ ਪੁਰਸ਼ ਟੀਮ ਵਿੱਚ

ਹਾਕੀ ਪੰਜਾਬ ਦੇ ਪ੍ਰਧਾਨ ਨਿਤਿਨ ਕੋਹਲੀ ਅਤੇ ਜਨਰਲ ਸਕੱਤਰ ਅਮਰੀਕ ਸਿੰਘ ਪਵਾਰ ਨੇ ਚੁਣੇ ਗਏ ਖਿਡਾਰੀਆਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਪੰਜਾਬ ਦੇ ਚਾਰ ਖਿਡਾਰੀਆਂ ਨੂੰ ਭਾਰਤੀ ਜੂਨੀਅਰ ਪੁਰਸ਼ ਹਾਕੀ ਟੀਮ ਵਿੱਚ ਸ਼ਾਮਲ ਕੀਤਾ ਗਿਆ ਹੈ।

ਚੁਣੇ ਗਏ ਖਿਡਾਰੀਆਂ ਵਿੱਚ:

ਪ੍ਰਭਦੀਪ ਸਿੰਘ — ਮਿੱਠਾਪੁਰ
ਮਨਮੀਤ ਸਿੰਘ ਰਾਏ — ਖੁਸਰੋਪੁਰ
ਲਵਨੂਰ ਸਿੰਘ — ਪੀਏਪੀ ਜਲੰਧਰ
ਗੁਰਸੇਵਕ ਸਿੰਘ — ਰਾਊਂਡ ਗਲਾਸ ਅਕੈਡਮੀ

ਇਨ੍ਹਾਂ ਚਾਰਾਂ ਖਿਡਾਰੀਆਂ ਦੀ ਚੋਣ ਨੂੰ ਪੰਜਾਬ ਦੀ ਹਾਕੀ ਪ੍ਰਤਿਭਾ ਲਈ ਇੱਕ ਵੱਡੀ ਉਪਲਬਧੀ ਵਜੋਂ ਦੇਖਿਆ ਜਾ ਰਿਹਾ ਹੈ। ਇਹ ਖਿਡਾਰੀ ਜੂਨੀਅਰ ਏਸ਼ੀਆ ਕੱਪ ਵਿੱਚ ਭਾਰਤੀ ਟੀਮ ਦੀ ਨੁਮਾਇੰਦਗੀ ਕਰਦਿਆਂ ਆਪਣੀ ਖੇਡ ਦਾ ਪ੍ਰਦਰਸ਼ਨ ਕਰਨਗੇ।

### ਬਠਿੰਡਾ ਦੀ ਸੁਖਵੀਰ ਕੌਰ ਵੀ ਭਾਰਤੀ ਟੀਮ ਵਿੱਚ

ਪੰਜਾਬ ਦੀ ਮਹਿਲਾ ਹਾਕੀ ਲਈ ਵੀ ਇਹ ਮਾਣ ਵਾਲਾ ਮੌਕਾ ਹੈ। ਬਠਿੰਡਾ ਦੀ ਸੁਖਵੀਰ ਕੌਰ ਨੂੰ ਭਾਰਤੀ ਜੂਨੀਅਰ ਮਹਿਲਾ ਹਾਕੀ ਟੀਮ ਵਿੱਚ ਜਗ੍ਹਾ ਮਿਲੀ ਹੈ।

ਸੁਖਵੀਰ ਕੌਰ ਦੀ ਚੋਣ ਨਾਲ ਪੰਜਾਬ ਦੀਆਂ ਮਹਿਲਾ ਹਾਕੀ ਖਿਡਾਰਨਾਂ ਦੀ ਪ੍ਰਤਿਭਾ ਨੂੰ ਵੀ ਰਾਸ਼ਟਰੀ ਪੱਧਰ ’ਤੇ ਪਛਾਣ ਮਿਲੀ ਹੈ। ਹੁਣ ਉਹ ਜੂਨੀਅਰ ਏਸ਼ੀਆ ਕੱਪ ਵਿੱਚ ਭਾਰਤ ਦੀ ਮਹਿਲਾ ਟੀਮ ਦਾ ਹਿੱਸਾ ਬਣ ਕੇ ਦੇਸ਼ ਲਈ ਖੇਡੇਗੀ।

### ਚੀਨ ਵਿੱਚ ਹੋਵੇਗਾ ਜੂਨੀਅਰ ਏਸ਼ੀਆ ਕੱਪ

ਜੂਨੀਅਰ ਏਸ਼ੀਆ ਕੱਪ ਦਾ ਆਯੋਜਨ ਇਸ ਵਾਰ ਚੀਨ ਵਿੱਚ 30 ਅਗਸਤ ਤੋਂ 13 ਸਤੰਬਰ ਤੱਕ ਕੀਤਾ ਜਾਵੇਗਾ। ਪੁਰਸ਼ ਅਤੇ ਮਹਿਲਾ ਵਰਗਾਂ ਦੇ ਮੁਕਾਬਲਿਆਂ ਵਿੱਚ ਏਸ਼ੀਆ ਦੀਆਂ ਪ੍ਰਮੁੱਖ ਹਾਕੀ ਟੀਮਾਂ ਹਿੱਸਾ ਲੈਣਗੀਆਂ।

ਭਾਰਤੀ ਜੂਨੀਅਰ ਟੀਮਾਂ ਲਈ ਇਹ ਟੂਰਨਾਮੈਂਟ ਭਵਿੱਖ ਦੇ ਕੌਮੀ ਪੱਧਰ ਦੇ ਖਿਡਾਰੀ ਤਿਆਰ ਕਰਨ ਦੇ ਪੱਖੋਂ ਵੀ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ। ਪੰਜਾਬ ਦੇ ਖਿਡਾਰੀਆਂ ਦੀ ਵੱਡੀ ਗਿਣਤੀ ਵਿੱਚ ਚੋਣ ਨਾਲ ਸੂਬੇ ਦੀ ਹਾਕੀ ਪ੍ਰਣਾਲੀ ਅਤੇ ਅਕੈਡਮੀਆਂ ਦੀ ਭੂਮਿਕਾ ਵੀ ਸਾਹਮਣੇ ਆਉਂਦੀ ਹੈ।

### ਹਾਕੀ ਪੰਜਾਬ ਵੱਲੋਂ ਖਿਡਾਰੀਆਂ ਨੂੰ ਵਧਾਈ

ਹਾਕੀ ਪੰਜਾਬ ਦੇ ਪ੍ਰਧਾਨ ਨਿਤਿਨ ਕੋਹਲੀ ਅਤੇ ਜਨਰਲ ਸਕੱਤਰ ਅਮਰੀਕ ਸਿੰਘ ਪਵਾਰ ਨੇ ਭਾਰਤੀ ਜੂਨੀਅਰ ਟੀਮਾਂ ਲਈ ਚੁਣੇ ਗਏ ਸਾਰੇ ਖਿਡਾਰੀਆਂ ਨੂੰ ਵਧਾਈ ਦਿੱਤੀ।

ਉਨ੍ਹਾਂ ਨੇ ਉਮੀਦ ਜਤਾਈ ਕਿ ਪੰਜਾਬ ਦੇ ਇਹ ਖਿਡਾਰੀ ਜੂਨੀਅਰ ਏਸ਼ੀਆ ਕੱਪ ਦੌਰਾਨ ਭਾਰਤੀ ਟੀਮ ਲਈ ਮਹੱਤਵਪੂਰਨ ਯੋਗਦਾਨ ਪਾਉਣਗੇ। ਉਨ੍ਹਾਂ ਦਾ ਕਹਿਣਾ ਹੈ ਕਿ ਪੰਜਾਬ ਦੇ ਖਿਡਾਰੀ ਆਪਣੀ ਮਿਹਨਤ ਅਤੇ ਪ੍ਰਦਰਸ਼ਨ ਨਾਲ ਦੇਸ਼ ਅਤੇ ਸੂਬੇ ਦਾ ਨਾਮ ਰੌਸ਼ਨ ਕਰਨਗੇ।

ਪੰਜਾਬ ਦੀ ਹਾਕੀ ਨਾਲ ਜੁੜੇ ਖਿਡਾਰੀਆਂ ਦੀ ਇਸ ਚੋਣ ਨੇ ਸੂਬੇ ਵਿੱਚ ਖੇਡ ਪ੍ਰੇਮੀਆਂ ਅਤੇ ਹਾਕੀ ਪ੍ਰਸ਼ੰਸਕਾਂ ਵਿੱਚ ਵੀ ਖੁਸ਼ੀ ਪੈਦਾ ਕੀਤੀ ਹੈ। ਹੁਣ ਸਾਰਿਆਂ ਦੀਆਂ ਨਜ਼ਰਾਂ ਚੀਨ ਵਿੱਚ ਹੋਣ ਵਾਲੇ ਜੂਨੀਅਰ ਏਸ਼ੀਆ ਕੱਪ ’ਤੇ ਰਹਿਣਗੀਆਂ, ਜਿੱਥੇ ਪੰਜਾਬ ਦੇ ਇਹ ਪੰਜ ਖਿਡਾਰੀ ਭਾਰਤ ਲਈ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨਗੇ।

# ਮਹਿਲਾ ਏਸ਼ੀਆ ਕੱਪ 2026 ਦਾ ਐਲਾਨ: 5 ਸਤੰਬਰ ਨੂੰ ਹੋਵੇਗੀ ਭਾਰਤ-ਪਾਕਿਸਤਾਨ ਦੀ ਟੱਕਰ

ਏਸ਼ਿਆਈ ਕ੍ਰਿਕਟ ਕੌਂਸਲ (ਏਸੀਸੀ) ਨੇ ਮਹਿਲਾ ਟੀ-20 ਏਸ਼ੀਆ ਕੱਪ 2026 ਦੇ ਪੂਰੇ ਕਾਰਜਕ੍ਰਮ ਦਾ ਐਲਾਨ ਕਰ ਦਿੱਤਾ ਹੈ। ਅੱਠ ਟੀਮਾਂ ਵਾਲਾ ਇਹ ਟੂਰਨਾਮੈਂਟ 28 ਅਗਸਤ ਤੋਂ ਸੰਯੁਕਤ ਅਰਬ ਅਮੀਰਾਤ ਵਿੱਚ ਸ਼ੁਰੂ ਹੋਵੇਗਾ ਅਤੇ 13 ਸਤੰਬਰ ਤੱਕ ਚੱਲੇਗਾ। ਟੂਰਨਾਮੈਂਟ ਦਾ ਸਭ ਤੋਂ ਚਰਚਿਤ ਮੁਕਾਬਲਾ ਭਾਰਤ ਅਤੇ ਪਾਕਿਸਤਾਨ ਵਿਚਕਾਰ 5 ਸਤੰਬਰ ਨੂੰ ਦੁਬਈ ਇੰਟਰਨੈਸ਼ਨਲ ਕ੍ਰਿਕਟ ਸਟੇਡੀਅਮ ਵਿੱਚ ਖੇਡਿਆ ਜਾਵੇਗਾ।

ਮੁਕਾਬਲੇ ਦੀ ਸ਼ੁਰੂਆਤ 28 ਅਗਸਤ ਨੂੰ ਹਾਂਗਕਾਂਗ ਅਤੇ ਥਾਈਲੈਂਡ ਦਰਮਿਆਨ ਹੋਣ ਵਾਲੇ ਮੈਚ ਨਾਲ ਹੋਵੇਗੀ। ਟੂਰਨਾਮੈਂਟ ਲਈ ਅੱਠ ਟੀਮਾਂ ਨੂੰ ਦੋ ਗਰੁੱਪਾਂ ਵਿੱਚ ਵੰਡਿਆ ਗਿਆ ਹੈ। ਗਰੁੱਪ ਏ ਵਿੱਚ ਭਾਰਤ, ਪਾਕਿਸਤਾਨ, ਚੀਨ, ਹਾਂਗਕਾਂਗ ਅਤੇ ਥਾਈਲੈਂਡ ਨੂੰ ਸ਼ਾਮਲ ਕੀਤਾ ਗਿਆ ਹੈ,




ਜਦਕਿ ਗਰੁੱਪ ਬੀ ਵਿੱਚ ਮੌਜੂਦਾ ਚੈਂਪੀਅਨ ਸ੍ਰੀਲੰਕਾ ਦੇ ਨਾਲ ਬੰਗਲਾਦੇਸ਼, ਯੂਏਈ ਅਤੇ ਇੰਡੋਨੇਸ਼ੀਆ ਨੂੰ ਰੱਖਿਆ ਗਿਆ ਹੈ।

ਮਹਿਲਾ ਏਸ਼ੀਆ ਕੱਪ ਦਾ ਇਹ ਛੇਵਾਂ ਸੰਸਕਰਣ ਟੀ-20 ਫਾਰਮੈਟ ਵਿੱਚ ਖੇਡਿਆ ਜਾਵੇਗਾ। ਗਰੁੱਪ ਪੜਾਅ ਵਿੱਚ ਹਰ ਟੀਮ ਆਪਣੇ ਗਰੁੱਪ ਦੀਆਂ ਹੋਰ ਟੀਮਾਂ ਨਾਲ ਇੱਕ-ਇੱਕ ਮੈਚ ਖੇਡੇਗੀ। ਇਸ ਤੋਂ ਬਾਅਦ ਦੋਵਾਂ ਗਰੁੱਪਾਂ ਦੀਆਂ ਚੋਟੀ ਦੀਆਂ ਦੋ-ਦੋ ਟੀਮਾਂ ਸੈਮੀਫਾਈਨਲ ਵਿੱਚ ਪ੍ਰਵੇਸ਼ ਕਰਨਗੀਆਂ।

ਪਹਿਲਾ ਸੈਮੀਫਾਈਨਲ 10 ਸਤੰਬਰ ਨੂੰ ਗਰੁੱਪ ਏ ਦੀ ਸਿਖਰਲੀ ਟੀਮ ਅਤੇ ਗਰੁੱਪ ਬੀ ਦੀ ਦੂਜੇ ਨੰਬਰ ਵਾਲੀ ਟੀਮ ਵਿਚਕਾਰ ਖੇਡਿਆ ਜਾਵੇਗਾ, ਜਦਕਿ ਦੂਜਾ ਸੈਮੀਫਾਈਨਲ 11 ਸਤੰਬਰ ਨੂੰ ਹੋਵੇਗਾ। ਟੂਰਨਾਮੈਂਟ ਦਾ ਫਾਈਨਲ ਮੁਕਾਬਲਾ 13 ਸਤੰਬਰ ਨੂੰ ਖੇਡਿਆ ਜਾਵੇਗਾ।

ਗਰੁੱਪ ਬੀ ਵਿੱਚ ਸ੍ਰੀਲੰਕਾ ਅਤੇ ਬੰਗਲਾਦੇਸ਼ ਦਰਮਿਆਨ 6 ਸਤੰਬਰ ਨੂੰ ਮਹੱਤਵਪੂਰਨ ਮੈਚ ਹੋਵੇਗਾ। ਸ੍ਰੀਲੰਕਾ ਇਸ ਵਾਰ ਮੌਜੂਦਾ ਚੈਂਪੀਅਨ ਵਜੋਂ ਮੈਦਾਨ ਵਿੱਚ ਉਤਰੇਗਾ, ਜਦਕਿ ਬੰਗਲਾਦੇਸ਼ ਨੇ 2018 ਵਿੱਚ ਖ਼ਿਤਾਬ ਜਿੱਤ ਕੇ ਇਤਿਹਾਸ ਰਚਿਆ ਸੀ।

ਭਾਰਤੀ ਟੀਮ ਮਹਿਲਾ ਏਸ਼ੀਆ ਕੱਪ ਦੇ ਇਤਿਹਾਸ ਦੀ ਸਭ ਤੋਂ ਸਫ਼ਲ ਟੀਮ ਰਹੀ ਹੈ। ਭਾਰਤ ਨੇ ਹੁਣ ਤੱਕ ਸੱਤ ਵਾਰ ਇਹ ਖ਼ਿਤਾਬ ਆਪਣੇ ਨਾਮ ਕੀਤਾ ਹੈ। ਇਨ੍ਹਾਂ ਵਿੱਚ ਚਾਰ ਖ਼ਿਤਾਬ ਵਨਡੇ ਫਾਰਮੈਟ ਵਿੱਚ 2004, 2005, 2006 ਅਤੇ 2008 ਵਿੱਚ ਜਿੱਤੇ ਗਏ ਸਨ, ਜਦਕਿ ਤਿੰਨ ਵਾਰ ਟੀ-20 ਫਾਰਮੈਟ ਵਿੱਚ 2012, 2016 ਅਤੇ 2022 ਵਿੱਚ ਜਿੱਤ ਦਰਜ ਕੀਤੀ ਗਈ ਸੀ।

ਹੁਣ ਕ੍ਰਿਕਟ ਪ੍ਰੇਮੀਆਂ ਦੀਆਂ ਨਜ਼ਰਾਂ 5 ਸਤੰਬਰ ਨੂੰ ਹੋਣ ਵਾਲੇ ਭਾਰਤ-ਪਾਕਿਸਤਾਨ ਮੁਕਾਬਲੇ ‘ਤੇ ਟਿਕੀਆਂ ਹੋਈਆਂ ਹਨ, ਜਿਸ ਨੂੰ ਟੂਰਨਾਮੈਂਟ ਦਾ ਸਭ ਤੋਂ ਵੱਡਾ ਮੁਕਾਬਲਾ ਮੰਨਿਆ ਜਾ ਰਿਹਾ ਹੈ।

# ਕਾਮਨਵੈਲਥ ਚੈਂਪੀਅਨਾਂ ਨਾਲ ਮਿਲੇ PM ਮੋਦੀ, ਖਿਡਾਰੀਆਂ ਦਾ ਵਧਾਇਆ ਹੌਸਲਾ



39 ਤਗ਼ਮਿਆਂ ਨਾਲ ਚੌਥੇ ਸਥਾਨ ’ਤੇ ਰਹੇ ਭਾਰਤੀ ਦਲ ਦੀ ਸ਼ਲਾਘਾ; ਮੋਦੀ ਨੇ ਕਿਹਾ—‘ਜੋ ਖੇਲੇਗਾ, ਵੋਹ ਖਿਲੇਗਾ, ਆਲਵੇਜ਼ ਚੀਅਰਜ਼ ਫਾਰ ਇੰਡੀਆ’

ਨਵੀਂ ਦਿੱਲੀ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਾਮਨਵੈਲਥ ਗੇਮਜ਼ 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਭਾਰਤੀ ਤਗ਼ਮਾ ਜੇਤੂ ਖਿਡਾਰੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ। ਇਸ ਮੁਲਾਕਾਤ ਦੌਰਾਨ ਪ੍ਰਧਾਨ ਮੰਤਰੀ ਨੇ ਖਿਡਾਰੀਆਂ ਨਾਲ ਗੱਲਬਾਤ ਕੀਤੀ ਅਤੇ ਅੰਤਰਰਾਸ਼ਟਰੀ ਪੱਧਰ ’ਤੇ ਦੇਸ਼ ਦਾ ਨਾਮ ਰੌਸ਼ਨ ਕਰਨ ਲਈ ਉਨ੍ਹਾਂ ਦੀ ਮਿਹਨਤ ਅਤੇ ਸਮਰਪਣ ਦੀ ਸ਼ਲਾਘਾ ਕੀਤੀ।

ਪ੍ਰਧਾਨ ਮੰਤਰੀ ਮੋਦੀ ਨੇ ਇਸ ਮੁਲਾਕਾਤ ਦੀ ਇੱਕ ਛੋਟੀ ਰੀਲ ਵੀ ਆਪਣੇ ਸੋਸ਼ਲ ਮੀਡੀਆ ਖਾਤੇ ’ਤੇ ਸਾਂਝੀ ਕੀਤੀ। ਲਗਭਗ 32 ਸਕਿੰਟ ਦੀ ਇਸ ਵੀਡੀਓ ਵਿੱਚ ਉਹ ਸੋਨ ਤਗ਼ਮਾ ਜੇਤੂ ਮੁੱਕੇਬਾਜ਼ ਸਾਕਸ਼ੀ ਚੌਧਰੀ ਸਮੇਤ ਹੋਰ ਭਾਰਤੀ ਖਿਡਾਰੀਆਂ ਨਾਲ ਨਜ਼ਰ ਆ ਰਹੇ ਹਨ।

ਖਿਡਾਰੀਆਂ ਦਾ ਹੌਸਲਾ ਵਧਾਉਂਦਿਆਂ ਪ੍ਰਧਾਨ ਮੰਤਰੀ ਨੇ ਜੋਸ਼ ਭਰੇ ਅੰਦਾਜ਼ ਵਿੱਚ ਕਿਹਾ, “ਜੋ ਖੇਲੇਗਾ, ਵੋਹ ਖਿਲੇਗਾ... ਆਲਵੇਜ਼ ਚੀਅਰਜ਼ ਫਾਰ ਇੰਡੀਆ... ਭਾਰਤ ਮਾਤਾ ਕੀ ਜੈ।” ਉਨ੍ਹਾਂ ਦੇ ਇਸ ਸੰਦੇਸ਼ ਨੇ ਭਾਰਤੀ ਖਿਡਾਰੀਆਂ ਦੇ ਜਜ਼ਬੇ ਅਤੇ ਦੇਸ਼ ਲਈ ਖੇਡਣ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਦਾ ਕੰਮ ਕੀਤਾ।

### 39 ਤਗ਼ਮਿਆਂ ਨਾਲ ਭਾਰਤ ਚੌਥੇ ਸਥਾਨ ’ਤੇ

ਗਲਾਸਗੋ ਵਿੱਚ ਹੋਈਆਂ ਕਾਮਨਵੈਲਥ ਗੇਮਜ਼ 2026 ਵਿੱਚ ਭਾਰਤੀ ਦਲ ਨੇ ਕੁੱਲ 39 ਤਗ਼ਮੇ ਜਿੱਤ ਕੇ ਮੈਡਲ ਸੂਚੀ ਵਿੱਚ ਚੌਥਾ ਸਥਾਨ ਹਾਸਲ ਕੀਤਾ। ਭਾਰਤ ਨੇ 13 ਸੋਨੇ, 17 ਚਾਂਦੀ ਅਤੇ 9 ਕਾਂਸੀ ਦੇ ਤਗ਼ਮੇ ਆਪਣੇ ਨਾਮ ਕੀਤੇ।

ਭਾਰਤੀ ਖਿਡਾਰੀਆਂ ਨੇ ਵੱਖ-ਵੱਖ ਖੇਡਾਂ ਵਿੱਚ ਆਪਣੀ ਕਾਬਲੀਅਤ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਪ੍ਰਦਰਸ਼ਨ ਨੂੰ ਭਾਰਤੀ ਖੇਡਾਂ ਲਈ ਮਹੱਤਵਪੂਰਨ ਉਪਲਬਧੀ ਮੰਨਿਆ ਜਾ ਰਿਹਾ ਹੈ, ਖ਼ਾਸ ਕਰਕੇ ਇਸ ਲਈ ਕਿ ਇਸ ਵਾਰ ਕਈ ਰਵਾਇਤੀ ਤਗ਼ਮਾ ਜੇਤੂ ਖੇਡਾਂ ਮੁਕਾਬਲੇ ਦਾ ਹਿੱਸਾ ਨਹੀਂ ਸਨ।

### ਮੁੱਕੇਬਾਜ਼ੀ ਵਿੱਚ ਭਾਰਤ ਦਾ ਇਤਿਹਾਸਕ ਪ੍ਰਦਰਸ਼ਨ

ਭਾਰਤ ਦੇ 39 ਤਗ਼ਮਿਆਂ ਵਿੱਚ ਮੁੱਕੇਬਾਜ਼ੀ ਦਾ ਯੋਗਦਾਨ ਸਭ ਤੋਂ ਪ੍ਰਭਾਵਸ਼ਾਲੀ ਰਿਹਾ। ਭਾਰਤੀ ਮੁੱਕੇਬਾਜ਼ਾਂ ਨੇ ਕੁੱਲ 10 ਤਗ਼ਮੇ ਜਿੱਤੇ, ਜਿਨ੍ਹਾਂ ਵਿੱਚ 7 ਸੋਨੇ ਅਤੇ 3 ਚਾਂਦੀ ਦੇ ਤਗ਼ਮੇ ਸ਼ਾਮਲ ਹਨ। ਇਹ ਕਾਮਨਵੈਲਥ ਗੇਮਜ਼ ਵਿੱਚ ਭਾਰਤ ਦਾ ਮੁੱਕੇਬਾਜ਼ੀ ਵਿੱਚ ਹੁਣ ਤੱਕ ਦਾ ਸਭ ਤੋਂ ਵਧੀਆ ਪ੍ਰਦਰਸ਼ਨ ਰਿਹਾ।

ਸੋਨ ਤਗ਼ਮਾ ਜਿੱਤਣ ਵਾਲੀਆਂ ਮੁੱਕੇਬਾਜ਼ਾਂ ਵਿੱਚ ਸਾਕਸ਼ੀ ਚੌਧਰੀ ਦਾ ਨਾਮ ਵੀ ਸ਼ਾਮਲ ਹੈ, ਜਿਸ ਨਾਲ ਉਨ੍ਹਾਂ ਦੀ ਪ੍ਰਾਪਤੀ ਹੋਰ ਵੀ ਖ਼ਾਸ ਬਣ ਗਈ। ਭਾਰਤੀ ਮੁੱਕੇਬਾਜ਼ਾਂ ਦੇ ਇਸ ਪ੍ਰਦਰਸ਼ਨ ਨੇ ਦੇਸ਼ ਦੀ ਮੈਡਲ ਸੂਚੀ ਵਿੱਚ ਸਥਿਤੀ ਮਜ਼ਬੂਤ ਕਰਨ ਵਿੱਚ ਵੱਡੀ ਭੂਮਿਕਾ ਨਿਭਾਈ।

### ਅਥਲੈਟਿਕਸ ਅਤੇ ਹੋਰ ਖੇਡਾਂ ਵਿੱਚ ਵੀ ਸ਼ਾਨਦਾਰ ਯੋਗਦਾਨ

ਮੁੱਕੇਬਾਜ਼ੀ ਤੋਂ ਇਲਾਵਾ ਅਥਲੈਟਿਕਸ ਵਿੱਚ ਭਾਰਤ ਨੇ 10 ਤਗ਼ਮੇ ਜਿੱਤੇ। ਇਸ ਖੇਡ ਵਿੱਚ ਭਾਰਤ ਨੂੰ ਸੋਨੇ ਦਾ ਤਗ਼ਮਾ ਨਹੀਂ ਮਿਲਿਆ, ਪਰ ਚਾਂਦੀ ਅਤੇ ਕਾਂਸੀ ਦੇ ਤਗ਼ਮਿਆਂ ਰਾਹੀਂ ਖਿਡਾਰੀਆਂ ਨੇ ਆਪਣੀ ਮਜ਼ਬੂਤ ਮੌਜੂਦਗੀ ਦਰਜ ਕਰਵਾਈ।

ਵੇਟਲਿਫਟਿੰਗ ਨੇ ਵੀ ਭਾਰਤ ਦੇ ਮੈਡਲ ਖਾਤੇ ਵਿੱਚ 8 ਤਗ਼ਮੇ ਜੋੜੇ। ਇਸ ਤੋਂ ਇਲਾਵਾ ਪੈਰਾ-ਅਥਲੈਟਿਕਸ ਨੇ 6, ਜੂਡੋ ਨੇ 4 ਅਤੇ ਪੈਰਾ ਪਾਵਰਲਿਫਟਿੰਗ ਨੇ 1 ਤਗ਼ਮਾ ਭਾਰਤ ਦੀ ਝੋਲੀ ਪਾਇਆ। ਕੁੱਲ ਮਿਲਾ ਕੇ ਭਾਰਤ ਦੇ 39 ਵਿੱਚੋਂ 37 ਤਗ਼ਮੇ ਇਨ੍ਹਾਂ ਪੰਜ ਪ੍ਰਮੁੱਖ ਖੇਡਾਂ ਤੋਂ ਆਏ।

ਇਸ ਪ੍ਰਦਰਸ਼ਨ ਨੇ ਇਹ ਵੀ ਦਰਸਾਇਆ ਕਿ ਭਾਰਤੀ ਖੇਡਾਂ ਵਿੱਚ ਹੁਣ ਸਿਰਫ਼ ਕੁਝ ਰਵਾਇਤੀ ਖੇਡਾਂ ਹੀ ਨਹੀਂ, ਸਗੋਂ ਮੁੱਕੇਬਾਜ਼ੀ, ਜੂਡੋ ਅਤੇ ਪੈਰਾ-ਖੇਡਾਂ ਸਮੇਤ ਕਈ ਹੋਰ ਖੇਤਰਾਂ ਵਿੱਚ ਵੀ ਨਵੀਂ ਪ੍ਰਤਿਭਾ ਉਭਰ ਰਹੀ ਹੈ।

### ਨੌਜਵਾਨ ਖਿਡਾਰੀਆਂ ਲਈ ਪ੍ਰੇਰਣਾ ਬਣਿਆ ਪ੍ਰਦਰਸ਼ਨ

ਪ੍ਰਧਾਨ ਮੰਤਰੀ ਮੋਦੀ ਨੇ ਖਿਡਾਰੀਆਂ ਨਾਲ ਮੁਲਾਕਾਤ ਦੌਰਾਨ ਉਨ੍ਹਾਂ ਦੀ ਮਿਹਨਤ ਅਤੇ ਉਪਲਬਧੀਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਵੱਲੋਂ ਖਿਡਾਰੀਆਂ ਨੂੰ ਭਵਿੱਖ ਵਿੱਚ ਹੋਰ ਵੱਡੀਆਂ ਉਪਲਬਧੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਕਾਮਨਵੈਲਥ ਗੇਮਜ਼ ਵਿੱਚ ਭਾਰਤ ਦਾ ਇਹ ਪ੍ਰਦਰਸ਼ਨ ਦੇਸ਼ ਦੇ ਉਭਰਦੇ ਖਿਡਾਰੀਆਂ ਲਈ ਵੀ ਪ੍ਰੇਰਣਾ ਬਣ ਰਿਹਾ ਹੈ। 39 ਤਗ਼ਮਿਆਂ ਨਾਲ ਚੌਥੇ ਸਥਾਨ ’ਤੇ ਰਹਿਣ ਤੋਂ ਬਾਅਦ ਹੁਣ ਭਾਰਤੀ ਖੇਡ ਪ੍ਰੇਮੀਆਂ ਦੀਆਂ ਨਜ਼ਰਾਂ ਆਉਣ ਵਾਲੇ ਵੱਡੇ ਅੰਤਰਰਾਸ਼ਟਰੀ ਮੁਕਾਬਲਿਆਂ ’ਤੇ ਹਨ।

ਪ੍ਰਧਾਨ ਮੰਤਰੀ ਵੱਲੋਂ ਖਿਡਾਰੀਆਂ ਨੂੰ ਦਿੱਤਾ ਗਿਆ ਸੰਦੇਸ਼ ਵੀ ਇਸੇ ਭਾਵਨਾ ਨੂੰ ਦਰਸਾਉਂਦਾ ਹੈ ਕਿ ਭਾਰਤੀ ਖਿਡਾਰੀ ਜਦੋਂ ਵੀ ਮੈਦਾਨ ਵਿੱਚ ਉਤਰਣ, ਪੂਰਾ ਦੇਸ਼ ਉਨ੍ਹਾਂ ਦੇ ਨਾਲ ਖੜ੍ਹਾ ਹੈ ਅਤੇ ਉਨ੍ਹਾਂ ਦੀ ਹਰ ਕੋਸ਼ਿਸ਼ ਲਈ ਹੌਸਲਾ ਵਧਾਉਂਦਾ ਰਹੇਗਾ।

Gary's Holistic Health Restoration Centre

Gurpreet (Gary) S. Mangat
Holistic Nutritionist & Homeopath
M.A. C.N.P., R.O.H.P. (Canada)

Ph: 604-808-8769
Email: garymangat@yahoo.ca
14468 55 Ave Surrey, BC V3X, OH5
www.garymangat.com

Natural Healing methods for:
Obesity, Asthma, Skin Disease, Diabetes
Cardiovascular Disease, Heart Problems
Fatty Liver, Stroke, Gastric Problems,
Depression, Psoriasis, Cancer,
Cholesterol, E.N.T. Diabetes,
Drug addiction and more...

Natural Healing With Homeopathy,
Ayurveda, Naturopathy & Herbal Medicine

HEALTH & LIFE SKILLS COACH
GET YOUR HEALTH ON TRACK
BY APPOINTMENT ONLY



# ਸਿਹਤ-ਸੰਭਾਲ



## ਪੌੜੀਆਂ ਚੜ੍ਹਦਿਆਂ ਸਾਹ ਫੁੱਲਣਾ ਆਮ ਹੈ ਜਾਂ ਬਿਮਾਰੀ ਦਾ ਸੰਕੇਤ? ਜਾਣੋ ਸੱਚ

ਪੌੜੀਆਂ ਚੜ੍ਹਦੇ ਵੇਲੇ ਜਾਂ ਮੱਧ ਗਈ ਨਾਲ ਤੁਰਦੇ ਵੇਲੇ ਸਾਹ ਫੁੱਲਣਾ ਕਈ ਲੋਕਾਂ ਲਈ ਆਮ ਗੱਲ ਹੈ। ਉਮਰ ਵਧਣ, ਭਾਰ ਵਧਣ, ਸੈਰ ਦੀ ਕਮੀ ਜਾਂ ਸਰੀਰਕ ਫਿਟਨੈਸ ਦੀ ਕਮੀ ਦੇ ਕਾਰਨ ਕੁਝ ਹੱਦ ਤੱਕ ਸਾਹ ਫੁੱਲਣਾ ਆਮ ਮੰਨਿਆ ਜਾਂਦਾ ਹੈ।

ਹਾਲਾਂਕਿ ਜੇ ਅਚਾਨਕ ਉਹ ਕੰਮ ਕਰਦਿਆਂ ਤੁਹਾਡਾ ਸਾਹ ਫੁੱਲਣ ਲੱਗੇ ਜੋ ਪਹਿਲਾਂ ਅਸਾਨੀ ਨਾਲ ਹੋ ਜਾਂਦੇ ਸੀ ਜਾਂ ਥੋੜ੍ਹੀ ਮਿਹਨਤ ਕਰਨ 'ਤੇ ਵੀ ਸਾਹ ਫੁੱਲਣ ਲੱਗੇ ਜਾਂ ਜੇਕਰ ਇਹ ਸਮੱਸਿਆ ਹੌਲੀ-ਹੌਲੀ ਵਧਦੀ ਜਾਵੇ ਤਾਂ ਇਸ ਨੂੰ ਕੇਵਲ ਥਕਾਵਟ ਜਾਂ ਉਮਰ ਦਾ ਨਤੀਜਾ ਮੰਨ ਕੇ ਨਜ਼ਰਅੰਦਾਜ਼ ਕਰਨਾ ਖਤਰਨਾਕ ਹੋ ਸਕਦਾ ਹੈ।

ਮੈਡੀਕਲ ਮਾਹਿਰਾਂ ਮੁਤਾਬਕ, ਸਰੀਰਕ ਮਿਹਨਤ ਦੌਰਾਨ ਸਾਹ ਫੁੱਲਣਾ ਦਿਲ ਦੇ ਰੋਗ, ਫੇਫੜਿਆਂ ਦੀ ਬਿਮਾਰੀ, ਅਨੀਮੀਆ, ਥਾਇਰਾਇਡ ਵਿਕਾਰ ਜਾਂ ਹੋਰ ਸਿਹਤ ਸਮੱਸਿਆਵਾਂ ਦਾ ਸ਼ੁਰੂਆਤੀ ਲੱਛਣ ਹੋ ਸਕਦਾ ਹੈ।

ਖਾਸ ਕਰਕੇ ਮਹਿਲਾਵਾਂ, ਬਜ਼ੁਰਗਾਂ ਅਤੇ ਸ਼ੂਗਰ ਮਰੀਜ਼ਾਂ ਵਿੱਚ ਮਿਹਨਤ ਦੌਰਾਨ ਸਾਹ ਫੁੱਲਣਾ, ਛਾਤੀ ਵਿੱਚ ਦਰਦ ਤੋਂ ਪਹਿਲਾਂ ਦਿਲ ਦੇ ਰੋਗ ਦਾ ਸ਼ੁਰੂਆਤੀ ਸੰਕੇਤ ਹੋ ਸਕਦਾ ਹੈ।

ਇਸ ਤੋਂ ਇਲਾਵਾ ਸ਼ੂਗਰ, ਹਾਈ ਬਲੱਡ ਪ੍ਰੈਸ਼ਰ, ਵਧਿਆ ਹੋਇਆ ਕੋਲੈਸਟ੍ਰੋਲ, ਮੋਟਾਪਾ ਜਾਂ ਸਿਗਰਟ ਪੀਣ ਵਾਲੇ ਲੋਕਾਂ ਨੂੰ ਇਸ ਲੱਛਣ ਨੂੰ ਗੰਭੀਰਤਾ ਨਾਲ ਲੈਣ ਦੀ ਲੋੜ ਹੈ।

ਜੇ ਕਿਸੇ ਵਿਅਕਤੀ ਨੂੰ ਸਾਹ ਲੈਣ 'ਚ ਤਕਲੀਫ ਦੇ ਨਾਲ-ਨਾਲ ਛਾਤੀ ਵਿੱਚ ਜਕੜਨ, ਚੱਕਰ ਆਉਣਾ, ਦਿਲ ਦੀ ਅਨਿਯਮਿਤ ਧੜਕਣ, ਪਸੀਨੇ ਆਉਣਾ ਜਾਂ ਪੈਰਾਂ ਵਿੱਚ ਸੋਜ ਜਿਹੇ ਲੱਛਣ ਮਹਿਸੂਸ ਹੋਣ ਤਾਂ ਤੁਰੰਤ ਮੈਡੀਕਲ ਸਹਾਇਤਾ ਲੈਣਾ ਜ਼ਰੂਰੀ ਹੈ।

### ਸਾਹ ਫੁੱਲਣ ਦਾ ਕਾਰਨ ਕਿਵੇਂ ਪਤਾ ਲਗਾਇਆ ਜਾਂਦਾ ਹੈ ?

ਪੌੜੀਆਂ ਚੜ੍ਹਣ ਵੇਲੇ ਜਾਂ ਤੁਰਦੇ ਵੇਲੇ ਸਾਹ ਫੁੱਲਣ ਦਾ ਸਟੀਕ ਕਾਰਨ ਸਿਰਫ਼ ਲੱਛਣਾਂ ਦੇ ਅਧਾਰ 'ਤੇ ਨਿਰਧਾਰਿਤ ਨਹੀਂ ਕੀਤਾ ਜਾ ਸਕਦਾ।

ਦਿਲ ਦੇ ਰੋਗ, ਫੇਫੜਿਆਂ ਦੀ ਬਿਮਾਰੀ, ਅਨੀਮੀਆ, ਥਾਇਰਾਇਡ ਵਿਕਾਰ, ਮੋਟਾਪਾ, ਗੁਰਦਿਆਂ ਦੀ ਬਿਮਾਰੀ ਜਾਂ ਕਦੇ-ਕਦੇ ਮਾਨਸਿਕ ਤਣਾਅ ਵੀ ਇਸ ਵਿਚ ਭੂਮਿਕਾ ਨਿਭਾ ਸਕਦੇ ਹਨ।

ਇਸ ਲਈ, ਸਹੀ ਨਿਦਾਨ ਲਈ ਰੋਗੀ ਦੀ ਵਿਸਥਾਰਪੂਰਵਕ ਮੈਡੀਕਲ ਜਾਣਕਾਰੀ ਅਤੇ ਜ਼ਰੂਰੀ ਟੈਸਟ ਅਹਿਮ ਹਨ।

ਆਮ ਤੌਰ 'ਤੇ ਸ਼ੁਰੂਆਤੀ ਸਥਿਤੀ ਵਿਚ ਬਲੱਡ ਪ੍ਰੈਸ਼ਰ ਦੀ ਜਾਂਚ, ਈਸੀਜੀ, ਛਾਤੀ ਦਾ ਐਕਸ-ਰੇਅ ਅਤੇ ਵੱਖ-ਵੱਖ ਖ਼ੂਨ ਟੈਸਟ ਕੀਤੇ ਜਾਂਦੇ ਹਨ।

ਖ਼ੂਨ ਵਿੱਚ ਹੀਮੋਗਲੋਬਿਨ ਦਾ ਪੱਧਰ, ਬਲੱਡ ਸ਼ੂਗਰ, ਥਾਇਰਾਇਡ ਦੀ ਕਾਰਜ ਪ੍ਰਣਾਲੀ, ਗੁਰਦੇ ਅਤੇ ਲੀਵਰ ਦੀ ਕਾਰਜ ਪ੍ਰਣਾਲੀ ਦੀ ਵੀ ਸਮੀਖਿਆ ਕੀਤੀ ਜਾ ਸਕਦੀ ਹੈ।

ਜੇ ਦਿਲ ਸਬੰਧੀ ਸਮੱਸਿਆ ਦਾ ਖਦਸ਼ਾ ਹੋਵੇ ਤਾਂ ਈਕੋ-ਕਾਰਡੀਓਗ੍ਰਾਫੀ, ਟ੍ਰੈਡਮਿਲ ਸਟ੍ਰੈਸ ਟੈਸਟ ਜਾਂ ਸੀਟੀ ਕੋਰੋਨਰੀ ਐਂਜੀਓਗ੍ਰਾਫੀ ਜਿਹੇ ਟੈਸਟ ਕਰਾਉਣ ਦੀ ਸਲਾਹ ਦਿੱਤੀ ਜਾ ਸਕਦੀ ਹੈ। ਕੁਝ ਮਾਮਲਿਆਂ ਵਿੱਚ ਫੇਫੜਿਆਂ ਦੀ ਸਮਰੱਥਾ ਦੀ ਜਾਂਚ ਦੀ ਵੀ ਲੋੜ ਹੋ ਸਕਦੀ ਹੈ।

ਮਾਹਰਾਂ ਮੁਤਾਬਕ ਅਚਾਨਕ ਸਾਹ ਫੁੱਲਣਾ, ਤੇਜ਼ੀ ਨਾਲ ਇਸ ਦਾ ਵਧਣਾ ਜਾਂ ਆਰਾਮ ਕਰਨ ਤੋਂ ਬਾਅਦ ਵੀ ਇਸ ਦਾ ਠੀਕ ਨਾ ਹੋਣਾ ਇੱਕ ਗੰਭੀਰ ਚਿਤਾਵਨੀ ਦਾ ਸੰਕੇਤ ਹੋ ਸਕਦਾ ਹੈ। ਅਜਿਹੇ ਮਾਮਲਿਆਂ 'ਚ ਜਲਦ ਤੋਂ ਜਲਦ ਡਾਇਗਨੋਸਿਸ ਅਤੇ ਇਲਾਜ ਮਿਲਣ ਨਾਲ ਦਿਲ ਦੇ ਰੋਗ, ਦਿਲ ਫੇਲ੍ਹ ਹੋਣਾ ਜਾਂ ਹੋਰ ਗੰਭੀਰ ਸਮੱਸਿਆਵਾਂ ਨੂੰ ਰੋਕਣ ਵਿੱਚ ਮਦਦ ਮਿਲ ਸਕਦੀ ਹੈ।

### ਡਾਇਗਨੋਸਿਸ ਦੀ ਅਹਿਮੀਅਤ

ਜੇ ਤੁਹਾਨੂੰ ਸਾਹ ਲੈਣ ਵਿੱਚ ਤਕਲੀਫ ਹੋਣ ਲੱਗੀ ਹੈ ਤਾਂ ਇਸ ਨੂੰ ਨਜ਼ਰਅੰਦਾਜ਼ ਨਾ ਕਰੋ। ਪਰ ਆਪਣੇ ਆਪ ਵੀ ਇਸ ਦਾ ਨਿਦਾਨ ਨਾ ਕਰੋ। ਇਸ ਲਈ ਜਾਂਚ ਕਰਵਾਉਣਾ ਬਹੁਤ ਜ਼ਰੂਰੀ ਹੈ।

ਕਸਰਤ ਦੌਰਾਨ, ਉਦਾਹਰਨ ਵਜੋਂ ਪੌੜੀਆਂ ਚੜ੍ਹਣ ਵੇਲੇ, ਸਾਹ ਫੁੱਲਣ ਦੇ ਕਾਰਨਾਂ ਦਾ ਪਤਾ ਲਗਾਉਣ ਵਿੱਚ ਸਹੀ ਡਾਇਗਨੋਸਿਸ ਪਹਿਲਾ ਕਦਮ ਹੈ। ਜੇ ਸਮੱਸਿਆ ਨਵੀਂ ਹੈ, ਹੌਲੀ-ਹੌਲੀ ਵਧ ਰਹੀ ਹੈ ਜਾਂ ਕੀਤੀ ਜਾ ਰਹੀ ਸਰੀਰਕ ਮਿਹਨਤ ਨਾਲੋਂ ਵੱਧ ਗੰਭੀਰ ਹੈ ਤਾਂ ਇਸ ਦਾ ਡਾਇਗਨੋਸਿਸ ਵਿਸ਼ੇਸ਼ ਤੌਰ 'ਤੇ ਜ਼ਰੂਰੀ ਹੈ।

ਅਸੀਂ ਮੁੰਬਈ ਸਥਿਤ ਨਿਊਬਰਗ ਅਜੇ ਸ਼ਾਹ ਲੈਬ ਦੇ ਮੈਨੇਜਿੰਗ ਡਾਇਰੈਕਟਰ ਡਾ.ਅਜੇ ਸ਼ਾਹ ਤੋਂ ਟੈਸਟ ਦੀ ਜ਼ਰੂਰਤਾਂ ਬਾਰੇ ਪੁੱਛਿਆ।

ਉਨ੍ਹਾਂ ਨੇ ਕਿਹਾ, "ਬਿਮਾਰੀ ਦਾ ਨਿਦਾਨ ਕਰਦੇ ਵੇਲੇ ਅਸੀਂ ਸਭ ਤੋਂ ਪਹਿਲਾਂ ਰੋਗੀ ਦਾ ਵਿਸਥਾਰ ਮੈਡੀਕਲ ਇਤਿਹਾਸ ਦੇਖਦੇ ਹਾਂ। ਇਸ ਵਿੱਚ ਸਾਹ ਲੈਣ ਵਿੱਚ ਤਕਲੀਫ ਦਾ ਰੂਪ, ਸਮਾਂ ਅਤੇ ਗੰਭੀਰਤਾ ਬਾਰੇ ਜਾਣਕਾਰੀ ਸ਼ਾਮਿਲ ਹੁੰਦੀ ਹੈ। ਨਾਲ ਹੀ, ਛਾਤੀ ਵਿੱਚ ਦਰਦ, ਧੜਕਣ, ਖਾਂਸੀ, ਘਬਰਾਹਟ, ਕਮਜ਼ੋਰੀ ਅਤੇ ਪੈਰਾਂ ਵਿੱਚ ਸੋਜ ਜਿਹੇ ਸਬੰਧਤ ਲੱਛਣਾਂ ਬਾਰੇ ਵੀ ਪੁੱਛਗਿੱਛ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ, ਰੋਗੀ ਦੀ ਜੀਵਨ ਸ਼ੈਲੀ ਸਬੰਧੀ ਆਦਤਾਂ ਅਤੇ ਹੋਰ ਬਿਮਾਰੀਆਂ ਨੂੰ ਵੀ ਧਿਆਨ ਵਿੱਚ ਰੱਖਿਆ ਜਾਂਦਾ ਹੈ।"



ਉਹ ਕਹਿੰਦੇ ਹਨ, "ਸਰੀਰਕ ਟੈਸਟ ਤੋਂ ਸਮੱਸਿਆ ਦੇ ਕਾਰਨਾਂ ਬਾਰੇ ਮਹੱਤਵਪੂਰਨ ਸੁਰਾਗ ਵੀ ਮਿਲ ਸਕਦੇ ਹਨ। ਨਿਦਾਨਕਰਤਾ ਵਜੋਂ ਸਾਡਾ ਕੰਮ ਡਾਕਟਰਾਂ ਨੂੰ ਸਮੱਸਿਆ ਦਾ ਸਟੀਕ ਕਾਰਨ ਪਤਾ ਲਗਾਉਣ ਵਿੱਚ ਮਦਦ ਕਰਨਾ ਅਤੇ ਉਨ੍ਹਾਂ ਨੂੰ ਨਿਦਾਨ ਤੱਕ ਪਹੁੰਚਣ ਵਿੱਚ ਮਦਦ ਕਰਨ ਲਈ ਸਹੀ ਟੈਸਟ ਦੀ ਸਿਫਾਰਸ਼ ਕਰਨਾ ਹੈ ਨਾ ਕਿ ਸਿਰਫ਼ ਲੱਛਣਾਂ ਦਾ ਇਲਾਜ ਕਰਨਾ।"

ਸ਼ੁਰੂਆਤੀ ਦੌਰ ਵਿੱਚ ਕੀਤੇ ਜਾਣ ਵਾਲੇ ਟੈਸਟ ਬਾਰੇ ਪੁੱਛੇ ਜਾਣ 'ਤੇ ਡਾ. ਅਜੇ ਸ਼ਾਹ ਨੇ ਕਿਹਾ, "ਟੈਸਟ ਦੀ ਚੋਣ ਰੋਗੀ ਦੇ ਲੱਛਣਾਂ ਦੇ ਅਧਾਰ 'ਤੇ ਕੀਤੀ ਜਾਂਦੀ ਹੈ ਹਾਲਾਂਕਿ ਕੁਝ ਟੈਸਟ ਲਗਭਗ ਹਰ ਵਾਰ ਜ਼ਰੂਰੀ ਹੁੰਦੇ ਹਨ।"

ਉਹ ਕਹਿੰਦੇ ਹਨ, "ਖ਼ੂਨ ਦੇ ਟੈਸਟਾਂ ਵਿੱਚ ਸੀਬੀਸੀ (ਕੰਪਲੀਟ ਬਲੱਡ ਕਾਊਂਟ) ਮਹੱਤਵਪੂਰਨ ਹੈ ਕਿਉਂਕਿ ਇਹ ਉਨ੍ਹਾਂ ਸਮੱਸਿਆਵਾਂ ਬਾਰੇ ਜਾਣਕਾਰੀ ਦਿੰਦਾ ਹੈ ਜੋ ਸਾਹ ਲੈਣ ਵਿੱਚ ਤਕਲੀਫ ਦਾ ਕਾਰਨ ਬਣ ਸਕਦੇ ਹਨ ਜਿਵੇਂ ਅਨੀਮੀਆ ਜਾਂ ਲਾਗ। ਇਸ ਤੋਂ ਇਲਾਵਾ ਬਲੱਡ ਸ਼ੂਗਰ ਦੇ ਪੱਧਰ ਦੀ ਜਾਂਚ, ਲੀਵਰ ਫ਼ੰਕਸ਼ਨ ਟੈਸਟ, ਕਿਡਨੀ ਫ਼ੰਕਸ਼ਨ ਟੈਸਟ, ਥਾਇਰਾਇਡ ਪ੍ਰੋਫਾਈਲ ਅਤੇ ਸਰੀਰ ਵਿੱਚ ਸੋਜ ਦੀ ਜਾਂਚ ਵੀ ਕੀਤੀ ਜਾ ਸਕਦੀ ਹੈ। ਜੇ ਰੋਗੀ ਨੂੰ ਦਿਲ ਦੇ ਰੋਗ ਦਾ ਖ਼ਦਸ਼ਾ ਹੋਵੇ ਤਾਂ ਕਾਰਡੀਅਕ ਬਾਇਓਮਾਰਕਰ ਟੈਸਟ ਕਰਾਉਣ ਦੀ ਸਲਾਹ ਦਿੱਤੀ ਜਾ ਸਕਦੀ ਹੈ।"

ਡਾ. ਸ਼ਾਹ ਦੱਸਦੇ ਹਨ, "ਛਾਤੀ ਦਾ ਐਕਸ-ਰੇਅ ਫੇਫੜਿਆਂ ਜਾਂ ਦਿਲ ਵਿੱਚ ਕਿਸੇ ਵੀ ਤਰ੍ਹਾਂ ਦੀ ਖਰਾਬੀ ਦਾ ਪਤਾ ਲਗਾਉਣ ਵਿੱਚ ਉਪਯੋਗੀ ਹੁੰਦਾ ਹੈ। ਈਸੀਜੀ ਟੈਸਟ ਨਾਲ ਦਿਲ ਦੀ ਲੈਅ ਸਹੀ ਹੈ ਜਾਂ ਨਹੀਂ ਅਤੇ ਦਿਲ 'ਤੇ ਕੋਈ ਵਾਧੂ ਦਬਾਅ ਹੈ ਜਾਂ ਨਹੀਂ, ਇਹ ਜਾਨਣ ਵਿੱਚ ਵੀ ਮਦਦ ਮਿਲਦੀ ਹੈ।"

### ਜਲਦੀ ਇਲਾਜ ਕਿਉਂ ਜ਼ਰੂਰੀ ਹੈ ?

ਤੁਰਨ ਵੇਲੇ ਸਾਹ ਫੁੱਲਣ ਜਾਂ ਅਚਾਨਕ ਥਕਾਵਟ ਮਹਿਸੂਸ ਹੋਣ 'ਤੇ ਜਲਦੀ ਤੋਂ ਜਲਦੀ ਜਾਂਚ ਅਤੇ ਡਾਇਗਨੋਸਿਸ ਕਰਵਾਉਣਾ ਬਹੁਤ ਜ਼ਰੂਰੀ ਹੈ। ਸਾਹ ਫੁੱਲਣਾ ਕਿਸੇ ਸਮੱਸਿਆ ਦਾ ਲੱਛਣ ਹੋ ਸਕਦਾ ਹੈ। ਇਸ ਲਈ ਨਿਦਾਨ ਵਿੱਚ ਦੇਰੀ ਹੋਣ 'ਤੇ ਅੰਦਰੂਨੀ ਸਮੱਸਿਆ ਦਾ ਪਤਾ ਨਹੀਂ ਲੱਗ ਸਕੇਗਾ ਅਤੇ ਗੰਭੀਰਤਾ ਵਧ ਸਕਦੀ ਹੈ।

ਦਿਲ ਫੇਲ੍ਹ ਹੋਣਾ, ਕੋਰੋਨਰੀ ਦਿਲ ਦੇ ਰੋਗ, ਪੁਰਾਣੀ ਫੇਫੜਿਆਂ ਦੀ ਬਿਮਾਰੀ, ਫੇਫੜਿਆਂ ਦੀਆਂ ਖ਼ੂਨ ਨਾੜੀਆਂ ਵਿੱਚ ਖ਼ੂਨ ਦਾ ਥੱਕਾ, ਅਨੀਮੀਆ ਅਤੇ ਵੱਖ ਵੱਖ ਮੈਟਾਬੋਲਿਕ ਬਿਮਾਰੀਆਂ ਦੀ ਸਥਿਤੀ ਵਿੱਚ ਜਲਦੀ ਪਛਾਣ ਕਰਨ ਦੇ ਨਾਲ ਇਲਾਜ ਦੇ ਨਤੀਜਿਆਂ ਵਿੱਚ ਸੁਧਾਰ ਦੇਖਿਆ ਗਿਆ ਹੈ।

ਜਾਂਚ ਦੀ ਮਦਦ ਨਾਲ ਡਾਕਟਰ ਸਮਾਂ ਰਹਿੰਦਿਆਂ ਮਰੀਜ਼ ਦੀ ਸਮੱਸਿਆ ਦਾ ਪਤਾ ਲਗਾ ਸਕਦੇ ਹਨ ਅਤੇ ਤੁਰੰਤ ਇਲਾਜ ਸ਼ੁਰੂ ਕਰ ਸਕਦੇ ਹਨ। ਇਸ ਨਾਲ ਭਵਿੱਖ ਵਿੱਚ ਹੋਣ ਵਾਲੀਆਂ ਜਟਿਲਤਾਵਾਂ, ਵਾਰ-ਵਾਰ ਹਸਪਤਾਲ ਵਿੱਚ ਭਰਤੀ ਹੋਣ ਦੀ ਲੋੜ ਅਤੇ ਗੰਭੀਰ ਸਿਹਤ ਸਮੱਸਿਆਵਾਂ ਤੋਂ ਬਚਿਆ ਜਾ ਸਕਦਾ ਹੈ। ਨਤੀਜੇ ਵਜੋਂ, ਮਰੀਜ਼ ਦੇ ਜੀਵਨ ਦੀ ਗੁਣਵੱਤਾ ਬਿਹਤਰ ਹੁੰਦੀ ਹੈ।

ਇਸ ਤੋਂ ਇਲਾਵਾ, ਕਈ ਮਰੀਜ਼ ਸਾਹ ਫੁੱਲਣ ਦੇ ਕਾਰਨ ਨੂੰ ਨਜ਼ਰਅੰਦਾਜ਼ ਕਰ ਦਿੰਦੇ ਹਨ ਅਤੇ ਇਸ ਦਾ ਦੋਸ਼ ਆਪਣੀ ਉਮਰ ਜਾਂ ਆਪਣੀ ਕਮਜ਼ੋਰ ਸਰੀਰਕ ਸਮਰੱਥਾ ਸਿਰ ਮੜ੍ਹਦੇ ਹਨ। ਇਸ ਨਾਲ ਨਿਦਾਨ ਵਿੱਚ ਦੇਰੀ ਹੁੰਦੀ ਹੈ। ਸ਼ੁਰੂਆਤੀ ਜਾਂਚ ਅਤੇ ਸਹੀ ਨਿਦਾਨ ਨਾਲ ਇਸ ਦੇਰੀ ਨੂੰ ਰੋਕਿਆ ਜਾ ਸਕਦਾ ਹੈ ਅਤੇ ਸਮੇਂ ਸਿਰ ਜ਼ਰੂਰੀ ਇਲਾਜ ਉਪਲਬਧ ਕਰਾਇਆ ਜਾ ਸਕਦਾ ਹੈ।

## ਪੰਜਾਬ ਦੇ ਮੈਡੀਕਲ ਅਤੇ ਡੈਂਟਲ ਕਾਲਜਾਂ ਵਿੱਚ NRI ਕੋਟੇ ਦੀਆਂ 431 ਸੀਟਾਂ ਲਈ ਸਿਰਫ਼ 63 ਉਮੀਦਵਾਰ ਮੈਦਾਨ ਵਿੱਚ



ਪੰਜਾਬ ਦੇ ਸਾਰੇ 28 ਮੈਡੀਕਲ ਅਤੇ ਡੈਂਟਲ ਕਾਲਜਾਂ ਨੂੰ ਇਸ ਦਾਖ਼ਲਾ ਸੈਸ਼ਨ ਵਿੱਚ ਆਪਣੀਆਂ ਐੱਨ ਆਰ ਆਈ ਕੋਟੇ ਦੀਆਂ ਸੀਟਾਂ ਨੂੰ ਭਰਨ ਲਈ ਯੋਗ ਉਮੀਦਵਾਰਾਂ ਦੀ ਘਾਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਵੱਲੋਂ ਅੱਜ ਸ਼ਾਮ ਜਾਰੀ ਕੀਤੀ ਗਈ ਮੈਰਿਟ ਸੂਚੀ ਤੋਂ ਪਤਾ ਲੱਗਦਾ ਹੈ ਕਿ ਇਸ ਸ਼੍ਰੇਣੀ ਤਹਿਤ ਰਾਖਵੀਆਂ 431 ਸੀਟਾਂ ਲਈ ਸਿਰਫ਼ 63 ਉਮੀਦਵਾਰ ਮੈਦਾਨ ਵਿੱਚ ਹਨ।

ਕੁੱਲ 431 ਸੀਟਾਂ ਵਿੱਚੋਂ 214 ਐੱਮ ਬੀ ਬੀ ਐੱਸ ਸੀਟਾਂ ਹਨ ਜੋ ਸੂਬੇ ਦੇ 12 ਮੈਡੀਕਲ ਕਾਲਜਾਂ ਵਿੱਚ ਹਨ, ਜਦੋਂ ਕਿ ਬਾਕੀ 217 ਬੀ ਡੀ ਐੱਸ ਸੀਟਾਂ 16 ਡੈਂਟਲ ਕਾਲਜਾਂ ਵਿੱਚ ਐੱਨ ਆਰ ਆਈ ਉਮੀਦਵਾਰਾਂ ਲਈ ਰਾਖਵੀਆਂ ਹਨ।

ਇਸ ਦੇ ਮੁਕਾਬਲੇ, ਯੂਨੀਵਰਸਿਟੀ ਦੀ ਮੈਰਿਟ ਸੂਚੀ ਵਿੱਚ ਸਿਰਫ਼ 63 ਉਮੀਦਵਾਰਾਂ ਦੇ ਨਾਮ ਹਨ, ਜਿਸ ਨਾਲ ਕਾਲਜਾਂ ਕੋਲ ਬਹੁਤ ਘੱਟ ਵਿਕਲਪ ਬਚਿਆ ਹੈ ਕਿ ਜਾਂ ਤਾਂ ਉਹ ਕਟ-ਆਫ਼ ਨੂੰ ਹੋਰ ਘੱਟ ਕਰਨ ਜਾਂ ਕੋਟੇ ਦਾ ਇੱਕ ਵੱਡਾ ਹਿੱਸਾ ਖਾਲੀ ਜਾਣ ਦੇਣ ਅਤੇ ਫਿਰ ਜਨਰਲ ਸ਼੍ਰੇਣੀ ਕੋਟਾ ਸੀਟਾਂ ਵਿੱਚ ਤਬਦੀਲ ਹੋਣ ਦੇਣ।

ਉੱਥੇ ਹੀ ਸੂਚੀ ਵਿੱਚ ਸ਼ਾਮਲ 63 ਉਮੀਦਵਾਰਾਂ ਵਿੱਚੋਂ ਇੱਕ ਮਹੱਤਵਪੂਰਨ ਗਿਣਤੀ ਨੇ ਨੀਟ-2026 ਵਿੱਚ 720 ਦੇ ਕੁੱਲ ਅੰਕਾਂ ਵਿੱਚੋਂ 250 ਤੋਂ ਘੱਟ ਅੰਕ ਪ੍ਰਾਪਤ ਕੀਤੇ ਹਨ।

ਐੱਨ ਆਰ ਆਈ ਕੋਟੇ ਨੂੰ ਪੰਜਾਬ ਵਿੱਚ ਨਿੱਜੀ ਮੈਡੀਕਲ ਅਤੇ ਡੈਂਟਲ ਕਾਲਜਾਂ ਲਈ ਕਮਾਈ ਦਾ ਸਭ ਤੋਂ ਵੱਡਾ ਜ਼ਰੀਆ ਮੰਨਿਆ ਜਾਂਦਾ ਹੈ, ਕਿਉਂਕਿ ਇਨ੍ਹਾਂ ਸੀਟਾਂ ਦੀ ਫ਼ੀਸ ਬਹੁਤ ਜ਼ਿਆਦਾ ਹੈ। ਇੱਕ ਐੱਨ ਆਰ ਆਈ ਉਮੀਦਵਾਰ ਨੂੰ ਐੱਮ ਬੀ ਬੀ ਐੱਸ ਸੀਟ ਲਈ 1.10 ਲੱਖ ਅਮਰੀਕੀ ਡਾਲਰ ਅਤੇ ਬੀ ਡੀ ਐੱਸ ਸੀਟ ਲਈ 44,000 ਅਮਰੀਕੀ ਡਾਲਰ ਟਿਊਸ਼ਨ ਫ਼ੀਸ ਵਜੋਂ ਅਦਾ ਕਰਨੇ ਪੈਂਦੇ ਹਨ, ਜੋ ਮੈਨੇਜਮੈਂਟ ਅਤੇ ਸਰਕਾਰੀ ਕੋਟੇ ਤਹਿਤ ਲਈ ਜਾਣ ਵਾਲੀ ਫ਼ੀਸ ਨਾਲੋਂ ਕਾਫ਼ੀ ਜ਼ਿਆਦਾ ਹੈ। ਇਸ ਸਾਲ ਇੰਨੇ ਘੱਟ ਉਮੀਦਵਾਰਾਂ ਕਾਰਨ, ਇਸ ਆਮਦਨ 'ਤੇ ਨਿਰਭਰ ਕਾਲਜਾਂ ਨੂੰ ਐੱਨ ਆਰ ਆਈ ਕੋਟੇ ਤੋਂ ਹੋਣ ਵਾਲੀ ਕਮਾਈ ਵਿੱਚ ਕਮੀ ਦੇਖਣ ਨੂੰ ਮਿਲ ਸਕਦੀ ਹੈ, ਜਦੋਂ ਤੱਕ ਕਿ ਬਾਅਦ ਦੇ ਕਾਉਂਸਲਿੰਗ ਰਾਊਂਡਾਂ ਵਿੱਚ ਇਸ ਕਮੀ ਨੂੰ ਪੂਰਾ ਨਾ ਕੀਤਾ ਜਾਵੇ।

## ਕੀ ਤੁਹਾਡੀਆਂ ਕਿਡਨੀਆਂ ਹਨ ਸੁਰੱਖਿਅਤ? ਜਾਣੋ ਕ੍ਰੋਨਿਕ ਕਿਡਨੀ ਰੋਗ ਦੇ ਲੱਛਣ ਅਤੇ ਖ਼ਤਰੇ

ਭਾਰਤ ਵਿੱਚ ਜਿੱਥੇ ਸ਼ੂਗਰ, ਹਾਈ ਬਲੱਡ ਪ੍ਰੈਸ਼ਰ ਅਤੇ ਮੋਟਾਪੇ ਦੀ ਦਰ ਤੇਜ਼ੀ ਨਾਲ ਵੱਧ ਰਹੀ ਹਨ, ਉੱਥੇ ਹੀ ਇੱਕ ਹੋਰ ਸਿਹਤ ਸਮੱਸਿਆ ਜੋ ਤੇਜ਼ੀ ਨਾਲ ਵੱਧ ਰਹੀ ਹੈ, ਉਹ ਹੈ ਕ੍ਰੋਨਿਕ ਕਿਡਨੀ ਡਿਜ਼ੀਜ਼ (ਸੀਕੇਡੀ)।

ਭਾਰਤ ਵਿੱਚ ਮੌਜੂਦਾ ਸਮੇਂ 'ਚ 13 ਕਰੋੜ ਤੋਂ ਵੱਧ ਲੋਕ ਕ੍ਰੋਨਿਕ ਕਿਡਨੀ ਡਿਜ਼ੀਜ਼ (ਸੀਕੇਡੀ) ਨਾਲ ਪੀੜਤ ਹਨ। ਕ੍ਰੋਨਿਕ ਕਿਡਨੀ ਡਿਜ਼ੀਜ਼ ਵਿਸ਼ਵ ਪੱਧਰ 'ਤੇ ਮੌਤ ਦਾ ਨੌਵਾਂ ਪ੍ਰਮੁੱਖ ਕਾਰਨ ਹੈ।

ਭਾਰਤ ਵਿੱਚ ਕ੍ਰੋਨਿਕ ਕਿਡਨੀ ਡਿਜ਼ੀਜ਼ ਦਾ ਬੋਝ ਦੁਨੀਆ ਵਿੱਚ ਦੂਜੇ ਨੰਬਰ 'ਤੇ ਹੈ। ਸ਼ੂਗਰ ਅਤੇ ਦਿਲ ਦੀਆਂ ਬਿਮਾਰੀਆਂ ਵਾਂਗ, ਕ੍ਰੋਨਿਕ ਕਿਡਨੀ ਡਿਜ਼ੀਜ਼ ਵੀ ਹੁਣ ਭਾਰਤ ਸਾਹਮਣੇ ਆਉਣ ਵਾਲੀ ਅਗਲੀ ਪ੍ਰਮੁੱਖ ਸਿਹਤ ਚੁਣੌਤੀ ਵਜੋਂ ਉੱਭਰ ਰਹੀ ਹੈ।

ਇਸ ਬਿਮਾਰੀ ਦੇ ਸ਼ੁਰੂਆਤੀ ਪੜਾਅ ਵਿੱਚ ਅਕਸਰ ਕੋਈ ਸਪੱਸ਼ਟ ਲੱਛਣ ਦਿਖਾਈ ਨਹੀਂ ਦਿੰਦੇ। ਇਸ ਕਰਕੇ ਕਈ ਮਰੀਜ਼ਾਂ ਨੂੰ ਇਸ ਬਿਮਾਰੀ ਦਾ ਪਤਾ ਉਦੋਂ ਲੱਗਦਾ ਹੈ ਜਦੋਂ ਉਨ੍ਹਾਂ ਦੇ ਗੁਰਦੇ ਦੀ ਕਾਰਗੁਜ਼ਾਰੀ ਕਾਫ਼ੀ ਘੱਟ ਹੋ ਚੁੱਕੀ ਹੁੰਦੀ ਹੈ। ਮਾਹਰਾਂ ਮੁਤਾਬਕ, ਇਹੀ ਕਾਰਨ ਹੈ ਕਿ ਕ੍ਰੋਨਿਕ ਕਿਡਨੀ ਡਿਜ਼ੀਜ਼ ਨੂੰ ਅਕਸਰ "ਖਾਮੋਸ਼ ਬਿਮਾਰੀ" ਜਾਂ "ਖਾਮੋਸ਼ ਕਾਤਲ" ਕਿਹਾ ਜਾਂਦਾ ਹੈ।

ਗੁਰਦਿਆਂ ਦਾ ਕੰਮ ਖ਼ੂਨ ਵਿੱਚੋਂ ਹਾਨੀਕਾਰਕ ਪਦਾਰਥਾਂ ਨੂੰ ਬਾਹਰ ਕੱਢਣਾ, ਸਰੀਰ ਵਿੱਚ ਪਾਣੀ ਅਤੇ ਲੂਣ ਦਾ ਸੰਤੁਲਨ ਬਣਾਈ ਰੱਖਣਾ ਅਤੇ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਕਰਨ ਵਿੱਚ ਮਦਦ ਕਰਨਾ ਹੈ। ਪਰ ਜਦੋਂ ਗੁਰਦਿਆਂ ਦੀ ਕਾਰਗੁਜ਼ਾਰੀ ਹੌਲੀ-ਹੌਲੀ ਘੱਟ ਹੋਣ ਲੱਗਦੀ ਹੈ ਤਾਂ ਇਸ ਦੇ ਅਸਰ ਸਰੀਰ 'ਚ ਮਹਿਸੂਸ ਹੋਣ ਲੱਗਦੇ ਹਨ।

ਇਸ ਕਾਰਨ ਥਕਾਵਟ, ਸੋਜ਼ਿਸ਼, ਭੁੱਖ ਨਾ ਲੱਗਣਾ ਜਾਂ ਪਿਸ਼ਾਬ 'ਚ ਬਦਲਾਅ ਵਰਗੇ ਲੱਛਣ ਦੇਰ ਨਾਲ ਦਿਖਾਈ ਦੇ ਸਕਦੇ ਹਨ।

ਅਕਸਰ ਜਦੋਂ ਤੱਕ ਮਰੀਜ਼ ਡਾਕਟਰ ਕੋਲ ਪਹੁੰਚਦੇ ਹਨ, ਉਦੋਂ ਤੱਕ ਗੁਰਦੇ ਬੁਰੀ ਤਰ੍ਹਾਂ ਨੁਕਸਾਨ ਝੱਲ ਚੁੱਕੇ ਹੁੰਦੇ ਹਨ ਅਤੇ ਕੁਝ ਮਾਮਲਿਆਂ ਵਿੱਚ ਡਾਇਲਿਸਿਸ ਜਾਂ ਕਿਡਨੀ ਟਰਾਂਸਪਲਾਂਟ ਹੀ ਇਕ ਮਾਤਰ ਇਲਾਜ ਬੱਚਦਾ ਹੈ।

ਇੱਥੇ ਅਸੀਂ ਗੁਰਦੇ ਦੀ ਬਿਮਾਰੀ ਦੀਆਂ ਵਧਦੇ ਮਾਮਲੇ, ਦੇਰ ਨਾਲ ਬਿਮਾਰੀ ਦਾ ਪਤਾ ਲੱਗਣਾ, ਇਲਾਜ ਦੌਰਾਨ ਆਉਣ ਵਾਲੀਆਂ ਚੁਣੌਤੀਆਂ ਅਤੇ ਇਸ ਖ਼ਤਰੇ ਨੂੰ ਘਟਾਉਣ ਲਈ ਕੀ ਕੀਤਾ ਜਾ ਸਕਦਾ ਹੈ, ਇਸ ਦੇ ਪਿੱਛੇ ਦੇ ਕਾਰਨਾਂ ਦੀ ਸਮੀਖਿਆ ਕਰਾਂਗੇ।

### ਇਸ ਬਿਮਾਰੀ ਦਾ ਪਤਾ ਦੇਰ ਨਾਲ ਕਿਉਂ ਲੱਗਦਾ ਹੈ ?

ਕ੍ਰੋਨਿਕ ਕਿਡਨੀ ਡਿਜ਼ੀਜ਼ ਨਾਲ ਜੁੜੀ ਸਭ ਤੋਂ ਵੱਡੀ ਚੁਣੌਤੀ ਇਹ ਹੈ ਕਿ ਇਹ ਬਿਮਾਰੀ ਅਕਸਰ ਸ਼ੁਰੂਆਤੀ ਪੜਾਵਾਂ ਵਿੱਚ ਕੋਈ ਸਪੱਸ਼ਟ ਲੱਛਣ ਨਹੀਂ ਦਿਖਾਉਂਦੀ ਹੈ।



ਜੇ ਨਿਯਮਿਤ ਜਾਂਚ ਨਾ ਕਰਵਾਈ ਜਾਵੇ ਤਾਂ ਇਹ ਬਿਮਾਰੀ ਅਕਸਰ ਬਿਨਾਂ ਪਤਾ ਲੱਗੇ ਹੀ ਅੱਗੇ ਵਧਦੀ ਰਹਿੰਦੀ ਹੈ। ਸ਼ੂਗਰ ਅਤੇ ਉੱਚ ਰਕਤਚਾਪ (ਹਾਈ ਬਲੱਡ ਪ੍ਰੈਸ਼ਰ) ਨਾਲ ਪੀੜਤ ਲੋਕਾਂ ਨੂੰ ਇਸ ਦਾ ਖ਼ਤਰਾ ਖ਼ਾਸ ਤੌਰ 'ਤੇ ਵੱਧ ਹੁੰਦਾ ਹੈ।

ਇਹ ਦੋਵੇਂ ਬਿਮਾਰੀਆਂ ਸਮੇਂ ਦੇ ਨਾਲ ਗੁਰਦਿਆਂ ਦੀਆਂ ਬਾਰੀਕ ਖ਼ੂਨ ਦੀਆਂ ਨਾੜੀਆਂ ਨੂੰ ਨੁਕਸਾਨ ਪਹੁੰਚਾ ਸਕਦੀਆਂ ਹਨ। ਹਾਲਾਂਕਿ ਮਰੀਜ਼ ਅਕਸਰ ਆਪਣੇ ਖ਼ੂਨ ਵਿੱਚ ਸ਼ੂਗਰ ਦੇ ਪੱਧਰ ਜਾਂ ਰਕਤਚਾਪ (ਬਲੱਡ ਪ੍ਰੈਸ਼ਰ) ਨੂੰ ਕੰਟਰੋਲ ਕਰਨ 'ਤੇ ਹੀ ਧਿਆਨ ਦਿੰਦੇ ਹਨ, ਪਰ ਗੁਰਦਿਆਂ ਦੀ ਨਿਯਮਿਤ ਜਾਂਚ ਕਰਵਾਉਣ ਵਿੱਚ ਦੇਰੀ ਹੋ ਜਾਂਦੀ ਹੈ।

ਪੇਂਡੂ ਖੇਤਰਾਂ ਅਤੇ ਘੱਟ ਆਮਦਨ ਵਾਲੇ ਵਰਗਾਂ ਵਿੱਚ ਜਾਂਚ ਦੀਆਂ ਸਹੂਲਤਾਂ, ਜਾਗਰੂਕਤਾ ਅਤੇ ਮਾਹਰ ਡਾਕਟਰਾਂ ਦੀ ਉਪਲਬਧਤਾ ਨਾਲ ਜੁੜੀਆਂ ਸਮੱਸਿਆਵਾਂ ਵੀ ਹਨ। ਇਸ ਕਾਰਨ ਪੇਂਡੂ ਖੇਤਰਾਂ ਵਿੱਚ ਰਹਿਣ ਵਾਲੇ ਲੋਕ ਵੱਧ ਜੋਖ਼ਮ ਦਾ ਸਾਹਮਣਾ ਕਰਦੇ ਹਨ।

ਮਾਹਰਾਂ ਦਾ ਕਹਿਣਾ ਹੈ ਕਿ ਖ਼ੂਨ ਅਤੇ ਪਿਸ਼ਾਬ ਨਾਲ ਜੁੜੇ ਸਧਾਰਨ ਟੈਸਟ ਵੀ ਗੁਰਦਿਆਂ ਦੀ ਕਾਰਗੁਜ਼ਾਰੀ ਬਾਰੇ ਮਹੱਤਵਪੂਰਨ ਜਾਣਕਾਰੀ ਦੇ ਸਕਦੇ ਹਨ। ਹਾਲਾਂਕਿ ਅਜਿਹੇ ਟੈਸਟ ਅਕਸਰ ਲੱਛਣ ਨਜ਼ਰ ਆਉਣ ਤੋਂ ਬਾਅਦ ਹੀ ਕੀਤੇ ਜਾਂਦੇ ਹਨ।

ਇਸ ਲਈ ਜਦੋਂ ਤੱਕ ਬਿਮਾਰੀ ਦਾ ਪਤਾ ਲੱਗ ਪਾਉਂਦਾ ਹੈ, ਕੁਝ ਮਰੀਜ਼ ਗੁਰਦੇ ਫੇਲ੍ਹ ਹੋਣ ਦੀ ਸਥਿਤੀ 'ਚ ਪਹੁੰਚ ਚੁੱਕੇ ਹੁੰਦੇ ਹਨ।

ਇਸੇ ਲਈ ਜਨਤਕ ਸਿਹਤ ਮਾਹਰਾਂ ਦਾ ਮੰਨਣਾ ਹੈ ਕਿ ਸ਼ੂਗਰ, ਹਾਈ ਬਲੱਡ ਪ੍ਰੈਸ਼ਰ ਅਤੇ ਹੋਰ ਜੋਖ਼ਮ ਵਾਲੇ ਕਾਰਕਾਂ ਵਾਲੇ ਲੋਕਾਂ ਦੀ ਨਿਯਮਿਤ ਜਾਂਚ 'ਤੇ ਵੱਧ ਜ਼ੋਰ ਦੇਣ ਦੀ ਲੋੜ ਹੈ।

### ਕ੍ਰੋਨਿਕ ਕਿਡਨੀ ਡਿਜ਼ੀਜ਼ ਦੇ ਲੱਛਣ ਕੀ ਹਨ ? ਇਸ ਦਾ ਸਭ ਤੋਂ ਵੱਧ ਖ਼ਤਰਾ ਕਿਸ ਨੂੰ ਹੁੰਦਾ ਹੈ ?

ਕ੍ਰੋਨਿਕ ਕਿਡਨੀ ਡਿਜ਼ੀਜ਼ ਦਾ ਪਤਾ ਅਕਸਰ ਦੇਰ ਨਾਲ ਲੱਗਦਾ ਹੈ, ਅਜਿਹੀ ਸਥਿਤੀ ਵਿੱਚ ਇਹ ਬਿਮਾਰੀ ਜਾਨਲੇਵਾ ਸਾਬਤ ਹੋ ਸਕਦੀ ਹੈ।

ਨਤੀਜੇ ਵਜੋਂ, ਕਈ ਮਰੀਜ਼ਾਂ ਨੂੰ ਡਾਇਲਿਸਿਸ ਜਾਂ ਕਿਡਨੀ ਟਰਾਂਸਪਲਾਂਟ ਦੀ ਲੋੜ ਪੈ ਜਾਂਦੀ ਹੈ। ਜੇਕਰ ਬਿਮਾਰੀ ਦਾ ਸ਼ੁਰੂਆਤੀ ਪੜਾਅ ਵਿੱਚ ਹੀ ਪਤਾ ਲੱਗ ਜਾਵੇ ਅਤੇ ਸਮੇਂ ਸਿਰ ਸਹੀ ਇਲਾਜ ਮਿਲ ਜਾਵੇ ਤਾਂ ਅਜਿਹੇ ਕਈ ਮਾਮਲਿਆਂ ਵਿੱਚ ਡਾਇਲਿਸਿਸ ਜਾਂ ਕਿਡਨੀ ਟਰਾਂਸਪਲਾਂਟ ਦੀ ਲੋੜ ਤੋਂ ਬਚਿਆ ਜਾ ਸਕਦਾ ਹੈ।

ਇਸ ਬਾਰੇ ਹੋਰ ਜਾਣਨ ਲਈ ਅਸੀਂ ਮੁੰਬਈ ਦੇ ਕੋਕਿਲਾਬੇਨ ਧੀਰੂਭਾਈ ਅੰਬਾਨੀ ਹਸਪਤਾਲ ਦੇ ਨੈਫਰੋਲੋਜੀ (ਗੁਰਦਾ ਰੋਗ) ਵਿਭਾਗ ਦੇ ਸਲਾਹਕਾਰ ਡਾ. ਨਿਰੰਜਨ ਕੁਲਕਰਨੀ ਨਾਲ ਗੱਲਬਾਤ ਕੀਤੀ।

ਡਾ. ਕੁਲਕਰਨੀ ਨੇ ਕਿਹਾ, "ਜਦੋਂ ਤੱਕ ਪਹਿਲੇ ਲੱਛਣ ਨਜ਼ਰ ਆਉਂਦੇ ਹਨ, ਉਦੋਂ ਤੱਕ ਗੁਰਦੇ ਆਪਣੀ ਛਾਣਨ (ਫਿਲਟਰ ਕਰਨ) ਦੀ ਸਮਰੱਥਾ ਦਾ ਵੱਡਾ ਹਿੱਸਾ ਗੁਆ ਚੁੱਕੇ ਹੁੰਦੇ ਹਨ। ਸ਼ੁਰੂਆਤੀ ਨੁਕਸਾਨ ਦੇ ਅਕਸਰ ਕੋਈ ਲੱਛਣ ਨਜ਼ਰ ਨਹੀਂ ਆਉਂਦੇ। ਇੱਕ ਅਧਿਐਨ ਵਿੱਚ ਜਾਂਚ ਕੀਤੇ ਗਏ ਲਗਭਗ 17 ਫ਼ੀਸਦੀ ਲੋਕਾਂ ਵਿੱਚ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਨੂੰ ਕੋਈ ਲੱਛਣ ਨਹੀਂ ਸਨ, ਖ਼ੂਨ ਜਾਂ ਪਿਸ਼ਾਬ ਦੀ ਜਾਂਚ ਰਾਹੀਂ ਕ੍ਰੋਨਿਕ ਕਿਡਨੀ ਡਿਜ਼ੀਜ਼ ਦਾ ਪਤਾ ਲੱਗਿਆ। ਜਦੋਂ ਸਰੀਰ ਵਿੱਚ ਸੋਜ, ਸਾਹ ਚੜ੍ਹਨਾ ਜਾਂ ਲਗਾਤਾਰ ਥਕਾਵਟ ਵਰਗੇ ਲੱਛਣ ਦਿਖਾਈ ਦੇਣ ਲੱਗਦੇ ਹਨ, ਉਦੋਂ ਤੱਕ ਗੁਰਦਿਆਂ ਦੀ ਕਾਰਗੁਜ਼ਾਰੀ ਕਾਫ਼ੀ ਹੱਦ ਤੱਕ ਘੱਟ ਹੋ ਚੁੱਕੀ ਹੁੰਦੀ ਹੈ।"

ਆਰਾਮ ਕਰਨ ਤੋਂ ਬਾਅਦ ਵੀ ਥਕਾਵਟ ਦੂਰ ਨਾ ਹੋਣਾ, ਗਿੱਟਿਆਂ, ਪੈਰਾਂ ਜਾਂ ਚਿਹਰੇ 'ਤੇ ਲਗਾਤਾਰ ਸੋਜ ਰਹਿਣਾ, ਝੱਗ ਵਾਲਾ ਜਾਂ ਬੁਲਬੁਲੇਦਾਰ ਪਿਸ਼ਾਬ ਆਉਣਾ, ਖ਼ਾਸ ਕਰਕੇ ਰਾਤ ਸਮੇਂ ਵਾਰ-ਵਾਰ ਪਿਸ਼ਾਬ ਆਉਣਾ, ਭੁੱਖ ਨਾ ਲੱਗਣਾ, ਬੇਚੈਨੀ ਹੋਣਾ, ਮਾਸਪੇਸ਼ੀਆਂ ਵਿੱਚ ਖਿੱਚ ਪੈਣਾ ਅਤੇ ਧਿਆਨ ਕੇਂਦਰਿਤ ਕਰਨ ਵਿੱਚ ਮੁਸ਼ਕਿਲ ਆਉਣਾ, ਇਹ ਸਾਰੇ ਗੁਰਦਿਆਂ ਦੀ ਕਾਰਗੁਜ਼ਾਰੀ ਘੱਟਣ ਦੇ ਸੰਭਾਵੀ ਲੱਛਣ ਹਨ।

ਇਨ੍ਹਾਂ ਵਿੱਚੋਂ ਕਈ ਲੱਛਣ ਅਸਪੱਸ਼ਟ ਹੁੰਦੇ ਹਨ ਅਤੇ ਇਨ੍ਹਾਂ ਨੂੰ ਤਣਾਅ, ਵੱਧਦੀ ਉਮਰ ਜਾਂ ਕਿਸੇ ਹੋਰ ਬਿਮਾਰੀ ਦੇ ਲੱਛਣ ਸਮਝ ਲਿਆ ਜਾ ਸਕਦਾ ਹੈ ਜਿਸ ਕਾਰਨ ਬਿਮਾਰੀ ਦੀ ਪਛਾਣ ਵਿੱਚ ਦੇਰੀ ਹੋ ਸਕਦੀ ਹੈ।

ਜਦੋਂ ਉਨ੍ਹਾਂ ਤੋਂ ਪੁੱਛਿਆ ਗਿਆ ਕਿ ਇਸ ਬਿਮਾਰੀ ਦਾ ਸਭ ਤੋਂ ਵੱਧ ਖ਼ਤਰਾ ਕਿਸ ਨੂੰ ਹੁੰਦਾ ਹੈ ਤਾਂ ਡਾ. ਨਿਰੰਜਨ ਕੁਲਕਰਨੀ ਕਹਿੰਦੇ ਹਨ, "ਸ਼ੂਗਰ ਅਤੇ ਹਾਈ ਬਲੱਡ ਪ੍ਰੈਸ਼ਰ ਨਾਲ ਪੀੜਤ ਲੋਕਾਂ ਨੂੰ ਕ੍ਰੋਨਿਕ ਕਿਡਨੀ ਡਿਜ਼ੀਜ਼ ਦਾ ਸਭ ਤੋਂ ਵੱਧ ਖ਼ਤਰਾ ਹੁੰਦਾ ਹੈ। ਭਾਰਤ ਵਿੱਚ ਗੁਰਦੇ ਫੇਲ੍ਹ ਹੋਣ ਦੇ ਜ਼ਿਆਦਾਤਰ ਮਾਮਲੇ ਇਨ੍ਹਾਂ ਦੋ ਕਾਰਨਾਂ ਕਰਕੇ ਹੁੰਦੇ ਹਨ।"

"ਇਸ ਤੋਂ ਇਲਾਵਾ 50 ਸਾਲ ਤੋਂ ਵੱਧ ਉਮਰ ਦੇ ਲੋਕ, ਮੋਟਾਪੇ ਤੋਂ ਪੀੜਤ ਲੋਕ, ਸਿਗਰਟਨੋਸ਼ੀ ਕਰਨ ਵਾਲੇ, ਜਿਨ੍ਹਾਂ ਦੇ ਪਰਿਵਾਰ ਵਿੱਚ ਗੁਰਦੇ ਦੀ ਬਿਮਾਰੀ ਦਾ ਇਤਿਹਾਸ ਰਿਹਾ ਹੋਵੇ, ਲੰਬੇ ਸਮੇਂ ਤੋਂ ਦਰਦ-ਨਿਵਾਰਕ ਦਵਾਈਆਂ 'ਤੇ ਨਿਰਭਰ ਰਹਿਣ ਵਾਲੇ ਲੋਕ ਅਤੇ ਆਟੋਇਮਿਊਨ ਬਿਮਾਰੀਆਂ, ਵਾਰ-ਵਾਰ ਹੋਣ ਵਾਲੇ ਗੁਰਦੇ ਦੇ ਇਨਫੈਕਸ਼ਨ ਜਾਂ ਗੁਰਦੇ ਦੀ ਪੱਥਰੀ ਨਾਲ ਪੀੜਤ ਲੋਕਾਂ ਨੂੰ ਵੀ ਕ੍ਰੋਨਿਕ ਕਿਡਨੀ ਡਿਜ਼ੀਜ਼ ਹੋਣ ਦਾ ਵੱਧ ਖ਼ਤਰਾ ਹੁੰਦਾ ਹੈ।"

### ਜਾਂਚ ਕਦੋਂ ਕਰਵਾਉਣੀ ਚਾਹੀਦੀ ਹੈ ਅਤੇ ਕਿਹੜੀਆਂ ਗੱਲਾਂ ਦਾ ਧਿਆਨ ਰੱਖਣਾ ਚਾਹੀਦਾ ਹੈ ?

ਜ਼ਿਆਦਾਤਰ ਡਾਕਟਰ ਸਲਾਹ ਦਿੰਦੇ ਹਨ ਕਿ ਸ਼ੂਗਰ ਜਾਂ ਹਾਈ ਬਲੱਡ ਪ੍ਰੈਸ਼ਰ ਨਾਲ ਪੀੜਤ ਸਾਰੇ ਲੋਕਾਂ ਨੂੰ ਬਿਮਾਰੀ ਦੀ ਪਛਾਣ ਹੋਣ ਤੋਂ ਬਾਅਦ ਤੋਂ ਹੀ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਆਪਣੇ ਗੁਰਦਿਆਂ ਦੀ ਜਾਂਚ ਕਰਵਾਉਣੀ ਚਾਹੀਦੀ ਹੈ।

ਪੇਚੀਦਗੀਆਂ ਪੈਦਾ ਹੋਣ ਦੀ ਉਡੀਕ ਕਰਨ ਦੀ ਬਜਾਏ ਸਮੇਂ ਸਿਰ ਜਾਂਚ ਕਰਵਾਉਣਾ ਮਹੱਤਵਪੂਰਨ ਹੈ। ਇਸ ਲਈ ਦੋ ਸਧਾਰਨ ਟੈਸਟ ਕੀਤੇ ਜਾਂਦੇ ਹਨ। ਪਹਿਲਾ, ਖ਼ੂਨ ਦੀ ਜਾਂਚ, ਜਿਸ ਵਿੱਚ ਸੀਰਮ ਕ੍ਰੀਏਟਿਨਿਨ ਦੀ ਮਾਤਰਾ ਮਾਪੀ ਜਾਂਦੀ ਹੈ, ਜਿਸ ਨਾਲ ਗਲੋਮੇਰੁਲਰ ਫਿਲਟ੍ਰੇਸ਼ਨ ਰੇਟ (ਜੀਐਫਆਰ) ਦਾ ਅੰਦਾਜ਼ਾ ਲਗਾਇਆ ਜਾਂਦਾ ਹੈ। ਦੂਜਾ, ਪਿਸ਼ਾਬ ਦੀ ਜਾਂਚ, ਜਿਸ ਵਿੱਚ ਐਲਬਿਊਮਿਨ ਦੀ ਮਾਤਰਾ ਮਾਪੀ ਜਾਂਦੀ ਹੈ।

ਜਿਨ੍ਹਾਂ ਲੋਕਾਂ ਨੂੰ ਪਹਿਲਾਂ ਤੋਂ ਹੀ ਗੁਰਦਿਆਂ ਦੀ ਸਮੱਸਿਆ ਹੈ ਜਾਂ ਜਿਨ੍ਹਾਂ ਦੇ ਖ਼ੂਨ ਵਿੱਚ ਸ਼ੂਗਰ ਦਾ ਪੱਧਰ ਠੀਕ ਤਰ੍ਹਾਂ ਕੰਟਰੋਲ ਵਿੱਚ ਨਹੀਂ ਰਹਿੰਦਾ, ਉਨ੍ਹਾਂ ਨੂੰ ਡਾਕਟਰ ਦੀ ਸਲਾਹ ਅਨੁਸਾਰ ਹੋਰ ਵੱਧ ਵਾਰ ਜਾਂਚ ਕਰਵਾਉਣ ਦੀ ਲੋੜ ਪੈ ਸਕਦੀ ਹੈ।

ਖ਼ੂਨ ਵਿੱਚ ਸ਼ੂਗਰ ਅਤੇ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਵਿੱਚ ਰੱਖਣਾ, ਲੂਣ ਅਤੇ ਪ੍ਰੋਸੈਸਡ ਭੋਜਨ ਦਾ ਘੱਟ ਸੇਵਨ ਕਰਨਾ, ਬਹੁਤ ਜ਼ਿਆਦਾ ਮਾਸ ਖਾਣ ਤੋਂ ਬਚਣਾ, ਲੋੜੀਂਦੀ ਮਾਤਰਾ ਵਿੱਚ ਪਾਣੀ ਪੀਣਾ, ਨਿਯਮਿਤ ਕਸਰਤ ਕਰਨਾ, ਸਿਹਤਮੰਦ ਵਜ਼ਨ ਬਣਾਈ ਰੱਖਣਾ, ਸਿਗਰਟ ਛੱਡਣਾ ਅਤੇ ਸ਼ਰਾਬ ਤੋਂ ਪਰਹੇਜ਼ ਕਰਨਾ, ਗੁਰਦੇ ਦੇ ਨੁਕਸਾਨ ਦੇ ਜ਼ੋਖਮ ਨੂੰ ਘੱਟ ਕਰ ਸਕਦੇ ਹਨ।

ਜੇ ਗੁਰਦਿਆਂ ਦੀ ਬਿਮਾਰੀ ਦੀ ਸ਼ੁਰੂਆਤ ਹੋ ਚੁੱਕੀ ਹੈ ਤਾਂ ਇਹ ਆਦਤਾਂ ਬਿਮਾਰੀ ਦੀ ਰਫ਼ਤਾਰ ਨੂੰ ਹੌਲੀ ਕਰਨ ਵਿੱਚ ਵੀ ਮਦਦਗਾਰ ਹੋ ਸਕਦੀਆਂ ਹਨ। ਬੇਸ਼ੱਕ ਇਹ ਉਪਾਅ ਮੈਡੀਕਲ ਇਲਾਜ ਦਾ ਬਦਲ ਨਹੀਂ ਹਨ। ਫਿਰ ਵੀ, ਗੁਰਦਿਆਂ ਦੀ ਬਿਮਾਰੀ ਦੇ ਖ਼ਤਰੇ ਨੂੰ ਘਟਾਉਣ ਅਤੇ ਗੁਰਦਿਆਂ ਨੂੰ ਤੰਦਰੁਸਤ ਰੱਖਣ ਵਿੱਚ ਇਨ੍ਹਾਂ ਦੀ ਅਹਿਮ ਭੂਮਿਕਾ ਹੈ।

### ਕਿਡਨੀ ਨੂੰ ਸਿਹਤਮੰਦ ਰੱਖਣ ਲਈ ਤੁਸੀਂ ਅੱਜ ਤੋਂ ਹੀ ਕਿਹੜੇ 5 ਕਦਮ ਚੁੱਕ ਸਕਦੇ ਹੋ ?

1. ਨਿਯਮਿਤ ਸਿਹਤ ਜਾਂਚ ਕਰਵਾਓ

ਸਧਾਰਨ ਖ਼ੂਨ ਅਤੇ ਪਿਸ਼ਾਬ ਦੀ ਜਾਂਚ ਰਾਹੀਂ ਕਿਡਨੀ ਨੂੰ ਹੋਣ ਵਾਲੇ ਨੁਕਸਾਨ ਦਾ ਪਤਾ ਗੰਭੀਰ ਹੋਣ ਤੋਂ ਪਹਿਲਾਂ ਹੀ ਲਗਾਇਆ ਜਾ ਸਕਦਾ ਹੈ। ਖ਼ਾਸ ਕਰਕੇ 40 ਸਾਲ ਦੀ ਉਮਰ ਤੋਂ ਬਾਅਦ ਜਾਂ ਜੇ ਤੁਹਾਡੇ ਪਰਿਵਾਰ ਵਿੱਚ ਸ਼ੂਗਰ, ਹਾਈ ਬਲੱਡ ਪ੍ਰੈਸ਼ਰ ਜਾਂ ਕਿਡਨੀ ਦੀ ਬਿਮਾਰੀ ਦਾ ਇਤਿਹਾਸ ਹੈ ਤਾਂ ਹਰ ਸਾਲ ਬਲੱਡ ਪ੍ਰੈਸ਼ਰ, ਬਲੱਡ ਸ਼ੂਗਰ ਅਤੇ ਕਿਡਨੀ ਦੀ ਕਾਰਗੁਜ਼ਾਰੀ ਦੀ ਜਾਂਚ ਜ਼ਰੂਰ ਕਰਵਾਉਣੀ ਚਾਹੀਦੀ ਹੈ।

2. ਬਲੱਡ ਪ੍ਰੈਸ਼ਰ ਅਤੇ ਬਲੱਡ ਸ਼ੂਗਰ ਨੂੰ ਕਾਬੂ ਵਿੱਚ ਰੱਖੋ

ਜੇ ਤੁਹਾਨੂੰ ਸ਼ੂਗਰ ਜਾਂ ਹਾਈ ਬਲੱਡ ਪ੍ਰੈਸ਼ਰ ਹੋਣ ਦਾ ਪਤਾ ਲੱਗਾ ਹੈ ਤਾਂ ਡਾਕਟਰ ਦੀ ਸਲਾਹ ਅਨੁਸਾਰ ਇਸ ਨੂੰ ਕੰਟਰੋਲ ਵਿੱਚ ਰੱਖਣਾ ਬਹੁਤ ਜ਼ਰੂਰੀ ਹੈ। ਕਿਡਨੀ ਦੇ ਨੁਕਸਾਨ ਨੂੰ ਰੋਕਣ ਦਾ ਇਹ ਸਭ ਤੋਂ ਪ੍ਰਭਾਵਸ਼ਾਲੀ ਤਰੀਕਾ ਮੰਨਿਆ ਜਾਂਦਾ ਹੈ।

3. ਆਪਣੀ ਖ਼ੁਰਾਕ ਦਾ ਧਿਆਨ ਰੱਖੋ ਅਤੇ ਲੋੜੀਂਦੀ ਮਾਤਰਾ ਵਿੱਚ ਪਾਣੀ ਪੀਓ

ਨਮਕ ਦਾ ਸੇਵਨ ਸੀਮਿਤ ਕਰੋ, ਸੰਤੁਲਿਤ ਖ਼ੁਰਾਕ ਲਓ ਅਤੇ ਲੋੜ ਅਨੁਸਾਰ ਪਾਣੀ ਪੀਓ। ਸਿਹਤਮੰਦ ਖ਼ੁਰਾਕ ਕਿਡਨੀਆਂ 'ਤੇ ਪੈਣ ਵਾਲਾ ਵਾਧੂ ਬੋਝ ਘਟਾਉਂਦੀ ਹੈ।

4. ਦਰਦ ਨਿਵਾਰਕ ਦਵਾਈਆਂ ਅਤੇ ਸਪਲੀਮੈਂਟਸ ਦੀ ਬੇਲੋੜੀ ਵਰਤੋਂ ਤੋਂ ਬਚੋ

ਡਾਕਟਰ ਦੀ ਸਲਾਹ ਤੋਂ ਬਿਨਾਂ ਲੰਬੇ ਸਮੇਂ ਤੱਕ ਦਰਦ ਨਿਵਾਰਕ ਦਵਾਈਆਂ ਲੈਣਾ ਜਾਂ ਅਪ੍ਰਮਾਣਿਤ ਸਪਲੀਮੈਂਟਸ ਅਤੇ ਹਰਬਲ ਉਤਪਾਦ ਵਰਤਣਾ ਕਿਡਨੀ ਲਈ ਨੁਕਸਾਨਦਾਇਕ ਹੋ ਸਕਦਾ ਹੈ। ਆਪਣੇ ਆਪ ਕੋਈ ਫੈਸਲਾ ਨਾ ਲਓ ਅਤੇ ਸੁਣੀ-ਸੁਣਾਈ ਗੱਲਾਂ 'ਤੇ ਭਰੋਸਾ ਨਾ ਕਰੋ।

5. ਨਿਯਮਿਤ ਕਸਰਤ ਕਰੋ ਅਤੇ ਨਸ਼ਿਆਂ ਤੋਂ ਦੂਰ ਰਹੋ

ਸਰੀਰਕ ਤੌਰ 'ਤੇ ਸਰਗਰਮ ਰਹਿਣਾ, ਸਿਹਤਮੰਦ ਵਜ਼ਨ ਬਣਾਈ ਰੱਖਣਾ, ਸਿਗਰਟ ਪੀਣ ਤੋਂ ਬਚਣਾ ਅਤੇ ਸ਼ਰਾਬ ਤੋਂ ਪਰਹੇਜ਼ ਕਰਨਾ ਕਿਡਨੀ ਸਮੇਤ ਸਮੁੱਚੀ ਸਿਹਤ ਲਈ ਫ਼ਾਇਦੇਮੰਦ ਹੈ।

ਜੇ ਤੁਸੀਂ ਆਪਣੀ ਜੀਵਨਸ਼ੈਲੀ, ਖ਼ੁਰਾਕ, ਦਵਾਈ ਜਾਂ ਕਸਰਤ ਵਿੱਚ ਕੋਈ ਵੱਡਾ ਬਦਲਾਅ ਕਰਨਾ ਚਾਹੁੰਦੇ ਹੋ ਤਾਂ ਡਾਕਟਰ ਅਤੇ ਯੋਗ ਮਾਹਿਰ ਦੀ ਸਲਾਹ ਮਹੱਤਵਪੂਰਨ ਹੈ।

ਬਿਹਤਰ ਇਹੀ ਹੋਵੇਗਾ ਕਿ ਤੁਸੀਂ ਆਪਣੇ ਸਰੀਰ ਅਤੇ ਲੱਛਣਾਂ ਦੀ ਡਾਕਟਰ ਤੋਂ ਸਹੀ ਜਾਂਚ ਕਰਵਾਓ ਅਤੇ ਉਨ੍ਹਾਂ ਦੀ ਸਲਾਹ ਅਨੁਸਾਰ ਹੀ ਜੀਵਨਸ਼ੈਲੀ ਵਿੱਚ ਬਦਲਾਅ ਕਰੋ। ਡਾਕਟਰ ਨਾਲ ਸਲਾਹ ਕੀਤੇ ਬਿਨਾਂ ਆਪਣੇ ਆਪ ਇਲਾਜ ਕਰਨਾ ਖ਼ਤਰਨਾਕ ਹੋ ਸਕਦਾ ਹੈ।

# ਸਭਿਆਚਾਰ

: ਲੋਕ ਕਹਾਣੀ

# ਜੀਊਣਾ ਮੌੜ



ਜ਼ਿਲ੍ਹਾ ਸੰਗਰੂਰ ਦੇ ਪਿੰਡ ਮੌੜ ਦਾ ਜੰਮਪਲ ਸਾਧਾਰਨ ਜੱਟ ਪਰਿਵਾਰ ਦੇ ਖੜਗ ਸਿੰਘ ਦਾ ਪੁੱਤਰ ਜੀਊਣਾ ਬੜਾ ਸਾਊ ਤੇ ਨਿਮਰ ਸੁਭਾਅ ਦਾ ਨੌਜਵਾਨ ਸੀ ਜਿਸ ਨੂੰ ਸਮੇਂ ਦੀਆਂ ਪ੍ਰਸਥਿਤੀਆਂ ਨੇ ਡਾਕੇ ਮਾਰਨ ਲਈ ਮਜਬੂਰ ਕਰ ਦਿੱਤਾ।

ਗੱਲ ਇਸ ਤਰ੍ਹਾਂ ਹੋਈ। ਇਕ ਦਿਨ ਆਥਣ ਵੇਲੇ ਜੀਊਣ ਸਿੰਘ ਜਿਸ ਨੂੰ ਆਮ ਕਰਕੇ ਜੀਊਣਾ ਕਹਿ ਕੇ ਬੁਲਾਉਂਦੇ ਸਨ ਆਪਣੇ ਡੰਗਰਾਂ ਦੇ ਵਾੜੇ ਵਿਚ ਇਕੱਲਾ ਬੈਠਾ ਸੀ ਕਿ ਇਕ ਅੱਧਖੜ ਉਮਰ ਦਾ ਓਪਰਾ ਬੰਦਾ ਉਨ੍ਹਾਂ ਦੇ ਘਰ ਦਾ ਪਤਾ ਪੁੱਛਦਾ-ਪੁਛਾਉਂਦਾ ਉਹਦੇ ਕੋਲ ਆਇਆ। ਉਸ ਓਪਰੇ ਪੁਰਸ਼ ਦਾ ਆਦਰ-ਮਾਣ ਕਰਦਿਆਂ ਜੀਊਣੇ ਨੇ ਉਸ ਨੂੰ ਆਪਣੇ ਮੰਜੇ 'ਤੇ ਬਿਠਾ ਲਿਆ। ਓਪਰਾ ਬੰਦਾ ਆਖਣ ਲੱਗਾ, ''ਭਤੀਜ ਮੈਂ ਕਾਲੇ ਪਾਣੀ ਤੋਂ ਆਇਆਂ ਤੇਰੇ ਵੱਡੇ ਭਾਈ ਕਿਸ਼ਨੇ ਕੋਲੋਂ। ਉਹਦਾ ਸੁਨੇਹਾ ਲੈ ਕੇ ਸਿੱਧਾ ਥੋਡੇ ਕੋਲ ਆਇਆਂ, ਫੇਰ ਆਪਣੇ ਪਿੰਡ ਜਾਊਂਗਾ। ਉਹਨੇ ਕਿਹੈ ਬਈ ਜੇ ਤੂੰ ਭਾਈ ਐਂ ਤੇ ਮਾਂ ਦਾ ਸੀਰ ਚੁੰਘਿਐ ਤਾਂ ਡਸਕੇ ਆਲੇ ਡੋਗਰ ਤੋਂ ਬਦਲਾ ਲੈ ਲਾ। ਜੀਹਨੇ ਤੇਰੇ ਭਰਾ ਕਿਸ਼ਨੇ ਨੂੰ ਧੋਖੇ ਨਾਲ ਪੁਲੀਸ ਨੂੰ ਫੜਾ ਕੇ ਕਾਲੇ ਪਾਣੀ ਦੀ ਸਜ਼ਾ ਦੁਆਈ ਐ...। ਭਤੀਜ ਬੰਦਾ ਕਾਹਦੈ ਜੀਹਨੇ ਭਾਈ ਦਾ ਬਦਲਾ ਨ੍ਹੀਂ ਲਿਆ... ਡੋਗਰ ਮੌਜਾਂ ਕਰਦੈ ਤੇ ਭਾਈ ਕਾਲੇ ਪਾਣੀ ਨਰਕ ਭੋਗਦੈ...।''

ਕਿਸ਼ਨਾ ਜੀਊਣੇ ਤੋਂ ਕੁਝ ਵਰ੍ਹੇ ਵੱਡਾ ਸੀ ਛੈਲ-ਛਬੀਲਾ, ਮੌਜ-ਮਸਤੀ ਕਰਨ ਵਾਲਾ। ਨਵਾਂ-ਨਵਾਂ ਵੈਲੀ ਬਣਿਆ। ਕਿਸ਼ਨੇ ਕੋਲ ਓਪਰੇ ਬੰਦੇ ਆਉਣ ਲੱਗੇ। ਉਹ ਘਰ ਦੀ ਕੱਢੀ ਰੂੜੀ ਮਾਰਕ ਸ਼ਰਾਬ ਤੇ ਮੁਰਗੇ ਛਕ ਕੇ ਉਨ੍ਹਾਂ ਦੇ ਖੂਹ 'ਤੇ ਖੜਦੁੰਮ ਮਚਾਉਂਦੇ। ਉਸ ਦੇ ਬਾਪੂ ਨੂੰ ਇਹ ਸਭ ਕੁਝ ਪਸੰਦ ਨਹੀਂ ਸੀ। ਇਸ ਲਈ ਉਸ ਨੇ ਕਿਸ਼ਨੇ ਨੂੰ ਟੋਕਣਾ ਸ਼ੁਰੂ ਕਰ ਦਿੱਤਾ। ਨਿੱਤ ਦਾ ਕਲੇਸ਼ ਰਹਿਣ ਲੱਗਾ ਜਿਸ ਕਰਕੇ ਕਿਸ਼ਨਾ ਘਰੋਂ ਭੱਜ ਕੇ ਡਸਕੇ ਦੇ ਡੋਗਰ ਅਤੇ ਖੜਿਆਲ ਪਿੰਡ ਦੇ ਜੈਮਲ ਨਾਲ ਰਲ ਕੇ ਲੁੱਟਾਂ-ਖੋਹ ਕਰਨ ਲੱਗਾ। ਤਿੰਨੋਂ ਗੂੜ੍ਹੇ ਮਿੱਤਰ ਬਣ ਗਏ।

ਉਨ੍ਹਾਂ ਵੇਲਿਆਂ ਵਿਚ ਅੱਜ ਵਾਂਗ ਸੜਕਾਂ ਨਹੀਂ ਸਨ, ਆਵਾਜਾਈ ਦੇ ਸਾਧਨ ਘੋੜੇ-ਘੋੜੀਆਂ, ਊਠ ਆਦਿ ਸਨ। ਪੈਦਲ ਸਫ਼ਰ ਕਰਨਾ ਪੈਂਦਾ ਸੀ ਤੇ ਰਾਹ ਆਮ ਤੌਰ 'ਤੇ ਜੰਗਲਾਂ, ਬੇਲਿਆਂ ਵਿਚੋਂ ਹੋ ਕੇ ਜਾਂਦੇ ਸਨ। ਆਮ ਆਦਮੀ ਲਈ ਸਫ਼ਰ ਕਰਨਾ ਖਤਰੇ ਤੋਂ ਖਾਲੀ ਨਹੀਂ ਸੀ। ਡਾਕੂ ਆਮ ਸਨ ਜੋ ਜੰਗਲਾਂ 'ਚ ਫਿਰਦੇ ਰਾਹ ਗੁਜ਼ਰੂਆਂ ਨੂੰ ਲੁੱਟ ਲੈਂਦੇ ਸਨ। ਬਰਾਤਾਂ ਆਮ ਲੁੱਟੀਆਂ ਜਾਂਦੀਆਂ ਸਨ। ਕਿਸ਼ਨੇ ਹੋਰਾਂ ਨੇ ਵੀ ਲੁੱਟਾਂ-ਖੋਹਾਂ ਦਾ ਧੰਦਾ ਅਪਣਾ ਲਿਆ। ਕਿਸ਼ਨੇ ਦੇ ਬਾਪ ਅਤੇ ਜੀਊਣੇ ਨੂੰ ਇਹ ਗੱਲਾਂ ਪਸੰਦ ਨਹੀਂ ਸਨ ਪਰ ਕਿਸ਼ਨਾ ਉਨ੍ਹਾਂ ਦੀ ਕਿੱਥੋਂ ਮੰਨਣ ਵਾਲਾ ਸੀ ਉਸ ਦੇ ਮੂੰਹ ਨੂੰ ਤਾਂ ਲਹੂ ਲੱਗ ਚੁੱਕਾ ਸੀ।

ਇਕ ਦਿਨ ਕੀ ਹੋਇਆ ਕਿਸ਼ਨੇ ਹੋਰਾਂ ਨੇ ਆਪਣੇ ਹੀ ਪਿੰਡ ਦੇ ਬ੍ਰਾਹਮਣਾਂ ਦੀ ਬਰਾਤ ਲੁੱਟ ਲਈ। ਬਰਾਤੀਆਂ ਵਿਚੋਂ ਕਿਸੇ ਨੇ ਕਿਸ਼ਨੇ ਨੂੰ ਪਛਾਣ ਲਿਆ। ਸਾਰਾ ਪਿੰਡ ਕਿਸ਼ਨੇ ਦੀ ਇਸ ਵਾਰਦਾਤ 'ਤੇ ਤੋਏ-ਤੋਏ ਕਰਨ ਲੱਗਾ ਤੇ ਉਸ ਦੇ ਬਾਪ ਨੂੰ ਫਿਟ-ਲਾਹਨਤਾਂ ਪਾਈਆ। ਉਹਦਾ ਬਾਪ ਪਰ੍ਹੇ ਜਾ ਬੈਠਾ ਸ਼ਰਮਸ਼ਾਰ ਹੋ ਰਿਹਾ ਸੀ। ਪਿੰਡ ਦੇ ਖਾਂਦੇ-ਪੀਂਦੇ ਮੋਹਰੀ ਵਾਸਦੇਵ ਨੇ ਕਿਸ਼ਨੇ ਦੇ ਨਾਂ 'ਤੇ ਪੁਲੀਸ ਥਾਣੇ ਰਿਪੋਰਟ ਲਿਖਵਾ ਦਿੱਤੀ। ਇਸ ਗੱਲ ਦਾ ਪਤਾ ਕਿਸ਼ਨੇ ਨੂੰ ਵੀ ਲੱਗ ਗਿਆ। ਉਹ ਕੁਝ ਦਿਨਾਂ ਮਗਰੋਂ ਮੌੜੀਂ ਆ ਕੇ ਵਾਸਦੇਵ ਨੂੰ ਗੋਲੀਆਂ ਨਾਲ ਭੁੰਨ ਗਿਆ।

ਪੁਲੀਸ ਆਈ, ਕਿਸ਼ਨੇ ਦੇ ਬਾਪ ਅਤੇ ਭਰਾ ਜੀਊਣੇ ਨੂੰ ਫੜ ਲਿਆ ਗਿਆ। ਕਿਸ਼ਨੇ ਦਾ ਥਹੁ ਪਤਾ ਪੁੱਛਣ ਲਈ ਤਸੀਹੇ ਦਿੱਤੇ ਗਏ... ਘਰ-ਬਾਰ ਉਜਾੜ ਦਿੱਤਾ। ਉਹ ਭਲਾ ਕਿੱਥੋਂ ਕਿਸ਼ਨੇ ਨੂੰ ਲੱਭ ਕੇ ਲਿਆਉਂਦੇ। ਉਨ੍ਹਾਂ 'ਤੇ ਪੁਲੀਸ ਦਾ ਤਸ਼ੱਦਦ ਜਾਰੀ ਰਿਹਾ।

ਕਿਸ਼ਨੇ ਦੀ ਕਿਹੜਾ ਘਰਦਿਆਂ ਨਾਲ ਬਣਦੀ ਸੀ। ਉਹ ਲੁੱਟਾਂ-ਖੋਹਾਂ ਦਾ ਮਾਲ ਜੈਮਲ ਦੇ ਘਰ ਹੀ ਰੱਖਦਾ ਸੀ। ਕਿਸ਼ਨੇ ਦੇ ਗਲ ਖੂਨ ਪੈਣ ਦੀ ਖ਼ਬਰ ਨੇ ਜੈਮਲ ਨੂੰ ਸੁਚੇਤ ਕਰ ਦਿੱਤਾ। ਕਿਸ਼ਨਾ ਉਹਦੇ ਕੋਲ ਚਲਿਆ ਗਿਆ। ਉਹਨੇ ਜੈਮਲ ਨੂੰ ਆਖਿਆ, ''ਯਾਰਾ ਤੂੰ ਹੀ ਕੋਈ ਓਹੜ ਪੋਹੜ ਕਰ। ਪੁਲੀਸ ਨੂੰ ਕੁਝ ਦੇ ਦਿਵਾ ਕੇ ਮੇਰਾ ਨਾਂ ਖੂਨ ਦੇ ਕੇਸ 'ਚੋਂ ਕਢਵਾ।''

ਜੈਮਲ ਝੱਟ ਪੈਂਤਰਾ ਬਦਲ ਗਿਆ। ਉਹਦਾ ਮਨ ਬੇਈਮਾਨ ਹੋ ਗਿਆ। ਖੂਨ ਵਿਚ ਫਸਿਆ ਕਿਸ਼ਨਾ ਉਹਦਾ ਕੀ ਵਿਗਾੜ ਲਊਗਾ। ਉਹਨੇ ਸੋਚਿਆ ਤੇ ਕਿਸ਼ਨੇ ਨੂੰ ਕਿਹਾ, ''ਕਿਸ਼ਨਿਆ ਤੇਰਾ ਤਾਂ ਮੇਰੇ ਕੋਲ ਹੁਣ ਕੁਛ ਨੀ। ਤੂੰ ਸਾਰਾ ਸਾਮਾਨ ਵੰਡਾ ਕੇ ਲੈ ਗਿਆ ਸੀ।''

ਕਿਸ਼ਨੇ ਨੂੰ ਐਨੀ ਆਸ ਨਹੀਂ ਸੀ ਕਿ ਉਹਦਾ ਯਾਰ ਜੈਮਲ ਉਹਦੇ ਨਾਲ ਈ ਮਿੱਤਰ-ਮਾਰ ਕਰੇਗਾ। ਉਹ ਸਬਰ ਦਾ ਘੁੱਟ ਭਰ ਕੇ ਬਹਿ ਗਿਆ। ਉਹ ਉਥੋਂ ਚੁੱਪ-ਚੁਪੀਤਾ ਕਿਸੇ ਹੋਰ ਥਾਂ ਚਲਿਆ ਗਿਆ।

ਕੁਝ ਦਿਨਾਂ ਮਗਰੋਂ ਕਿਸ਼ਨਾ ਫੇਰ ਜੈਮਲ ਕੋਲ ਆਇਆ ਤੇ ਇਕ ਬਰਾਤ ਲੁੱਟਣ ਦੀ ਦੱਸ ਪਾਈ। ਬਰਾਤ ਲੁੱਟਣ ਦੇ ਲਾਲਚ ਵੱਸ ਜੈਮਲ ਕਿਸ਼ਨੇ ਨਾਲ ਜੰਗਲ ਵਿਚ ਚਲਿਆ ਗਿਆ। ਲੱਗੇ ਬਰਾਤ ਉਡੀਕਣ। ਬਰਾਤ ਕਿੱਥੋਂ ਆਉਣੀ ਸੀ। ਇਹ ਤਾਂ ਕਿਸ਼ਨੇ ਨੇ ਜੈਮਲ ਨੂੰ ਬਾਹਰ ਸੱਦਣ ਦਾ ਬਹਾਨਾ ਹੀ ਘੜਿਆ ਸੀ। ਕੁਝ ਸਮੇਂ ਬਾਅਦ ਕਿਸ਼ਨੇ ਨੇ ਜੈਮਲ ਨੂੰ ਲਲਕਾਰਿਆ, ''ਬੇਈਮਾਨਾ, ਭੱਜ ਲੈ ਜਿੱਥੇ ਭੱਜਣੈ। ਤੈਂ ਮੇਰੇ ਹਿੱਸੇ ਦਾ ਮਾਲ ਹੜੱਪ ਕੇ ਮੇਰੇ ਨਾਲ ਮਿੱਤਰ-ਮਾਰ ਕੀਤੀ ਐ।''

ਤੜਾਕ-ਤੜਾਕ ਗੋਲੀਆਂ ਚੱਲੀਆਂ ਤੇ ਜੈਮਲ ਧਰਤੀ 'ਤੇ ਚੁਫਾਲ ਢੇਰੀ ਹੋ ਗਿਆ। ਕਿਸ਼ਨੇ ਨੇ ਜੈਮਲ ਦੀ ਪਤਨੀ ਨੂੰ ਘਰੇ ਸੁਨੇਹਾ ਭੇਜ ਦਿੱਤਾ ਕਿ ਉਹ ਆਪਣੇ ਬੇਈਮਾਨ ਪਤੀ ਦੀ ਲਾਸ਼ ਚੁੱਕ ਲਜਾਵੇ।

ਜੈਮਲ ਡੋਗਰ ਹੋਰਾਂ ਦਾ ਲੰਗੋਟੀਆ ਯਾਰ ਸੀ। ਉਨ੍ਹਾਂ ਕੱਠਿਆਂ ਡਾਕੇ ਮਾਰੇ ਸਨ, ਬਰਾਤਾਂ ਲੁੱਟੀਆਂ ਸਨ। ਜੈਮਲ ਦਾ ਕਿਸ਼ਨੇ ਹੱਥੋਂ ਮਾਰਿਆ ਜਾਣਾ ਉਸ ਤੋਂ ਬਰਦਾਸ਼ਤ ਨਾ ਹੋਇਆ... । ਕਿਸ਼ਨੇ ਨੇ ਯਾਰ ਮਾਰ ਕਰਕੇ ਚੰਗਾ ਨੀ ਕੀਤਾ। .. ਪਾਪ ਕਮਾਇਐ... ਹੁਣ ਉਹਤੇ ਵਿਸਾਹ ਕਰਨਾ ਠੀਕ ਸੀ।'' ਡੋਗਰ ਨੇ ਕਸੀਸ ਵੱਟ ਲਈ ਅਤੇ ਕਿਸ਼ਨੇ ਨੂੰ ਪੁਲੀਸ ਨੂੰ ਫੜਾਉਣ ਦਾ ਆਪਣੇ ਮਨ ਨਾਲ ਫੈਸਲਾ ਕਰ ਲਿਆ।

ਡੋਗਰ ਨੇ ਕਿਸ਼ਨੇ ਨੂੰ ਬਚਾਓ ਕਰਨ ਦੇ ਪੰਜ ਸੁਨੇਹੇ ਭੇਜ ਕੇ ਡਸਕੇ ਸੱਦ ਲਿਆ। ਰਾਤ ਨੂੰ ਉਹਦੀ ਖੂਬ ਸੇਵਾ ਕੀਤੀ। ਨਸ਼ੇ ਵਿਚ ਚੂਰ ਹੋਇਆ ਕਿਸ਼ਨਾ ਬੇਸੁਰਤ ਹੋ ਕੇ ਮੰਜੇ 'ਤੇ ਸੌਂ ਗਿਆ। ਓਧਰ ਧੋਖੇਬਾਜ਼ ਡੋਗਰ ਨੇ ਘਰ ਨੂੰ ਬਾਹਰੋਂ ਜਿੰਦਰਾ ਮਾਰ ਕੇ ਬੁਢਲਾਡੇ ਦੇ ਥਾਣੇ ਜਾ ਖਬਰ ਦਿੱਤੀ... ਅਣਗਿਣਤ ਪੁਲੀਸ ਨੇ ਸੁੱਤੇ ਪਏ ਕਿਸ਼ਨੇ ਨੂੰ ਆਣ ਦਬੋਚਿਆ।

ਉਦੋਂ ਅੰਗਰੇਜ਼ਾਂ ਦਾ ਰਾਜ ਸੀ।

ਮੁਕੱਦਮਾ ਚੱਲਿਆ। ਮਲਕਾ ਨੇ ਕਿਸ਼ਨੇ ਨੂੰ ਉਮਰ ਕੈਦ ਦੀ ਸਜ਼ਾ ਦੇ ਕੇ ਕਾਲੇ ਪਾਣੀ ਭੇਜ ਦਿੱਤਾ।

ਡੋਗਰ ਨੇ ਧੋਖੇ ਨਾਲ ਮਿੱਤਰ-ਮਾਰ ਕਰਕੇ ਆਪਣੇ ਯਾਰ ਕਿਸ਼ਨੇ ਨੂੰ ਕਾਲੇ ਪਾਣੀ ਦੀ ਸਜ਼ਾ ਕਰਵਾ ਦਿੱਤੀ ਸੀ। ਕਿਸ਼ਨਾ ਕਾਲੇ ਪਾਣੀ ਸਜ਼ਾ ਭੁਗਤ ਰਿਹਾ ਡੋਗਰ ਦੇ ਸੀਰਮੇ ਪੀਣ ਲਈ ਕਚੀਚੀਆਂ ਵੱਟ ਰਿਹਾ ਸੀ ਤੇ ਬਦਲਾ ਲੈਣ ਲਈ ਉਹਨੇ ਆਪਣੇ ਭਰਾ ਜੀਊਣੇ ਨੂੰ ਸੁਨੇਹਾ ਭੇਜਿਆ ਸੀ।

ਆਪਣੇ ਵੱਡੇ ਭਰਾ ਕਿਸ਼ਨੇ ਦਾ ਸੁਨੇਹਾ ਸੁਣਦੇ ਸਾਰ ਹੀ ਜੀਊਣਾ ਝੰਜੋੜਿਆ ਗਿਆ। ਇਕ ਆਹ ਸੀਨਿਓਂ ਹੋ ਗਈ... ਓਪਰਾ ਬੰਦਾ ਜਲ ਪਾਣੀ ਛਕ ਕੇ ਆਪਣੇ ਰਾਹ ਪਿਆ ਤੇ ਜੀਊਣੇ ਦੇ ਚਿੱਤ ਨੂੰ ਚਿਤਮਣੀ ਲੱਗ ਗਈ। ਉਹ ਅਜੀਬ ਬੇਚੈਨੀ ਦਾ ਸ਼ਿਕਾਰ ਹੋ ਗਿਆ।

ਜੀਊਣੇ ਮੌੜ ਸੁਣੀ ਗੱਲ, ਲੱਗੀ ਕਾਲਜੇ ਨੂੰ ਸੱਲ,
ਅੱਜ-ਕੱਲ੍ਹ ਲਵਾਂ ਵੈਰ, ਐਨ ਫੇਰ ਖਾਵਾਂ ਰੱਜ ਕੇ।
ਏਹੋ ਆਉਂਦੀ ਦਲੇਰੀ, ਜੰਮਣਾ ਨਾ ਦੂਜੀ ਵੇਰੀ,
ਮੇਰੀ ਹੈ ਸਲਾਹ ਸਾਰਾਂ ਅਹਿਮਦ ਨੂੰ ਭੱਜ ਕੇ।
(ਭਗਵਾਨ ਸਿੰਘ)

ਇਕ ਜਵਾਲਾ ਜੀਊਣੇ ਦੇ ਸੀਨੇ 'ਚ ਮਘ ਰਹੀ ਸੀ। ਉਹਨੇ ਘਰੋਂ ਗੰਡਾਸੀ ਚੁੱਕੀ ਅਤੇ ਚੁੱਪ-ਚਾਪ ਆਪਣੇ ਖੇੜੇ ਨੂੰ ਸਿਰ ਨਿਵਾ ਕੇ ਜੰਗਲ ਵਲ ਨੂੰ ਤੁਰ ਪਿਆ। ਅਗਾਂਹ ਉਹਨੂੰ ਜੰਗਲ 'ਚ ਸ਼ਿਕਾਰ ਖੇਡਦਾ ਇਕ ਅੰਗਰੇਜ਼ ਟੱਕਰਿਆ ਜਿਸ ਪਾਸੋਂ ਉਸ ਨੇ ਝਪਟਾ ਮਾਰ ਕੇ ਉਹਦੀ ਰਫਲ ਖੋਹ ਲਈ ਤੇ ਅੰਗਰੇਜ਼ ਨੂੰ ਭਜਾ ਦਿੱਤਾ। ਅਗਾਂਹ ਉਹਨੂੰ ਇਕ ਡਾਕੂਆਂ ਦੀ ਟੋਲੀ ਟੱਕਰ ਗਈ। ਜਦੋਂ ਉਨ੍ਹਾਂ ਨੂੰ ਪਤਾ ਲੱਗਿਆ ਕਿ ਬਈ ਜੀਊਣਾ ਕਿਸ਼ਨੇ ਦਾ ਭਰਾ ਐ ਤਾਂ ਖੁਸ਼ੀ-ਖੁਸ਼ੀ ਉਨ੍ਹਾਂ ਉਹਨੂੰ ਆਪਣਾ ਭਾਈਵਾਲ ਬਣਾ ਲਿਆ।

ਜੀਊਣਾ ਡਾਕੇ ਮਾਰਨ ਲੱਗਾ। ਉਹਨੇ ਬੰਦਿਸ਼ ਇਹ ਲਾਈ ਕਿਸੇ ਦੀ ਨੂੰਹ-ਧੀ ਨੂੰ ਮੈਲੀ ਅੱਖ ਨਾਲ ਨਹੀਂ ਵੇਖਣਾ, ਨਾ ਹੀ ਮੌੜੀਂ ਜਾ ਕੇ ਡਾਕਾ ਮਾਰਨਾ ਹੈ। ਗ਼ਰੀਬ-ਗੁਰਬੇ ਦੀ ਮਦਦ ਕਰਨੀ ਐ...

ਆਏ ਦਿਨ ਜੀਊਣੇ ਮੌੜ ਦੀਆਂ ਲੁੱਟਾਂ-ਖੋਹਾਂ, ਮਾਰ-ਧਾੜ, ਬਰਾਤਾਂ ਡੱਕਣ, ਸੂਦ ਖੋਰਾਂ ਤੇ ਸੁਨਿਆਰਿਆਂ ਨੂੰ ਲੁੱਟਣ ਦੀਆਂ ਖਬਰਾਂ ਆਉਣ ਲੱਗੀਆਂ। ਪੁਲੀਸ ਉਹਦਾ ਪਿੱਛਾ ਕਰਦੀ। ਜੀਊਣਾ ਡਾਹ ਨਾ ਦਿੰਦਾ। ਪੁਲੀਸ ਨਮੋਸ਼ੀ ਦੀ ਮਾਰੀ ਪਈ ਸੀ। ਸਾਰੇ ਇਲਾਕੇ ਵਿਚ ਜੀਊਣੇ ਦੀ ਬੱਲੇ-ਬੱਲੇ ਸੀ। ਪੁਲੀਸ ਉਹਦੀ ਸੂਰਮਤਾਈ ਤੋਂ ਡਰਦੀ ਉਹਨੂੰ ਹੱਥ ਨਹੀਂ ਸੀ ਪਾਉਂਦੀ। ਉਸ ਨੂੰ ਫੜਨ ਲਈ ਉਹਦੇ ਸਿਰ ਦਾ ਇਨਾਮ ਸਰਕਾਰ ਨੇ ਐਲਾਨਿਆ ਹੋਇਆ ਸੀ। ਧੀ-ਭੈਣ ਦੀ ਇੱਜ਼ਤ ਦਾ ਸਾਂਝੀਵਾਲ ਹੋਣ ਕਰਕੇ ਤੇ ਗਊ-ਗ਼ਰੀਬ ਦਾ ਰੱਖਿਅਕ ਹੋਣ ਸਦਕਾ ਪਿੰਡਾਂ ਦੇ ਲੋਕ ਉਸ ਨੂੰ ਹੱਥੀਂ ਛਾਵਾਂ ਕਰਦੇ ਸਨ। ਪੁਲੀਸ ਆਈ ਤੇ ਉਹ ਕਿਸੇ ਦੇ ਵੀ ਘਰ ਲੁਕ ਸਕਦਾ ਸੀ।

ਕਈ ਦਿਲਚਸਪ ਤੇ ਅੱਲੋਕਾਰ ਘਟਨਾਵਾਂ ਤੇ ਕਹਾਣੀਆਂ ਉਸ ਦੇ ਨਾਂ ਨਾਲ ਜੁੜੀਆਂ ਹੋਈਆਂ ਹਨ।

ਉਹ ਆਪਣੀ ਮਾਰ-ਧਾੜ ਦਾ ਲੁੱਟਿਆ ਮਾਲ ਕੰਡਿਆਲ ਪਿੰਡ ਦੇ ਕਾਂਸ਼ੀ ਰਾਮ ਕੋਲ ਰੱਖਿਆ ਕਰਦਾ ਸੀ। ਇਕ ਦਿਨ ਕਾਂਸ਼ੀ ਦਾ ਦਿਲ ਬੇਈਮਾਨ ਹੋ ਗਿਆ। ਉਸ ਨੇ ਜੀਊਣੇ ਨੂੰ ਫੜਾ ਕੇ ਉਹਦਾ ਮਾਲ ਹੜੱਪਣ ਬਾਰੇ ਮਨ ਬਣਾ ਲਿਆ ਤੇ ਪੁਲੀਸ ਨੂੰ ਖਬਰ ਦੇ ਦਿੱਤੀ ਬਈ ਭਲਕੇ ਜੀਊਣੇ ਨੇ ਆਉਣੈ। ਪੁਲੀਸ ਆ ਗਈ। ਜੀਊਣਾ ਅਜੇ ਆਇਆ ਨਹੀਂ ਸੀ ਕਿ ਇਕ ਬੁੱਢੀ ਨੱਸੀ-ਨੱਸੀ ਗਈ ਤੇ ਪਿੰਡੋਂ ਬਾਹਰ ਹੀ ਜੀਊਣੇ ਨੂੰ ਕਾਂਸ਼ੀ ਦੀ ਕਰਤੂਤ ਬਾਰੇ ਦੱਸ ਦਿੱਤਾ। ਉਹ ਉਸੇ ਪਲ ਪਿਛਾਂਹ ਮੁੜ ਗਿਆ। ਜਦੋਂ ਪੁਲੀਸ ਚਲੀ ਗਈ ਜੀਊਣੇ ਨੇ ਆ ਕੇ ਕਾਂਸ਼ੀ ਰਾਮ ਦਾ ਖੂਬ ਵਢਾਂਗਾ ਕੀਤਾ। ਕਾਂਸ਼ੀ ਨੇ ਮਿੰਨਤਾਂ ਤਰਲੇ ਕਰਕੇ ਮਸੀਂ ਆਪਣੀ ਜਾਨ ਬਖਸ਼ਾਈ ਤੇ ਅਗਾਂਹ ਤੋਂ ਬੇਈਮਾਨੀ ਕਰਨ ਤੋਂ ਤੌਬਾ ਕੀਤੀ।

ਸਾਉਣ ਦਾ ਮਹੀਨਾ ਸੀ। ਲੌਂਗੋਵਾਲ ਪਿੰਡ ਦੇ ਗੋਰੇ ਤੀਆਂ ਪੈ ਰਹੀਆਂ ਸਨ... ਜੀਊਣੇ ਮੌੜ ਦੀ ਟੋਲੀ ਉੱਥੇ ਆ ਪੁੱਜੀ। ਜੀਊਣੇ ਨੇ ਜ਼ਮੀਨ 'ਤੇ ਚਾਦਰਾ ਵਿਛਾ ਕੇ ਆਖਿਆ, ''ਕੁੜੀਓ ਆਪਣੀਆਂ ਟੂੰਮਾਂ ਲਾਹ ਦੋ।'' ਡਰਦੀਆਂ ਮਾਰੀਆਂ ਕੁੜੀਆਂ ਬਹੂਆਂ ਆਪਣੀਆਂ ਟੂੰਮਾਂ ਲਾਹ-ਲਾਹ ਚਾਦਰੇ 'ਤੇ ਸੁੱਟੀ ਜਾਣ। ਉਹ ਚਾਦਰਾ ਵਲ੍ਹੇਟਣ ਹੀ ਲੱਗਾ ਸੀ ਕਿ ਇਕ ਕੁੜੀ ਹੌਸਲਾ ਕਰਕੇ ਬੋਲੀ, ''ਵੇ ਵੀਰਿਆ! ਮੇਰੇ ਤਾਂ ਸਹੁਰੇ ਬੜੇ ਅਵੈੜੇ ਐ ਉਹ ਤਾਂ ਮੇਰੇ ਹੱਡਾਂ 'ਚੋਂ ਟੂੰਮਾਂ ਕੱਢ ਲੈਣਗੇ। ਮੇਰੇ ਪਿਓ ਕੇ ਬੜੇ ਗਰੀਬ ਐ, ਉਨ੍ਹਾਂ ਮਸੀਂ ਮੇਰਾ ਵਿਆਹ ਕੀਤੈ ਜ਼ਮੀਨ ਧਰਕੇ। ਉਨ੍ਹਾਂ 'ਚ ਦੁਬਾਰਾ ਟੂੰਮਾਂ ਘੜਾਉਣ ਦੀ ਪਰੋਖੋ ਨੀ। ਵੇ ਵੀਰਾ ਮੈਂ ਤੇਰੀ ਭੈਣ ਵਰਗੀ ਆਂ।''

ਕੁੜੀ ਦਾ ਤਰਲਾ ਹੀ ਅਜਿਹਾ ਸੀ ਕਿ ਜੀਊਣੇ ਦਾ ਦਿਲ ਪਸੀਜ ਗਿਆ... ਉਹਨੇ ਝੱਟ ਚਾਦਰੇ ਦੀ ਗੰਢ ਖੋਲ੍ਹ ਦਿੱਤੀ ਤੇ ਆਖਿਆ, ''ਕੁੜੀਓ ਚੁੱਕ ਲੋ ਆਪੋ-ਆਪਣੀਆਂ ਟੂੰਮਾਂ।'' ਤੇ ਚਾਦਰਾ ਝਾੜ ਕੇ ਅਗਾਂਹ ਟੁਰ ਗਿਆ। ਇਸ ਘਟਨਾ ਤੋਂ ਮਗਰੋਂ ਉਹਨੇ ਆਪਣੇ ਸਾਥੀਆਂ ਨੂੰ ਤੀਆਂ ਲੁੱਟਣ ਤੋਂ ਸਦਾ ਲਈ ਵਰਜ ਦਿੱਤਾ।

ਇਕ ਦਿਨ ਰਾਹ ਜਾਂਦਿਆਂ ਜੀਊਣੇ ਨੂੰ ਭੁੱਖ ਲੱਗ ਗਈ, ਉਸ ਨੇ ਵੇਖਿਆ ਕਿ ਇਕ ਕੁੜੀ ਖੇਤ ਨੂੰ ਭੱਤਾ ਲਈ ਜਾਂਦੀ ਐ। ਉਹਨੇ ਕੁੜੀ ਕੋਲ ਆ ਕੇ ਆਖਿਆ, ''ਭੈਣੇ ਰੋਟੀ ਖੁਆਏਂਗੀ?''

''ਆਹੋ ਵੀਰ।'' ਆਖ ਕੁੜੀ ਨੇ ਆਪਣੇ ਸਿਰ ਤੋਂ ਛਿੱਕੂ ਲਾਹ ਕੇ ਲੱਸੀ ਦੀ ਝੱਕਰੀ ਧਰਤੀ 'ਤੇ ਰੱਖੀ ਤੇ ਪੋਣੇ 'ਚੋਂ ਦੋ ਮਿੱਸੀਆਂ ਰੋਟੀਆਂ ਕੱਢ ਕੇ ਉੱਤੇ ਅੰਬ ਦੇ ਆਚਾਰ ਦੀ ਫਾੜੀ ਤੇ ਗੰਢਾ ਰੱਖ ਕੇ ਉਹਦੇ ਹੱਥ ਫੜਾ ਦਿੱਤੀਆ।

ਜੀਊਣੇ ਨੇ ਰੋਟੀ ਖਾ ਕੇ ਕੁੜੀ ਦੇ ਹੱਥ 25 ਰੁਪਏ ਰੱਖ ਕੇ ਉਹਦਾ ਸਿਰ ਪਲੋਸਿਆ ਤੇ ਅਗਾਂਹ ਟੁਰ ਗਿਆ।

ਜੀਊਣੇ ਮੌੜ ਦੇ ਸਖੀਪਣੇ ਅਤੇ ਸੂਰਮਤਾਈ ਦੀਆਂ ਕਈ ਹੋਰ ਵੀ ਕਹਾਣੀਆਂ ਹਨ।

ਇਕ ਵਾਰ ਉਨ੍ਹਾਂ ਨੇ ਇਕ ਝੜੀ ਵਿਚ ਇਕ ਬਰਾਤ ਰੋਕ ਲਈ ਤੇ ਬਹੂ ਦੇ ਸਾਰੇ ਗਹਿਣੇ ਲੁਹਾ ਕੇ ਜਾਂਜੀਆਂ ਦੇ ਖੀਸੇ ਵੀ ਖਾਲੀ ਕਰਵਾ ਲਏ। ਉਹਦੇ ਨੱਕ ਦੇ ਨਿਸ਼ਾਨ ਤੋਂ ਜੱਟ ਨੇ ਪਛਾਣ ਲਿਆ ਬਈ ਇਹ ਤਾਂ ਜੀਊਣਾ ਮੌੜ ਐ। ਉਹਨੇ ਜੀਊਣੇ ਅੱਗੇ ਹੱਥ ਜੋੜ ਕੇ ਆਖਿਆ:

''ਭੋਇੰ ਧਰਕੇ ਇਕ ਮੁੰਡਾ ਵਿਆਹਿਆ,
ਬਹੂ ਨੂੰ ਟੂੰਮ ਛੱਲਾ ਮੰਗ ਕੇ ਪਾਇਆ,
ਵਾਸਤਾ ਈ ਰੱਬ ਦਾ ਤੂੰ ਸਾਡਾ ਜੱਟ ਭਾਈ,
ਲੁੱਟ ਸ਼ਾਹੂਕਾਰਾਂ ਨੂੰ ਜਿਨ੍ਹਾਂ ਲੁੱਟ ਮਚਾਈ।
(ਭਗਵਾਨ ਸਿੰਘ)

ਜੀਊਣੇ ਨੇ ਸਾਰਾ ਟੂੰਮ-ਛੱਲਾ ਮੋੜ ਕੇ ਪੱਲਿਓਂ ਹੋਰ ਹਜ਼ਾਰ ਰੁਪਿਆ ਪਾ ਕੇ ਬਰਾਤ ਅਗਾਂਹ ਤੋਰ ਦਿੱਤੀ।

ਜੀਊਣੇ ਮੌੜ ਦੀ ਸਾਰੇ ਇਲਾਕੇ ਵਿਚ ਦਹਿਸ਼ਤ ਹੀ ਐਨੀ ਸੀ ਕਿ ਕਈ ਬਦਮਾਸ਼ ਆਪਣੇ ਆਪ ਨੂੰ ਜੀਊਣਾ ਮੌੜ ਦੱਸ ਕੇ ਲੁੱਟ-ਮਾਰ ਕਰਨ ਲੱਗ ਪਏ ਸਨ। ਇਕ ਵਾਰ ਇਕ ਬ੍ਰਾਹਮਣ ਆਪਣੀ ਧੀ ਨੂੰ ਉਹਦੇ ਸਹੁਰੀਂ ਛੱਡਣ ਜਾ ਰਿਹਾ ਸੀ। ਰਾਹ ਜੰਗਲ 'ਚੋਂ ਹੋ ਕੇ ਜਾਂਦਾ ਸੀ। ਜਦੋਂ ਉਹ ਜੰਗਲ 'ਚ ਵੜੇ ਅੱਗੋਂ ਬਦਮਾਸ਼ਾਂ ਦੀ ਟੋਲੀ ਨੇ ਉਨ੍ਹਾਂ ਨੂੰ ਘੇਰ ਲਿਆ। ਬ੍ਰਾਹਮਣ ਥਰ-ਥਰ ਕੰਬ ਰਿਹਾ ਸੀ ਤੇ ਕੁੜੀ ਦੀਆਂ ਲੇਰਾਂ ਨਿਕਲ ਰਹੀਆਂ ਸਨ। ਅਚਾਨਕ ਜੀਊਣਾ ਮੌੜ ਉਧਰੋਂ ਆ ਨਿਕਲਿਆ। ਉਸ ਨੇ ਆਉਂਦੇ ਸਾਰ ਹੀ ਬਦਮਾਸ਼ਾਂ ਨੂੰ ਲਲਕਾਰਾ ਮਾਰਿਆ।

''ਤੂੰ ਕੌਣ ਹੁਨੈਂ ਸਾਨੂੰ ਰੋਕਣ ਵਾਲਾ?'' ਇਕ ਮਾੜਚੂ ਜਿਹਾ ਬਦਮਾਸ਼ ਬੋਲਿਆ।

''ਮੈਂ ਆਂ..., ਥੋਡਾ... ਜੀਊਣਾ ਮੌੜ।''

ਜੀਊਣਾ ਮੌੜ ਦਾ ਨਾਂ ਸੁਣਦੇ ਸਾਰ ਹੀ ਬਰਸਾਤੀ ਬਦਮਾਸ਼ਾਂ ਦੇ ਹੋਸ਼ ਉਡ ਗਏ। ਜੀਊਣੇ ਨੇ ਜੁੱਤੀਆਂ ਮਾਰ-ਮਾਰ ਉਨ੍ਹਾਂ ਨੂੰ ਭਜਾ ਦਿੱਤਾ ਤੇ ਮਗਰੋਂ ਆਪ ਜਾ ਕੇ ਬ੍ਰਾਹਮਣ ਤੇ ਉਹਦੀ ਧੀ ਨੂੰ ਉਹਦੇ ਘਰ ਛੱਡ ਕੇ ਆਇਆ।

ਕਹਿੰਦੇ ਨੇ ਸੰਗਰੂਰ ਕੋਲ ਇਕ ਪਿੰਡ ਗੋਡੀ ਕਰਦੇ ਇਕ ਗ਼ਰੀਬ ਜ਼ਿਮੀਂਦਾਰ ਕੋਲ ਉਹਦੀ ਮੁਟਿਆਰ ਧੀ ਰੋਟੀ ਲੈ ਕੇ ਆਈ। ਦੇਨੇਤ ਨਾਲ ਘੁੰਮਦਾ-ਘੁੰਮਾਉਂਦਾ ਜੀਊਣਾ ਮੌੜ ਵੀ ਉਥੇ ਆ ਗਿਆ। ਵਿਆਹੁਣਯੋਗ ਕੁੜੀ ਵੱਲ ਵੇਖ ਕੇ ਜੀਊਣੇ ਨੇ ਜ਼ਿਮੀਂਦਾਰ ਨੂੰ ਪੁੱਛਿਆ, ''ਸਰਦਾਰਾ ਧੀ ਕਿਧਰੇ ਮੰਗੀ ਵਿਆਹੀ ਵੀ ਹੋਈ ਐ?''

ਜ਼ਿਮੀਂਦਾਰ ਨੇ ਮਸੋਸਿਆ ਜਿਹਾ ਮੂੰਹ ਕਰਕੇ ਕਿਹਾ, ''ਜੀਊਣ ਸਿਆਂ, ਅਸੀਂ ਧੀ ਵਿਆਉਣ ਜੋਗੇ ਕਿੱਥੇ ਆਂ, ਮਸੀਂ ਗੁਜ਼ਾਰਾ ਤੁਰਦੈ - ਸਾਰੀ ਪੈਲੀ ਮਾਰੂ ਐ।'' ਜੀਊਣੇ ਮੌੜ ਨੇ ਉਸੇ ਵੇਲੇ ਆਪਣੇ ਲੱਕ ਨਾਲੋਂ ਖੋਲ੍ਹ ਕੇ ਸੌ-ਸੌ ਦੀਆਂ ਪੰਜ ਵਾਸਣੀਆਂ ਜ਼ਿਮੀਂਦਾਰ ਦੇ ਹਵਾਲੇ ਕਰਕੇ ਆਖਿਆ, ''ਕਰ ਧੀ ਦਾ ਨਾਤਾ ਗੱਜ ਵੱਜ ਕੇ... ਦੇਖੀਂ ਕਿਤੇ ਕਿਸੇ ਹੋਰ ਪਾਸੇ ਵਰਤ ਲਏਂ।''

ਅੱਜ ਦੇ ਸਮੇਂ ਇਹ ਹਜ਼ਾਰਾਂ ਰੁਪਏ ਦੀ ਰਾਸ਼ੀ ਸੀ। ਜੱਟ ਜੀਊਣੇ ਮੌੜ ਦੀ ਸਖਾਵਤ ਦੇ ਵਾਰੇ ਵਾਰੇ ਜਾ ਰਿਹਾ ਸੀ।

ਹੋਰ ਵੀ ਅਨੇਕਾਂ ਕਿੱਸੇ ਜੀਊਣੇ ਮੌੜ ਦੇ ਨਾਂ ਨਾਲ ਜੁੜੇ ਹੋਏ ਹਨ। ਉਸ ਦੀ ਬਹਾਦਰ, ਸੂਰਮਗਤੀ, ਦਰਿਆਦਿਲੀ ਅਤੇ ਸਖਾਵਤ ਦਾ ਜ਼ਿਕਰ ਲੋਕ ਕਵੀਆਂ ਨੇ ਆਪਣੀਆਂ ਕਾਵਿ ਰਚਨਾਵਾਂ ਵਿਚ ਕੀਤਾ ਹੈ:-

ਜੀਊਣਾ ਮੌੜ ਸਾਧ, ਗਊ-ਗ਼ਰੀਬ ਦੀ ਕਰੇ ਸੇਵਾ,
ਖੱਬੀਖਾਨਾਂ ਦੀ ਅਲਖ ਮੁਕਾਉਂਦਾ ਜੀ।
ਜੇਹੜੇ ਬਾਦਸ਼ਾਹ ਦੇ ਘਰ ਕਰੇ ਚੋਰੀ,
ਪਰਚਾ ਛਾਪ ਕੇ ਪਹਿਲਾਂ ਲਗਾਉਂਦਾ ਜੀ।
ਸ਼ੀਹਣੀ ਮਾਂ ਨੇ ਜੰਮਿਆ ਸ਼ੇਰ ਜੀਊਣਾ,
ਨਹੀਂ ਲੁਕ ਕੇ ਵਕਤ ਲੰਘਾਉਂਦਾ ਜੀ।
(ਭਗਵਾਨ ਸਿੰਘ)

ਜਿਸ ਮਕਸਦ ਲਈ ਜੀਊਣਾ ਡਾਕੂ ਬਣਿਆ ਸੀ, ਉਹ ਅਜੇ ਪੂਰਾ ਨਹੀਂ ਸੀ ਹੋਇਆ। ਡੋਗਰ ਨੂੰ ਮਾਰ ਕੇ ਆਪਣੇ ਭਰਾ ਦਾ ਬਦਲਾ ਲੈਣ ਦਾ ਨਿਸ਼ਾਨਾ ਉਹਦੇ ਸਾਹਮਣੇ ਸੀ। ਨਿਸ਼ਾਨਾ ਪੂਰਾ ਹੋਣ 'ਤੇ ਹੀ ਉਹਦੇ ਕਾਲਜੇ ਠੰਢ ਪੈਣੀ ਸੀ।

ਇਕ ਦਿਨ ਘੋੜੇ 'ਤੇ ਸਵਾਰ ਹੋ ਕੇ ਜੀਊਣਾ ਮੌੜ ਅਹਿਮਦ ਡੋਗਰ ਦੇ ਪਿੰਡ ਡਸਕੇ ਜਾ ਪੁੱਜਾ। ਉਹਨੇ ਇਕ ਪਾਲੀ ਹੱਥ ਡੋਗਰ ਨੂੰ ਸੁਨੇਹਾ ਭੇਜਿਆ, ''ਤੇਰਾ ਜਮਾਈ ਆਪਣੇ ਭਰਾ ਕਿਸ਼ਨੇ ਦਾ ਬਦਲਾ ਲੈਣ ਆਇਐ... ਤੈਂ ਮੇਰੇ ਭਾਈ ਨੂੰ ਧੋਖੇ ਨਾਲ ਫੜਾਇਆ ਸੀ... ਜੇ ਤੂੰ ਅਸਲੀ ਬਾਪ ਦਾ ਤੁਖਮ ਐਂ ਤਾਂ ਸਾਹਮਣੇ ਆ ਜਾ। ਪਾਜੀਆ ਫੇਰ ਨਾ ਆਖੀਂ।''

ਜੀਊਣੇ ਮੌੜ ਦਾ ਸੁਨੇਹਾ ਸੁਣਦੇ ਸਾਰ ਹੀ ਡੋਗਰ ਦੀਆਂ ਅੱਖਾਂ ਵਿਚ ਲਾਲ ਸੂਹੇ ਡੋਰੇ ਡਲ੍ਹਕ ਪਏ। ਉਹਨੇ ਕਾਰਤੂਸਾਂ ਦੀ ਪੇਟੀ ਆਪਣੇ ਮੋਢੇ ਨਾਲ ਲਮਕਾਈ ਤੇ ਹੱਥ 'ਚ ਰਫਲ ਫੜ ਕੇ ਘੋੜੇ 'ਤੇ ਸਵਾਰ ਹੁੰਦਾ ਬੋਲਿਆ, ''ਜਦੋਂ ਗਿੱਦੜ ਦੀ ਮੌਤ ਆਉਂਦੀ ਐ ਉਹ ਨਿਆਈਆਂ ਵੱਲ ਨੂੰ ਭੱਜਦੈ। ਅੱਜ ਵੱਡਾ ਸੂਰਮਾ ਜੀਊਣਾ ਮੇਰੇ ਕੋਲੋਂ ਬੱਚ ਕੇ ਨ੍ਹੀਂ ਜਾ ਸਕਦਾ।''

ਡੋਗਰ ਦੀ ਘਰਵਾਲੀ ਨੇ ਉਹਨੂੰ ਰੋਕਿਆ ਵੀ ਪਰ ਡੋਗਰ ਦੇ ਸਿਰ ਖੂਨ ਸਵਾਰ ਹੋਇਆ ਸੀ। ਉਹ ਪਿੰਡੋਂ ਬਾਹਰ ਮੈਦਾਨ ਵਿਚ ਜਾ ਪੁੱਜਾ ਜਿਥੇ ਖੜ੍ਹਾ ਜੀਊਣਾ ਮੌੜ ਖੋਰੂ ਪਾ ਰਿਹਾ ਸੀ।

ਜੀਊਣੇ ਨੇ ਡੋਗਰ ਨੂੰ ਲਲਕਾਰਿਆ, ''ਡੋਗਰਾ ਮੈਂ ਤੇਰੇ ਅਰਗਾ ਪਾਜੀ ਨੀ। ਸੂਰਮਾ ਕਿਸੇ ਨੂੰ ਧੋਖੇ ਨਾਲ ਨੀ ਮਾਰਦਾ। ਪਹਿਲਾ ਵਾਰ ਤੇਰੈ।''

ਡੋਗਰ ਨੇ ਪਹਿਲਾ ਫਾਇਰ ਕੀਤਾ। ਜੀਊਣੇ ਦੀ ਘੋੜੀ ਧਰਤੀ 'ਤੇ ਲਿਫ ਗਈ, ਗੋਲੀ ਉਪਰੋਂ ਲੰਘ ਗਈ। ਦੂਜਾ ਫਾਇਰ ਵੀ ਫੋਕਾ ਹੀ ਗਿਆ। ਜੀਊਣੇ ਮੌੜ ਨੇ ਅਜਿਹੀ ਸਿਸਤ ਬੰਨ੍ਹੀ ਕਿ ਪਹਿਲੇ ਫਾਇਰ ਨਾਲ ਹੀ ਡੋਗਰ ਨੂੰ ਪਾਰ ਬੁਲਾ ਦਿੱਤਾ।

ਡੋਗਰ ਦੀ ਲਾਸ਼ ਧਰਤੀ 'ਤੇ ਪਈ ਤੜਪ ਰਹੀ ਸੀ। ਡੋਗਰ ਦੇ ਘਰ ਹਾਹਾਕਾਰ ਮੱਚ ਗਈ।

ਕਿਸੇ ਮੌੜੀਂ ਜਾ ਦੱਸਿਆ, ''ਜੀਊਣੇ ਨੇ ਡੋਗਰ ਨੂੰ ਮਾਰ ਕੇ ਆਪਣੇ ਭਰਾ ਦਾ ਬਦਲਾ ਲੈ ਲਿਐ।''

ਸਾਰਾ ਪਿੰਡ ਉਸ ਦੇ ਬਲਿਹਾਰੇ ਜਾ ਰਿਹਾ ਸੀ।

ਡੋਗਰ ਦੇ ਮਾਰਨ ਦੀ ਖਬਰ ਸਾਰੇ ਇਲਾਕੇ ਵਿੱਚ ਅੱਗ ਵਾਂਗ ਫੈਲ ਗਈ। ਘਰ ਘਰ ਜੀਊਣੇ ਮੌੜ ਦੀਆਂ ਗੱਲਾਂ ਹੋ ਰਹੀਆਂ ਸਨ...। ਹਰ ਕੋਈ ਉਸ ਅਣਖੀ ਸੂਰਮੇ ਦੀਆਂ ਬਾਤਾਂ ਪਾ ਰਿਹਾ ਸੀ।

ਘਰ-ਘਰ ਪੁੱਤਰ ਜੰਮਦੇ,
ਜੀਊਣਾ ਮੌੜ ਨੀ ਕਿਸੇ ਬਣ ਜਾਣਾ।

ਬੁਢਲਾਡੇ ਦੀ ਪੁਲੀਸ ਨੇ ਜੀਊਣੇ ਮੌੜ ਨੂੰ ਫੜਨ ਦੀ ਸਿਰਤੋੜ ਕੋਸ਼ਿਸ਼ ਕੀਤੀ ਪਰ ਉਹ ਹੱਥ ਆਉਣ ਵਾਲਾ ਕਿੱਥੇ ਸੀ। ਪੁਲੀਸ ਤਾਂ ਉਸ ਪਾਸੋਂ ਥਰ-ਥਰ ਕੰਬਦੀ ਸੀ। ਉਹਦੇ ਸਾਹਮਣੇ ਹੋਣ ਦਾ ਹੌਸਲਾ ਨਹੀਂ ਸੀ ਕਰਦੀ। ਪੂਰੀ ਸ਼ਾਨ ਨਾਲ ਜੀਊਣਾ ਆਪਣੇ ਇਲਾਕੇ ਵਿਚ ਵਿਚਰ ਰਿਹਾ ਸੀ।

ਜੀਊਣਾ ਅਲਬੇਲੇ ਸੁਭਾਅ ਦਾ ਮਾਲਕ ਸੀ, ਅੱਲੋਕਾਰ ਗੱਲਾਂ ਕਰਨ ਵਾਲਾ। ਇਕ ਵਾਰ ਉਸ ਨੂੰ ਕੀ ਸੁੱਝੀ ਉਹਨੇ ਨਾਭੇ ਦੇ ਰਾਜੇ ਹੀਰਾ ਸਿੰਘ ਦੇ ਤਬੇਲੇ 'ਚੋਂ ਜਾ ਕੇ ਘੋੜੀ ਖੋਲ੍ਹ ਲਈ। ਉਸ ਨੇ ਸੰਤਰੀ ਨੂੰ ਆਖਿਆ, ''ਕਹਿ ਦੀਂ ਆਪਣੇ ਰਾਜੇ ਨੂੰ ਜੀਊਣਾ ਮੌੜ ਲੈ ਗਿਆ ਤੇਰੀ ਘੋੜੀ।''

ਲੋਕੀਂ ਵਾਰੇ-ਵਾਰੇ ਜਾ ਰਹੇ ਸਨ ਜੀਊਣੇ ਮੌੜ ਦੇ ਜਿਸ ਨੇ ਰਾਜੇ ਦੀ ਘੋੜੀ ਖੋਲ੍ਹ ਲਈ ਸੀ। ਰਾਜੇ ਨੇ ਆਪਣੀ ਪੁਲੀਸ ਉਹਦੇ ਮਗਰ ਲਾ ਦਿੱਤੀ। ਆਖਰ ਸੁੱਤਾ ਪਿਆ ਜੀਊਣਾ ਮੌੜ ਫੜਿਆ ਗਿਆ। ਉਸ ਨੂੰ ਨਾਭਾ ਜੇਲ੍ਹ ਵਿਚ ਡੱਕ ਦਿੱਤਾ ਗਿਆ। ਪਰ ਉਹ ਅਗਲੀ ਰਾਤ ਹੀ ਜੇਲ੍ਹ ਭੰਨ ਕੇ ਭੱਜ ਆਇਆ।

ਜੀਊਣਾ ਮੌੜ ਨੈਣਾ ਦੇਵੀ ਦਾ ਸ਼ਰਧਾਲੂ ਸੀ। ਉਸ ਨੂੰ ਵਿਸ਼ਵਾਸ ਸੀ ਕਿ ਉਹ ਉਸ ਦੀ ਹਰ ਪਲ ਰੱਖਿਆ ਕਰਦੀ ਹੈ। ਉਹਨੇ ਨੈਣਾ ਦੇਣੀ ਦੇ ਮੰਦਰ 'ਤੇ ਜਾ ਕੇ ਸੋਨੇ ਦਾ ਛਤਰ ਚੜ੍ਹਾਉਣ ਦਾ ਐਲਾਨ ਕਰ ਦਿੱਤਾ:

ਉਸ ਨੇ ਖ਼ਬਰਾਂ ਭੇਜੀਆਂ ਸਾਰੇ ਰਾਜਿਆਂ ਨੂੰ,
ਨੈਣਾ ਦੇਵੀ ਦੇ ਮੰਦਰ 'ਤੇ ਜਾਊਂਗਾ ਮੈਂ।
ਜੀਹਦੇ ਆਸਰੇ ਫ਼ੌਜਾਂ ਦੇ ਨੱਕ ਮੋੜੇ,
ਛਤਰ ਸੋਨੇ ਦਾ ਚਾੜ੍ਹ ਕੇ ਆਊਂਗਾ ਮੈਂ।
ਜ਼ੋਰ ਲਾ ਕੇ ਆ ਜਿਓ ਫੜਨ ਮੈਨੂੰ,
ਨਹੀਂ ਮਰਨ ਤੋਂ ਮੁੱਖ ਭਵਾਉਂਗਾ ਮੈਂ। (ਭਗਵਾਨ ਸਿੰਘ)

ਨੈਣਾ ਦੇਵੀ ਦੇ ਦਰਸ਼ਨਾਂ ਨੂੰ ਜਾਂਦਿਆਂ ਜੀਊਣੇ ਮੌੜ ਨੇ ਪਟਿਆਲਾ ਸ਼ਹਿਰ ਵਿਚ ਜਾ ਕੇ ਪੁਲੀਸ ਦੇ ਹੌਲਦਾਰ ਦੀ ਵਰਦੀ ਪਾ ਕੇ ਕਿਲਾ ਮੁਬਾਰਕ ਦੀ ਕੰਧ 'ਤੇ ਲਿਖ ਕੇ ਕਾਗਜ਼ ਲਾ ਦਿੱਤਾ, 'ਜੀਊਣਾ ਮੌੜ ਅਦਾਲਤ ਬਾਜ਼ਾਰ ਵਿਚ ਫਿਰਦੈ, ਫੜ ਲਓ ਆਥਣੇ ਸੱਤ ਵਜੇ ਉਹ ਨੈਣਾ ਦੇਵੀ ਨੂੰ ਜਾਣ ਲਈ ਗੱਡੀ ਚੜੂਗਾ।'

ਥਾਂ-ਥਾਂ ਪੁਲੀਸ ਟੱਕਰਾਂ ਮਾਰਦੀ ਰਹੀ ਪਰ ਜਿਊਣਾ ਮੌੜ ਸਾਧੂ ਦਾ ਭੇਸ ਧਾਰ ਕੇ ਨੈਣਾ ਦੇਵੀ ਲਈ ਰੇਲ ਗੱਡੀ 'ਤੇ ਸਵਾਰ ਹੋ ਗਿਆ। ਰੇਲ ਦੇ 'ਕੱਲੇ-'ਕੱਲੇ ਡੱਬੇ ਵਿਚ ਭਾਲ ਕੀਤੀ ਗਈ ਪਰ ਸਾਧ ਬਣਿਆ ਜੀਊਣਾ ਮੌੜ ਕਿਸੇ ਤੋਂ ਪਛਾਣ ਨਾ ਹੋਇਆ।

ਇਸੇ ਭੇਸ ਵਿਚ ਨੈਣਾ ਦੇਵੀ ਦੇ ਮੰਦਰ ਪੁੱਜ ਗਿਆ। ਪੁਲੀਸ ਭੇਸ ਬਦਲ ਕੇ ਮੰਦਰ ਦੇ ਅੰਦਰ-ਬਾਹਰ ਚੌਕਸ ਖੜੋਤੀ ਹੋਈ ਸੀ। ਜੀਊਣੇ ਮੌੜ ਨੇ ਸਾਧੂ ਦੇ ਭੇਸ ਵਿਚ ਨੈਣਾ ਦੇਵੀ ਦੇ ਖੁੱਲ੍ਹੇ ਦੀਦਾਰ ਕੀਤੇ ਅਤੇ ਸ਼ਰਧਾ ਠਾਠ ਨਾਲ ਸੋਨੇ ਦਾ ਛਤਰ ਦੇਵੀ ਦੀ ਮੂਰਤੀ 'ਤੇ ਚੜ੍ਹਾ ਦਿੱਤਾ। ਜੀਊਣੇ ਮੌੜ ਨੇ ਛਤਰ ਚੜ੍ਹਾਇਆ ਹੀ ਸੀ ਕਿ ਇਕ ਸਿਪਾਹੀ ਨੇ ਉਹਦੇ ਨੱਕ ਦੇ ਨਿਸ਼ਾਨ ਤੋਂ ਉਸ ਨੂੰ ਪਛਾਣ ਲਿਆ। ਪੁਲੀਸ ਨੇ ਘੇਰਾ ਤੰਗ ਕਰਕੇ ਉਸ ਨੂੰ ਘੇਰ ਲਿਆ। ਨਿਹੱਥਾ ਹਥਿਆਰਬੰਦ ਪੁਲੀਸ ਦਾ ਮੁਕਾਬਲਾ ਉਹ ਕਦੋਂ ਤਕ ਕਰਦਾ। ਅਖੀਰ ਜੀਊਣਾ ਮੌੜ ਪੁਲੀਸ ਦੇ ਕਾਬੂ ਆ ਗਿਆ। ਬੇਵੱਸ ਸ਼ੇਰ ਦਹਾੜਦਾ ਰਿਹਾ।

ਜੀਊਣੇ ਮੌੜ ਨੂੰ ਫਿਰੋਜ਼ਪੁਰ ਦੀ ਜੇਲ੍ਹ ਵਿਚ ਡੱਕ ਦਿੱਤਾ ਗਿਆ। ਮੁਕੱਦਮਾ ਚੱਲਿਆ। ਵਲਾਇਤ ਦੀ ਮਲਕਾ ਨੇ ਉਸ ਨੂੰ ਫਾਂਸੀ ਦੀ ਸਜ਼ਾ ਸੁਣਾ ਦਿੱਤੀ। ਪੰਜਾਬ ਦਾ ਇਕ ਸੂਰਬੀਰ ਅਣਖੀਲਾ ਯੋਧਾ ਅਣਖ ਅਤੇ ਗ਼ੈਰਤ ਲਈ ਆਪਣੀ ਜ਼ਿੰਦੜੀ ਘੋਲ ਘੁਮਾ ਗਿਆ। ਉਹ ਹੱਸਦਿਆਂ-ਹੱਸਦਿਆਂ ਫਾਂਸੀ ਦੇ ਤਖ਼ਤੇ 'ਤੇ ਝੂਲ ਗਿਆ। ਪੰਜਾਬ ਦੇ ਲੋਕ ਕਵੀਆਂ ਨੇ ਉਹਦੀ ਜੀਵਨ ਕਹਾਣੀ ਨੂੰ ਆਪਣੇ ਸ਼ਬਦਾਂ ਦੀਆਂ ਲੜੀਆਂ 'ਚ ਪਰੋਇਆ ਹੈ ਤੇ ਪੰਜਾਬ ਦਾ ਲੋਕ ਮਾਣਸ ਉਸ ਦੀਆਂ ਪਾਈਆਂ ਪੈੜਾਂ ਨੂੰ ਬਾਰਮ-ਬਾਰ ਪ੍ਰਣਾਮ ਕਰਦਾ ਹੈ।

(ਸੁਖਦੇਵ ਮਾਦਪੁਰੀ)

# ਸੱਤਾ, ਸੇਵਾ, ਸਿਆਸਤ ਤੇ ਸਮਾਜ



ਚੋਣਾਂ ਦੇ ਮੌਸਮ ਵਿੱਚ ਸਾਧਾਰਨ ਬੰਦੇ ਨੂੰ ਦੋ ਗੱਲਾਂ ਦਾ ਖ਼ਿਆਲ ਰੱਖਣਾ ਬੜਾ ਜ਼ਰੂਰੀ ਹੈ। ਪਹਿਲੀ ਗੱਲ; ਚੋਰਾਂ, ਲੁਟੇਰਿਆਂ, ਗੈਂਗਸਟਰਾਂ ਜਾਂ ਕਾਤਲਾਂ ਨੂੰ ਕੁਝ ਵੀ ਆਖਣ ਤੋਂ ਬਚਣਾ ਚਾਹੀਦਾ ਹੈ, ਪਤਾ ਨਹੀਂ ਕਦ, ਕੋਈ ਕਿਸੇ ਸਰਕਾਰ ਵਿੱਚ ਆ ਜਾਏ।

ਦੂਸਰੀ ਗੱਲ; ਪਤਾ ਨਹੀਂ ਕਦ ਅਜਿਹੇ ਹਾਲਾਤ ਬਣ ਜਾਣ, ਗਧੇ ਨੂੰ ਬਾਪ ਤੇ ਬਾਪ ਨੂੰ ਗਧਾ ਕਹਿਣ ਲਈ ਮਜਬੂਰ ਹੋਣਾ ਪਵੇ। ਇੱਕ ਤੀਜੀ ਗੱਲ ਵੀ ਹੈ, ਪਰ ਥੋੜ੍ਹੀ ਘ੍ਰਿਣਤ ਹੈ। ਸਿਆਣੇ ਆਖਦੇ ਹਨ 'ਥੁੱਕ ਕੇ ਚੱਟਣਾ ਬੜਾ ਔਖਾ ਹੈ' ਪਰ ਸਿਆਸਤ ਵਿੱਚ ਇਹ ਆਮ ਗੱਲ ਹੈ ਤੇ ਇਸ ਦਾ ਰੁਝਾਨ ਵੀ ਖ਼ਾਸਾ ਹੈ। ਜੇ ਕਿਸੇ ਪਾਰਟੀ ਵਿੱਚ ਦਾਦੇ ਨੇ ਸੱਤਾ ਦਾ ਸੁਖ ਮਾਣਿਆ ਹੈ, ਬਾਪ ਨੇ ਵੀ ਸੱਤਾ ਦਾ ਸੁਖ ਮਾਣਿਆ ਹੈ। ਪਰ ਨਾ ਲੋਕਾਂ ਦਾ ਕੁਝ ਸੁਆਰਿਆ, ਨਾ ਸੂਬੇ ਦਾ, ਨਾ ਦੇਸ਼ ਦਾ। ਅਗਲੀ ਪੀੜ੍ਹੀ ਲੋਕਾਂ ਦੇ ਮੂੰਹੋਂ ਲੱਥ ਗਈ। ਉਸ ਨੂੰ ਆਪਣਾ ਭਵਿੱਖ ਡਾਵਾਂਡੋਲ ਦਿਸਦਾ ਹੈ ਤਾਂ ਉਹ ਝੱਟ ਰਾਜ ਕਰਦੀ ਪਾਰਟੀ ਦਾ ਪਟਾ ਗਲ਼ 'ਚ ਪੁਆ ਕੇ ਉਸ ਪਾਰਟੀ ਦਾ ਖ਼ੈਰ-ਖੁਆਹ ਬਣ ਜਾਂਦਾ ਹੈ, ਜਿਸ ਪਾਰਟੀ ਨੂੰ ਉਸ ਦੇ ਬਾਪ ਦਾਦੇ ਨੇ ਸਾਰੀ ਉਮਰ ਭੰਡਿਆ ਹੁੰਦਾ ਹੈ।

ਮੈਨੂੰ ਪ੍ਰੋ. ਕੌਤਕੀ ਦੀ ਟਿੱਪਣੀ ਸਦਾ ਯਾਦ ਰਹਿੰਦੀ ਹੈ:

ਆਮ ਆਦਮੀ, ਕਿਰਤੀ ਲੋਕਾਂ ਜਾਂ ਮਿਹਨਤੀ ਲੋਕਾਂ ਨੂੰ ਇੱਕ ਗੱਲ ਪੱਲੇ ਬੰਨ੍ਹ ਲੈਣੀ ਚਾਹੀਦੀ ਹੈ ਕਿ ਸੱਤਾ ਦਾ ਸੁਖ ਮਾਣਦੀ ਧਿਰ ਉਨ੍ਹਾਂ ਦੀ ਰਾਖੀ ਕਦੇ ਨਹੀਂ ਕਰੇਗੀ, ਜਿਹੜੇ ਉਸ ਦੇ ਖ਼ਿਲਾਫ਼ ਆਵਾਜ਼ ਬੁਲੰਦ ਕਰਦੇ ਹਨ। ਰਾਜ ਕਰਦੀ ਧਿਰ ਨੂੰ ਵਹਿਮ ਹੁੰਦਾ ਹੈ ਕਿ ਉਹ ਉਨ੍ਹਾਂ ਨੂੰ ਰੋਟੀ ਦਿੰਦੀ ਹੈ, ਉਨ੍ਹਾਂ ਨੂੰ ਸੁਰੱਖਿਆ ਦਿੰਦੀ ਹੈ, ਉਨ੍ਹਾਂ ਨੂੰ ਛੱਤ ਦਿੰਦੀ ਹੈ, ਉਨ੍ਹਾਂ ਦੀ ਦੇਖ-ਭਾਲ ਕਰਦੀ ਹੈ ਤੇ ਜੇ ਤੁਸੀਂ ਉਸ ਦੇ ਕਹਿਣੇ 'ਚ ਨਹੀਂ, ਜੇ ਤੁਸੀਂ ਉਸ ਦੀ ਹਾਂ ਵਿੱਚ ਹਾਂ ਨਹੀਂ ਮਿਲਾਉਂਦੇ, ਉਲਟਾ ਉਸ ਦੀ ਨਿੰਦਾ ਕਰਦੇ ਹੋ ਤਾਂ ਉਸ ਕੋਲ ਬਹੁਤ ਹਥਿਆਰ ਹਨ। ਉਹ ਤੁਹਾਨੂੰ ਕਿਸੇ ਵੀ ਫਰਜ਼ੀ ਕੇਸ ਵਿੱਚ ਉਲਝਾ ਦੇਵੇਗੀ। ਥਾਣਿਆਂ, ਕਚਹਿਰੀਆਂ, ਸੀਬੀਆਈ ਦੇ ਦਫ਼ਤਰਾਂ ਵਿੱਚ ਚੱਕਰ ਲਗਵਾਏਗੀ, ਜੇਲ੍ਹ ਵਿੱਚ ਤੁੰਨ ਦੇਵੇਗੀ, ਉਦੋਂ ਤਕ ਫਸਾਈ ਰੱਖੇਗੀ ਜਦੋਂ ਤੱਕ ਤੁਹਾਡਾ ਮਨੋਬਲ ਟੁੱਟ ਨਹੀਂ ਜਾਂਦਾ ਤੇ ਤੁਸੀਂ ਆਤਮ-ਸਮਰਪਣ ਨਹੀਂ ਕਰ ਦਿੰਦੇ। ਉਹ ਤੁਹਾਨੂੰ ਚੁੱਪ ਰਹਿ ਕੇ ਸਭ ਕੁਝ ਦੇਖਣ, ਸਹਿਣ ਕਰਨ ਤੇ ਸਿਰ ਝੁਕਾ ਕੇ ਚੱਲਣ ਦਾ ਮੁਆਵਜ਼ਾ ਦਿੰਦੀ ਹੈ। ਉਹ ਤੁਹਾਡੀਆਂ ਬਾਗ਼ੀ ਸੁਰਾਂ ਨੂੰ ਖੁੰਢਾ ਕਰਨ ਲਈ ਤੁਹਾਨੂੰ ਅਹੁਦੇ, ਰੁਤਬੇ ਤੇ ਹੋਰ ਇਨਾਮ ਸਨਮਾਨਾਂ ਨਾਲ ਨਿਵਾਜ ਸਕਦੀ ਹੈ। ਤੁਹਾਡੀ ਚੁੱਪ ਲਈ ਜਾਂ ਚੁੱਪ ਕਰਵਾਉਣ ਲਈ ਅਜਿਹਾ ਬੜਾ ਕੁਝ ਸੱਤਾ ਕੋਲ ਰਾਖਵਾਂ ਹੁੰਦਾ ਹੈ।

ਪ੍ਰੋ. ਕੌਤਕੀ ਦੀਆਂ ਇਹ ਗੱਲਾਂ ਡਰਾਉਣ ਵਾਲੀਆਂ ਹਨ, ਪਰ ਕੁਝ ਕੁਝ ਖ਼ਤਰਨਾਕ ਵੀ ਹਨ। ਹੋ ਸਕਦਾ ਹੈ, ਕੌਤਕੀ ਦੀਆਂ ਗੱਲਾਂ ਨਾਲ ਸਾਰੇ ਸਹਿਮਤ ਨਾ ਹੋਣ ਜਾਂ ਉਹ ਕੁਝ ਵਧਾ ਚੜ੍ਹਾ ਕੇ ਗੱਲਾਂ ਕਰਦਾ ਹੋਵੇ।

ਉਂਜ ਦੇਖਿਆ ਜਾਵੇ ਤਾਂ ਸਾਡੀ ਸੰਸਕ੍ਰਿਤੀ, ਸਾਡੀ ਪਰੰਪਰਾ, ਸਾਡੀ ਧਰੋਹਰ, ਸਾਡੀਆਂ ਆਸਥਾਵਾਂ ਤੇ ਸਾਡੇ ਵਿਸ਼ਵਾਸ ਵੀ ਕਮਾਲ ਦੇ ਹਨ। ਅਸੀਂ ਮਿੱਟੀ ਦੇ ਬਣਾਏ ਪੁਤਲਿਆਂ ਨੂੰ ਹਾਰ ਸ਼ਿੰਗਾਰ ਕੇ, ਸੋਹਣੇ ਸੋਹਣੇ ਵਸਤਰ ਪਹਿਨਾ ਕੇ ਪੂਜਦੇ ਹਾਂ, ਪਰ ਜ਼ਿੰਦਾ ਇਨਸਾਨਾਂ ਦੀ ਬੇਇੱਜ਼ਤੀ ਕਰਦੇ ਹਾਂ। ਨਗਨ ਕਰਕੇ ਸ਼ਰ੍ਹੇਆਮ ਘੁੰਮਾਉਂਦੇ ਹਾਂ। ਰਾਜਨੀਤੀ ਵਿੱਚ ਜਿਸ ਕੋਲ ਤਾਕਤ ਹੈ ਜਾਂ ਸੱਤਾ ਹੁੰਦੀ ਹੈ, ਉਹ ਆਪਣੇ ਆਪ ਨੂੰ ਦਾਤਾ ਸਮਝਣ ਲੱਗਦਾ ਹੈ। ਸਿਆਣੇ ਆਖਦੇ ਨੇ ਜਿਸ ਕੋਲ ਵੰਞ ਹੈ, ਉਹ ਵਰਿਆਮ ਹੈ।

ਗੁਲਜ਼ਾਰ ਦਾ ਇੱਕ ਸ਼ਿਅਰ ਹੈ:

ਜ਼ਰਾ ਯੇਹ ਧੂਪ ਢਲ ਜਾਏ ਤੋ ਪੂਛੇਂਗੇ
ਯਹਾਂ ਕੁਛ ਸਾਏ ਖ਼ੁਦ ਕੋ ਖ਼ੁਦਾ ਬਤਾਤੇ ਹੈਂ।

ਜਿਸ ਜ਼ੁਲਮ ਬਾਰੇ, ਧੱਕੇ ਬਾਰੇ ਲੋਕ ਨਹੀਂ ਬੋਲਦੇ ਤਾਂ ਸਮਝਣਾ ਚਾਹੀਦਾ ਹੈ, ਉਹ ਇਸ ਧੱਕੇਸ਼ਾਹੀ ਵਿੱਚ ਸ਼ਾਮਲ ਨੇ, ਇਸ ਨਾਲ ਸਹਿਮਤ ਨੇ। ਬਹੁਤ ਵਾਰ ਇਹ ਮਹਿਸੂਸ ਹੁੰਦਾ ਹੈ, ਅਸੀਂ ਕਿਹੋ ਜਿਹੇ ਸਮਾਜ ਵਿੱਚ ਰਹਿ ਰਹੇ ਹਾਂ? ਕੀ ਸੱਚਮੁੱਚ ਅਸੀਂ ਏਨੇ ਡਰੇ ਹੋਏ ਹਾਂ? ਜਾਂ ਸਾਨੂੰ ਡਰਾ ਹੀ ਏਨਾ ਲਿਆ ਗਿਆ ਹੈ, ਜੇ ਬੋਲਾਂਗੇ ਪਤਾ ਨਹੀਂ ਕੀ ਹੋ ਜਾਏਗਾ? ਅਜਿਹੇ ਹੀ ਇੱਕ ਡਰੇ ਹੋਏ ਬੰਦੇ ਨੇ ਦੱਸਿਆ:

- ਉਨ੍ਹਾਂ ਕੋਲ ਬੜਾ ਕੁਝ ਹੁੰਦਾ ਐ ਜੀ?
- ਕਿਨ੍ਹਾਂ ਕੋਲ? ਪੁੱਛਣ ਵਾਲਾ ਹੈਰਾਨ ਹੁੰਦਾ ਹੈ।
- ਸੱਤਾ ਧਿਰ ਕੋਲ ਜਾਂ ਸੱਤਾਧਾਰੀਆਂ ਕੋਲ, ਹਕੂਮਤ ਕੋਲ।
- ਕੀ ਹੁੰਦਾ ਐ ਹਕੂਮਤ ਕੋਲ?
- ਭਾਸ਼ਣ ਹੁੰਦੇ ਨੇ, ਭਾਸ਼ਣਾਂ ਨਾਲ ਗੱਲ ਨਾ ਬਣੇ ਤਾਂ ਮੀਡੀਆ ਹੁੰਦਾ ਹੈ। ਗਾਇਕਾਂ ਨੂੰ, ਲੇਖਕਾਂ ਨੂੰ ਆਪਣਾ ਏਜੰਡਾ ਦੇ ਦਿੰਦੇ ਨੇ। ਜੇ ਫਿਰ ਵੀ ਗੱਲ ਨਾ ਬਣੇ ਤਾਂ ਇੱਕ ਇਹੋ ਜਿਹੀ ਭੀੜ ਪੈਦਾ ਕੀਤੀ ਜਾਂਦੀ ਹੈ ਤੇ ਉਹ ਸੱਤਾ ਦਾ ਏਜੰਡਾ ਲਾਗੂ ਕਰਵਾਉਂਦੀ ਹੈ। ਜਾਗਦੇ ਸਿਰਾਂ ਵਿੱਚ ਇਹੋ ਜਿਹੀ ਦਹਿਸ਼ਤ ਭਰ ਦਿੱਤੀ ਜਾਂਦੀ ਹੈ ਕਿ ਉਹ ਉੱਠਦੇ, ਬੈਠਦੇ, ਖਾਂਦੇ, ਪੀਂਦੇ, ਸੌਂਦੇ, ਹਰ ਸਮੇਂ ਇੱਕ ਸਹਿਮ ਹੇਠ ਜਿਊਣ। ਹਰ ਵੇਲੇ ਇਹੀ ਡਰ ਰਹੇ ਕਿ ਪਤਾ ਨਹੀਂ ਕਦ ਕੀ ਹੋ ਜਾਵੇ। ਹਕੂਮਤ ਹਮੇਸ਼ਾ ਇਹੀ ਚਾਹੁੰਦੀ ਹੈ, ਆਮ ਜਨਤਾ ਡਰ ਕੇ ਰਹੇ। ਉਸ ਦੀ ਹਰ ਗੱਲ, ਹਰ ਕਾਨੂੰਨ ਬਿਨਾਂ ਕਿਸੇ ਵਿਰੋਧ ਦੇ ਸਵੀਕਾਰ ਕਰੇ ਨਹੀਂ ਤਾਂ ਦੇਸ਼ ਧ੍ਰੋਹੀ ਜਾਂ ਰਾਸ਼ਟਰ ਵਿਰੋਧੀ ਸਮਝਿਆ ਜਾਵੇਗਾ।

ਦੇਸ਼ ਨੂੰ ਆਜ਼ਾਦ ਹੋਇਆਂ 80 ਵਰ੍ਹੇ ਹੋਣ ਵਾਲੇ ਹਨ। 2047 ਵਿੱਚ ਪੂਰੇ ਸੌ ਸਾਲ ਹੋ ਜਾਣਗੇ, ਪਰ ਸਮਾਜਿਕ ਤਾਣਾ ਬਾਣਾ ਜਿੱਥੇ ਸੀ, ਅਜੇ ਵੀ ਉੱਥੇ ਹੀ ਹੈ। ਜੇ ਕਿਸੇ ਦਲਿਤ ਨੇ ਮੁੱਛਾਂ ਰੱਖ ਲਈਆਂ ਤਾਂ ਸਵਰਨ ਜਾਤੀ ਵਾਲਿਆਂ ਇਸ ਨੂੰ ਆਪਣੀ ਤੌਹੀਨ ਮੰਨਿਆ। ਜੇ ਦਲਿਤ ਲਾੜਾ ਘੋੜੀ ਚੜ੍ਹਿਆ ਤਾਂ ਵੀ ਸਵਰਨਾਂ ਨੂੰ ਉਹ ਸਹਿਣਯੋਗ ਨਹੀਂ। ਬਾਰਾਤ ਰੋਕ ਲਈ ਜਾਂਦੀ ਹੈ, ਲਾੜੇ ਦੀ ਬੇਇੱਜ਼ਤੀ ਕੀਤੀ ਜਾਂਦੀ ਹੈ। ਜਾਤੀ ਮਹੱਤਵਪੂਰਨ ਹੈ ਜਾਂ ਆਦਮੀ ਮਹੱਤਵਪੂਰਨ ਹੈ? ਇਹ ਸਵਾਲ ਹਰ ਜਾਗਰੂਕ ਮਨੁੱਖ ਨੂੰ ਪਰੇਸ਼ਾਨ ਕਰਦਾ ਹੈ।

ਇਹ 'ਫਲਾਨੀ' ਜਾਤੀ ਹੈ, ਉਹ 'ਧਿਮਕੀ' ਜਾਤੀ ਦਾ ਹੈ, ਇਹ 'ਆਹ' ਹੈ, ਉਹ 'ਉਹ' ਹੈ। ਇਹ ਵੰਡ ਰਾਜ ਕਰਦੀ ਧਿਰ ਨੂੰ ਰਾਸ ਆਉਂਦੀ ਹੈ। ਇਨ੍ਹਾਂ ਨੂੰ ਆਪਸ ਵਿੱਚ ਲੜਾ ਕੇ ਅਸਲ ਮੁੱਦਿਆਂ ਤੋਂ ਭਟਕਾਇਆ ਜਾ ਸਕਦਾ ਹੈ। ਪ੍ਰੋ. ਕੌਤਕੀ ਸਮਾਜ ਨੂੰ ਆਪਣੇ ਢੰਗ ਨਾਲ ਵੰਡਦਾ ਹੈ:

ਇਹ ਬਹੁਤ ਅਮੀਰ ਹੈ, ਇਹ ਅਮੀਰ ਹੈ, ਇਹ ਦਰਮਿਆਨਾ ਅਮੀਰ ਹੈ, ਇਹ ਛੋਟਾ ਅਮੀਰ ਹੈ।
ਇਹ ਗ਼ਰੀਬ ਹੈ, ਇਹ ਦਰਮਿਆਨਾ ਗ਼ਰੀਬ ਹੈ, ਇਹ ਬਹੁਤ ਗ਼ਰੀਬ ਹੈ, ਇਹ ਅਤਿ ਗ਼ਰੀਬ ਹੈ।

ਪ੍ਰਚਾਰਿਆ ਕੁਝ ਹੋਰ ਜਾ ਰਿਹਾ ਹੈ, ਮਾਹੌਲ ਕੁਝ ਹੋਰ ਤਰ੍ਹਾਂ ਦਾ ਪੈਦਾ ਕੀਤਾ ਜਾ ਰਿਹਾ ਹੈ। ...ਘਰ ਨਹੀਂ ਹੈ, ਫ਼ਿਕਰ ਨਾ ਕਰੋ। ਘਰ ਦੀ ਛੱਤ ਨਹੀਂ ਹੈ, ਚਿੰਤਾ ਨਾ ਕਰੋ। ਘਰ 'ਚ ਰਾਸ਼ਨ ਨਹੀਂ ਹੈ, ਲੱਕੜੀ ਨਹੀਂ ਹੈ, ਘਰ 'ਚ ਕੋਈ ਬਿਮਾਰ ਹੈ, ਇਲਾਜ ਕਰਵਾਉਣ ਲਈ ਪੈਸੇ ਨਹੀਂ, ਗਰਭਵਤੀ ਗ਼ਰੀਬ ਮਹਿਲਾ ਲਈ ਹਸਪਤਾਲ ਵਿੱਚ ਕੋਈ ਬੈੱਡ ਨਹੀਂ। ਹਸਪਤਾਲ ਦੇ ਬਾਹਰ ਬੱਚਾ ਜਨਮ ਲੈਂਦਾ ਹੈ, ਇਹ ਗੱਲਾਂ ਬਹੁਤੀਆਂ ਖ਼ਾਸ ਨਹੀਂ ਹਨ। ਮਾਣ ਕਰੋ, ਅਸੀਂ ਲਗਾਤਾਰ ਵਿਕਾਸ ਕਰ ਰਹੇ ਹਾਂ, ਤਰੱਕੀ ਕਰ ਰਹੇ ਹਾਂ, ਵਿਸ਼ਵ ਵਿੱਚ ਸਾਡਾ ਰੁਤਬਾ ਬਹੁਤ ਉੱਚਾ ਹੋ ਰਿਹਾ ਹੈ।

ਇੱਕ ਸਾਧਾਰਨ ਚੋਰ ਵੱਧ ਤੋਂ ਵੱਧ ਤੁਹਾਡੀ ਘੜੀ, ਮੋਬਾਈਲ, ਸਾਈਕਲ, ਮੋਟਰਸਾਈਕਲ, ਪਰਸ ਜਾਂ ਕੱਪੜੇ ਚੁਰਾ ਕੇ ਲੈ ਜਾਏਗਾ, ਪਰ ਰਾਜਨੀਤਕ ਚੋਰ ਤੁਹਾਡੀ ਸਿੱਖਿਆ, ਤੁਹਾਡੀ ਸਿਹਤ, ਤੁਹਾਡਾ ਰੁਜ਼ਗਾਰ, ਤੁਹਾਡੇ ਸੁਪਨੇ, ਤੁਹਾਡਾ ਭਵਿੱਖ ਚੁਰਾ ਲੈਂਦਾ ਹੈ। ਅੱਜ ਹਾਲਾਤ ਇਹ ਬਣੇ ਹੋਏ ਨੇ, ਜੋ ਨਾ ਲੜੇ, ਨਾ ਮਰੇ, ਨਾ ਅੜੇ ਉਹ ਮਹਾਨ ਨੇ ਤੇ ਸਭ ਤੋਂ ਵੱਡੇ ਰਾਸ਼ਟਰਵਾਦੀ ਨੇ। ਉਹੀ ਗੱਲ, ਜਿਸ ਕੋਲ ਵੰਞ, ਉਹ ਵਰਿਆਮ।

ਉਸਤਾਦ ਦਾਮਨ ਨਾਲ ਸਬੰਧਿਤ ਇੱਕ ਵਾਕਿਆ ਯਾਦ ਆ ਗਿਆ:

ਉਸਤਾਦ ਦਾਮਨ ਸਥਾਪਤੀ ਦਾ ਵੈਰੀ ਸੀ, ਉਸ ਨੂੰ ਸਬਕ ਸਿਖਾਉਣ ਲਈ ਹਕੂਮਤ ਨੇ ਉਸ ਉੱਪਰ ਦੋ ਪਿਸਤੌਲ ਤੇ ਇੱਕ ਦਸਤੀ ਬੰਬ ਰੱਖਣ ਦਾ ਝੂਠਾ ਮੁਕੱਦਮਾ ਚਲਾਇਆ। ਅਦਾਲਤ ਵਿੱਚ ਦਾਮਨ ਨੇ ਕਿਹਾ:

''ਮੇਰੇ ਹੁਜਰੇ (ਕਮਰੇ) ਦਾ ਜੇ ਬੂਹਾ ਨਾ ਹੁੰਦਾ ਤਾਂ ਮੇਰੇ ਅੰਦਰੋਂ ਟੈਂਕ ਨਿਕਲਣੇ ਸਨ ਤੇ ਜੇ ਮੇਰੇ ਹੁਜਰੇ ਦੀ ਛੱਤ ਨਾ ਹੁੰਦੀ ਤਾਂ ਹੈਲੀਕਾਪਟਰ ਨਿਕਲਣੇ ਸਨ।''

ਇੱਕ ਪ੍ਰਵਚਨ ਵਿੱਚ ਮਹਾਤਮਾ ਬੁੱਧ ਕਹਿੰਦੇ ਹਨ:

''ਮੈਂ ਸਮਝ ਲਿਆ ਹੈ, ਇਨ੍ਹਾਂ ਰਾਜ ਭਵਨਾਂ ਵਿੱਚ ਰਹਿਣ ਵਾਲੇ ਪਰਜੀਵੀ ਵਿਹਲੜ ਹੁੰਦੇ ਹਨ। ਆਪ ਆਪਣੀ ਜੀਵਕਾ ਲਈ ਕੁਝ ਨਹੀਂ ਕਰਦੇ। ਜੋ ਵਿਚਾਰੇ ਖੇਤੀਹਾਰ ਹਨ, ਦਿਨ ਰਾਤ ਮਿਹਨਤ ਕਰਦੇ ਹਨ, ਅੰਨ ਉਗਾਉਂਦੇ ਹਨ ਅਤੇ ਲੋਕਾਂ ਲਈ ਹਰ ਪਦਾਰਥ ਪੈਦਾ ਕਰਦੇ ਹਨ। ਉਨ੍ਹਾਂ ਕੋਲੋਂ ਭਾਂਤ ਭਾਂਤ ਦੇ ਢੰਗਾਂ ਨਾਲ ਖੋਹ ਕੇ ਇਹ ਵਿਹਲੜ ਪਰਜੀਵੀ ਆਨੰਦ ਮਾਣਦੇ ਹਨ ...।''

ਕਿਹਾ ਇਹੀ ਜਾਂਦਾ ਹੈ, ਅਸੀਂ ਨਿਰੰਤਰ ਵਿਕਾਸ ਦੀ ਰਾਹ 'ਤੇ ਹਾਂ, ਪਰ ਲਗਦਾ ਹੈ, ਅਸੀਂ ਅਜੇ ਵੀ 'ਬੁੱਧ-ਕਾਲ' ਵਿੱਚ ਜੀਅ ਰਹੇ ਹਾਂ। ਬੁੱਧ ਦੀਆਂ ਗੱਲਾਂ ਉਦੋਂ ਵੀ ਸੱਚ ਸਨ, ਅੱਜ ਵੀ ਸੱਚ ਹਨ।

# ਹਵਾਰਾ ਦੀ ਪੈਰੋਲ 'ਤੇ ਪੰਜਾਬ ਸਰਕਾਰ ਦੇ ਬਦਲੇ ਰੁਖ਼ ਨੇ ਖੜ੍ਹੇ ਕੀਤੇ ਸਵਾਲ

## ਪਿੰਡ ਵਾਸੀ ਕਹਿੰਦੇ—ਮਾਂ-ਪੁੱਤ ਦੀ ਮੁਲਾਕਾਤ ਹੋਣੀ ਚਾਹੀਦੀ





'ਪੰਜਾਬ ਸਰਕਾਰ ਨੇ ਪਹਿਲਾਂ ਤਾਂ ਹਵਾਰਾ ਦੀ ਪੈਰੋਲ ਦਾ ਵਿਰੋਧ ਕੀਤਾ, ਹੁਣ ਚੋਣਾਂ ਤੋਂ ਠੀਕ ਪਹਿਲਾਂ ਨਰਮੀ ਕਿਉਂ' – ਜਗਤਾਰ ਹਵਾਰਾ ਦੇ ਪਿੰਡ ਵਾਸੀ ਕੀ ਸੋਚ ਰਹੇ-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦੇ ਕਤਲ ਕੇਸ ਵਿੱਚ ਉਮਰ ਕੈਦ ਦੀ ਸਜ਼ਾ ਭੁਗਤ ਰਹੇ ਜਗਤਾਰ ਸਿੰਘ ਹਵਾਰਾ ਨੂੰ 10 ਦਿਨਾਂ ਦੀ ਪੈਰੋਲ ਦੇਣ ਦੀ ਮੰਗ ਕਰਨ ਲਈ, ਪੰਜਾਬ ਦੇ ਰਾਜਪਾਲ ਨਾਲ ਮੁਲਾਕਾਤ ਕੀਤੀ।

ਮੁੱਖ ਮੰਤਰੀ ਮੁਤਾਬਕ ਇਹ ਮੰਗ ਜਗਤਾਰ ਸਿੰਘ ਹਵਾਰਾ ਦੀ ਬਿਮਾਰ ਮਾਤਾ ਦੀ ਸਿਹਤ ਦੇ ਮੱਦੇਨਜ਼ਰ ਮਨੁੱਖੀ ਆਧਾਰ 'ਤੇ ਕੀਤੀ ਗਈ ਹੈ।

ਬੁੱਧਵਾਰ (12 ਅਗਸਤ 2026) ਨੂੰ ਮੁੱਖ ਮੰਤਰੀ ਭਗਵੰਤ ਮਾਨ ਨੇ ਇਸੇ ਸਿਲਸਿਲੇ ਵਿੱਚ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਵੀ ਕੀਤੀ। ਰਾਜਪਾਲ ਨਾਲ ਮੁਲਾਕਾਤ ਕਰਨ ਮਗਰੋਂ ਮੁੱਖ ਮੰਤਰੀ ਭਗਵੰਤ ਮਾਨ ਨੇ ਮੀਡੀਆ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਇਹ ਯਕੀਨ ਦਿਵਾਉਂਦੀ ਹੈ ਕਿ ਜਗਤਾਰ ਹਵਾਰਾ ਦੇ ਪੈਰੋਲ 'ਤੇ ਆਉਣ ਨਾਲ ਕਾਨੂੰਨ-ਵਿਵਸਥਾ ਕੋਈ ਪ੍ਰੇਸ਼ਾਨੀ ਨਹੀਂ ਹੋਵੇਗੀ।

ਸੀਐੱਮ ਮਾਨ ਨੇ ਕਿਹਾ, "ਮੈਨੂੰ ਪਤਾ ਲੱਗਿਆ ਹੈ ਕਿ ਜਗਤਾਰ ਹਵਾਰਾ ਦੇ ਮਾਤਾ ਨੀਮ ਬੇਹੋਸ਼ੀ ਦੀ ਹਾਲਤ 'ਚ ਹਨ, ਜਦੋਂ ਉਹ ਜਗਤਾਰ ਸਿੰਘ ਹਵਾਰਾ ਦਾ ਨਾਮ ਸੁਣਦੇ ਹਨ ਤਾਂ ਥੋੜ੍ਹੀ ਹਰਕਤ ਦਿਖਾਉਂਦੇ ਹਨ।"

"ਮੈਂ ਅੱਜ ਰਾਜਪਾਲ ਸਾਹਿਬ ਨੂੰ ਕਿਹਾ ਕਿ ਪੰਜਾਬ ਸਰਕਾਰ ਇਸ ਗੱਲ ਦੀ ਗਰੰਟੀ ਲੈਂਦੀ ਹੈ ਕਿ ਕੋਈ ਲਾਅ ਐਂਡ ਆਰਡਰ ਦੀ ਸਥਿਤੀ ਪੈਦਾ ਨਹੀਂ ਹੋਣ ਦੇਵਾਂਗੇ, ਕੋਈ ਉੱਥੇ ਹੁੱਲੜਬਾਜ਼ੀ ਜਾਂ ਹੱਲਾ-ਗੁੱਲਾ ਜਾਂ ਕੋਈ ਜ਼ਿੰਦਾਬਾਦ-ਮੁਰਦਾਬਾਦ ਨਹੀਂ ਹੋਣ ਦੇਵਾਂਗੇ।"

ਮੁੱਖ ਮੰਤਰੀ ਨੇ ਦੱਸਿਆ, "ਰਾਜਪਾਲ ਸਾਹਿਬ ਨੇ ਮੈਨੂੰ ਹੌਸਲਾ ਦਿੱਤਾ ਕਿ ਉਹ ਅੱਜ ਕੇਂਦਰੀ ਹੋਮ ਸੈਕਟਰੀ ਨਾਲ ਗੱਲ ਕਰ ਕੇ ਜੋ ਵੀ ਰਸਮੀ ਕਾਰਵਾਈਆਂ ਹਨ, ਉਹ ਪੂਰੀਆਂ ਕਰ ਦੇਣਗੇ।"

ਸੀਐੱਮ ਮਾਨ ਨੇ ਅੱਗੇ ਕਿਹਾ ਕਿ ਉਨ੍ਹਾਂ ਨੂੰ ਉਮੀਦ ਹੈ ਕਿ ਬੜੀ ਜਲਦੀ ਭਾਈ ਜਗਤਾਰ ਸਿੰਘ ਜੀ ਹਵਾਰਾ ਆਪਣੀ ਮਾਂ ਦੇ ਸਰਾਣੇ ਬੈਠੇ ਹੋਣਗੇ। – ਕਿਸ ਹਾਲ ਵਿੱਚ ਹਨ ਜਗਤਾਰ ਸਿੰਘ ਹਵਾਰਾ ਦੇ ਮਾਤਾ ਜਗਤਾਰ ਸਿੰਘ ਹਵਾਰਾ ਦੀ ਮਾਤਾ ਨਰਿੰਦਰ ਕੌਰ ਫਤਹਿਗੜ੍ਹ ਸਾਹਿਬ ਦੇ ਪਿੰਡ ਹਵਾਰਾ ਕਲਾਂ ਵਿੱਚ ਜਗਤਾਰ ਹਵਾਰਾ ਦੇ ਜੱਦੀ ਘਰ ਵਿੱਚ ਹੀ ਮੌਜੂਦ ਹਨ।

ਕੌਮੀ ਇਨਸਾਫ਼ ਮੋਰਚੇ ਦੇ ਕਨਵੀਨਰ ਪਾਲ ਸਿੰਘ ਫਰਾਂਸ ਮੁਤਾਬਕ ਉਨ੍ਹਾਂ ਦੀ ਉਮਰ 83 ਸਾਲ ਹੈ। ਉਹ ਪਿਛਲੇ ਕਈ ਮਹੀਨਿਆਂ ਤੋਂ ਬੈੱਡ 'ਤੇ ਹੀ ਹਨ। ਉਨ੍ਹਾਂ ਦੀ ਦੇਖਭਾਲ ਲਈ ਨਰਸਾਂ ਰੱਖੀਆਂ ਗਈਆਂ ਹਨ।

ਜਗਤਾਰ ਸਿੰਘ ਹਵਾਰਾ ਦੀ ਮਾਤਾ ਦੀ ਦੇਖਭਾਲ ਕਰਦੇ ਨਰਸ ਅੰਜੂ ਦੱਸਦੇ ਹਨ, "ਜਦੋਂ ਮੈਂ ਇੱਥੇ ਆਈ ਸੀ ਤਾਂ ਮੈਨੂੰ ਦੱਸਿਆ ਗਿਆ ਸੀ ਕਿ ਉਹ ਡਿਮੈਂਸ਼ੀਆ ਤੋਂ ਪੀੜਤ ਹਨ। ਉਹ ਬੋਲਣ ਦੇ ਯੋਗ ਨਹੀਂ ਹਨ। ਉਨ੍ਹਾਂ ਦਾ ਬੀਪੀ, ਤਾਪਮਾਨ ਹਰ ਸਮੇਂ ਚੈੱਕ ਕਰਨਾ ਪੈਂਦਾ ਹੈ।"

"ਮੂੰਹ ਵਿੱਚ ਚਮਚੇ ਨਾਲ ਪਾਣੀ ਪਿਲਾਇਆ ਜਾਂ ਕੁਝ ਖਵਾਇਆ ਜਾਂਦਾ ਹੈ। ਉਨ੍ਹਾਂ ਦਾ ਸਰੀਰ ਆਪਣੇ ਆਪ ਕੋਈ ਹਰਕਤ ਨਹੀਂ ਕਰਦਾ। ਪਰ ਬੀਤੀ ਰਾਤ ਉਨ੍ਹਾਂ ਨੇ ਹੱਥ ਦਾ ਇਸ਼ਾਰਾ ਕੀਤਾ ਸੀ। ਕੁਝ ਦਿਨ ਪਹਿਲਾਂ ਉਹ ਰੋਏ ਵੀ ਸਨ। ਮੈਂ ਸਾਰਾ ਦਿਨ ਉਨ੍ਹਾਂ ਦੀ ਦੇਖਭਾਲ ਵਿੱਚ ਹੀ ਲੱਗੀ ਰਹਿੰਦੀ ਹਾਂ।"

ਜਗਤਾਰ ਸਿੰਘ ਹਵਾਰਾ ਦੀ ਮਾਤਾ ਦੀ ਦੇਖਭਾਲ ਕੌਮੀ ਇਨਸਾਫ਼ ਮੋਰਚੇ ਦੇ ਆਗੂ ਅਤੇ ਜਗਤਾਰ ਸਿੰਘ ਹਵਾਰਾ ਦੇ ਭਰਾ (ਇਸ ਸਮੇਂ ਵਿਦੇਸ਼ ਵਿੱਚ ਹਨ) ਵੱਲੋਂ ਮਿਲ ਕੇ ਕੀਤੀ ਜਾਂਦੀ ਹੈ।

ਪਿੰਡ ਦੇ ਹੀ ਇੱਕ ਵਿਅਕਤੀ ਪ੍ਰਗਟ ਸਿੰਘ ਵੀ ਹਰ ਸਮੇਂ ਹਵਾਰਾ ਦੀ ਮਾਤਾ ਕੋਲ ਮੌਜੂਦ ਰਹਿੰਦੇ ਹਨ।

ਪ੍ਰਗਟ ਸਿੰਘ ਕਹਿੰਦੇ ਹਨ, "ਜਦੋਂ ਤੋਂ ਮੁੱਖ ਮੰਤਰੀ ਵੱਲੋਂ ਜਗਤਾਰ ਹਵਾਰਾ ਦੀ ਪੈਰੋਲ ਦੀ ਸਿਫਾਰਿਸ਼ ਕੀਤੀ ਗਈ ਤਾਂ ਘਰ ਵਿੱਚ ਆਉਣ-ਜਾਣ ਵਾਲਿਆਂ ਦੀ ਗਿਣਤੀ ਵਧਣ ਲੱਗੀ ਹੈ। ਕਈ ਲੋਕ ਆ ਕੇ ਪੁੱਛਦੇ ਹਨ ਕਿ ਜਗਤਾਰ ਹਵਾਰਾ ਆ ਗਏ ਹਨ। ਪਰ ਅਜੇ ਕਿਸੇ ਨੂੰ ਸਥਿਤੀ ਸਪੱਸ਼ਟ ਨਹੀਂ ਹੈ ਕਿ ਸਰਕਾਰ ਕੀ ਕਰਨਾ ਚਾਹੁੰਦੀ ਹੈ।"

ਪ੍ਰਗਟ ਸਿੰਘ ਨੇ ਕਿਹਾ, "ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੇ ਨੂੰ ਸਾਢੇ ਚਾਰ ਸਾਲ ਹੋ ਗਏ ਹਨ। ਹੁਣ ਤੱਕ ਸਰਕਾਰ ਜਗਤਾਰ ਹਵਾਰਾ ਦੀ ਪੈਰੋਲ ਦਾ ਵਿਰੋਧ ਕਰਦੀ ਰਹੀ ਹੈ। ਹੁਣ ਚੋਣਾਂ ਨੇੜੇ ਆ ਕੇ ਮੁੱਖ ਮੰਤਰੀ ਪੈਰੋਲ ਦੀ ਸਿਫਾਰਿਸ਼ ਕਰ ਰਹੇ ਹਨ। ਇੰਝ ਲੱਗ ਰਿਹਾ ਕਿ ਸਰਕਾਰ ਹੁਣ ਪੈਰੋਲ ਦੀ ਮੰਗ ਇਸ ਲਈ ਕਰ ਰਹੀ ਹੈ ਤਾਂ ਜੋ ਚੋਣਾਂ ਵੇਲੇ ਸਿਆਸੀ ਲਾਹਾ ਲਿਆ ਜਾ ਸਕੇ।" ਪਿੰਡ ਵਾਸੀ ਪੈਰੋਲ ਦੀ ਮੰਗ ਬਾਰੇ ਕੀ ਕਹਿੰਦੇ

ਜਗਤਾਰ ਸਿੰਘ ਹਵਾਰਾ ਦੇ ਪਿੰਡ ਹਵਾਰਾ ਕਲਾਂ ਵਿੱਚ ਹਰ ਕੋਈ ਉਨ੍ਹਾਂ ਨੂੰ ਜਾਣਦਾ ਹੈ।

ਹਾਲਾਂਕਿ ਕੁਝ ਔਰਤਾਂ ਅਜਿਹੀਆਂ ਵੀ ਹਨ ਜਿਨ੍ਹਾਂ ਨੇ ਕਦੇ ਉਨ੍ਹਾਂ ਨੂੰ ਨਹੀਂ ਦੇਖਿਆ ਪਰ ਉਨ੍ਹਾਂ ਮੁਤਾਬਕ ਜਗਤਾਰ ਹਵਾਰਾ ਬਾਰੇ ਉਨ੍ਹਾਂ ਦੇ ਘਰ ਵਿੱਚ ਆਮ ਹੀ ਗੱਲਾਂ ਹੁੰਦੀਆਂ ਹਨ, ਜਿਸ ਕਰਕੇ ਉਨ੍ਹਾਂ ਨੂੰ ਲੱਗਦਾ ਹੈ ਕਿ ਉਹ ਵੀ ਜਗਤਾਰ ਹਵਾਰਾ ਨੂੰ ਜਾਣਦੇ ਹਨ।

ਹਾਲਾਂਕਿ, ਕੁਝ ਔਰਤਾਂ ਨੇ ਦੱਸਿਆ ਕਿ ਜਗਤਾਰ ਹਵਾਰਾ 1995 ਤੋਂ ਪਹਿਲਾਂ ਉਨ੍ਹਾਂ ਦੇ ਘਰ ਖੇਡਦੇ ਜਾਂ ਖਾਣਾ ਖਾਣ ਆਉਂਦੇ ਰਹਿੰਦੇ ਸਨ।

ਜਗਤਾਰ ਹਵਾਰਾ ਦੇ ਘਰ ਤੋਂ ਤਿੰਨ ਕੁ ਘਰ ਦੂਰ ਰਹਿੰਦੇ ਜਸਪਾਲ ਕੌਰ ਕਹਿੰਦੇ ਹਨ, "ਸਾਡੇ ਕੋਲ ਹੀ ਖੇਡਦਾ ਸੀ, ਮੇਰੇ ਕੋਲ ਹੀ ਆ ਕੇ ਦੁੱਧ ਪੀਂਦਾ ਸੀ। ਖੇਡਣ ਦਾ ਸ਼ੌਕੀਨ ਸੀ। ਪੜ੍ਹਨ-ਲਿਖਣ ਵਿੱਚ ਵੀ ਤੇਜ਼ ਸੀ। ਪਤਾ ਨਹੀਂ ਫਰੀਦਕੋਟ ਜਾਣ ਮਗਰੋਂ ਕੀ ਹੋਇਆ ਤੇ ਇਹ ਸਭ ਵਾਪਰ ਗਿਆ।"

ਉਹ ਕਹਿੰਦੇ ਹਨ, "ਹਵਾਰਾ ਦੀ ਮਾਂ ਨਾਲ ਸਾਡੀ ਬਹੁਤ ਸਾਂਝ ਹੈ। ਪਹਿਲਾਂ-ਪਹਿਲਾਂ ਤਾਂ ਉਸਨੇ ਆਪਣੇ ਪੁੱਤ ਦਾ ਇੰਤਜ਼ਾਰ ਕੀਤਾ, ਫੇਰ ਘਰਵਾਲੇ ਦੀ ਵੀ ਮੌਤ ਹੋ ਗਈ। ਦੂਜਾ ਮੁੰਡਾ ਵੀ ਅਮਰੀਕਾ ਚਲਾ ਗਿਆ। ਹੌਲੀ-ਹੌਲੀ ਸੁਰਤ ਗਵਾ ਲਈ। ਹੁਣ ਤਾਂ ਹਾਲਤ ਬਹੁਤ ਖ਼ਰਾਬ ਹੈ।"

ਜਸਪਾਲ ਕੌਰ ਜਗਤਾਰ ਹਵਾਰਾ ਨੂੰ ਸਿਰਫ਼ ਪੈਰੋਲ ਦੇਣ ਨਹੀਂ ਸਗੋਂ ਰਿਹਾਅ ਕਰਨ ਦੀ ਮੰਗ ਵੀ ਕਰਦੇ ਹਨ। ਉਹ ਕਹਿੰਦੇ ਹਨ, "30-31 ਸਾਲ ਹੋ ਗਏ ਉਨ੍ਹਾਂ ਨੂੰ ਆਪਣੀ ਮਾਂ ਨੂੰ ਮਿਲੇ ਨੂੰ, ਹੁਣ ਆਖ਼ਰੀ ਸਮੇਂ ਤਾਂ ਮਾਂ-ਪੁੱਤ ਨੂੰ ਮਿਲਣ ਦੇਣਾ ਚਾਹੀਦਾ ਹੈ।"

ਹਵਾਰਾ ਪਿੰਡ ਦੀ ਸੱਥ ਵਿੱਚ ਬੈਠੇ ਮਰਦਾਂ ਅਤੇ ਗਲੀਆਂ ਵਿੱਚ ਇਕੱਠੀਆਂ ਹੋ ਕੇ ਬੈਠੀਆਂ ਔਰਤਾਂ ਵਿੱਚ ਵੀ ਜਗਤਾਰ ਹਵਾਰਾ ਨੂੰ ਪੈਰੋਲ ਦੇਣ ਦੀ ਮੰਗ ਦੀ ਚਰਚਾ ਹੈ। ਵੱਡੀ ਗਿਣਤੀ ਲੋਕ ਹਵਾਰਾ ਨੂੰ ਪੈਰੋਲ ਦੇਣ ਦਾ ਸਮਰਥਨ ਕਰਦੇ ਹਨ।

ਸਾਬਕਾ ਸਰਪੰਚ ਬਲਦੇਵ ਸਿੰਘ ਕਹਿੰਦੇ ਹਨ, "ਹਵਾਰਾ ਨੂੰ ਪੈਰੋਲ ਮਿਲਣੀ ਚਾਹੀਦੀ ਹੈ। ਅਸੀਂ ਪਿੰਡ ਵਾਲੇ ਵੀ ਪ੍ਰਸ਼ਾਸਨ ਦਾ ਸਾਥ ਦੇਵਾਂਗੇ ਅਤੇ ਜੋ ਵੀ ਕੋਰਟ ਦੀਆਂ ਹਦਾਇਤਾਂ ਅਤੇ ਪਾਬੰਦੀਆਂ ਹੋਣਗੀਆਂ, ਉਸਦੀ ਪਾਲਣਾ ਕਰਾਂਗੇ।"

ਇੱਕ ਹੋਰ ਔਰਤ ਕਮਲਜੀਤ ਕਹਿੰਦੇ ਹਨ, "ਮੈਂ ਖ਼ੁਦ ਮਾਂ ਹਾਂ, ਸਾਡਾ ਬੱਚਾ ਕੁਝ ਪਲ ਲਈ ਏਧਰ-ਓਧਰ ਹੋ ਜਾਵੇ ਤਾਂ ਹੌਲ਼ ਪੈ ਜਾਂਦੇ ਹਨ। ਬੀਬੀ (ਹਵਾਰਾ ਦੀ ਮਾਂ) ਨੂੰ ਤਾਂ ਤੀਹ ਸਾਲ ਹੋ ਗਏ ਹਨ ਪੁੱਤ ਨੂੰ ਦੇਖਿਆ, ਹੁਣ ਉਨ੍ਹਾਂ ਨੂੰ ਆਪਣੇ ਪੁੱਤ ਨੂੰ ਮਿਲਣ ਦੇਣਾ ਚਾਹੀਦਾ ਹੈ।" ਜਗਤਾਰ ਸਿੰਘ ਹਵਾਰਾ ਕੌਣ ਹਨ

ਜਗਤਾਰ ਸਿੰਘ ਹਵਾਰਾ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਕਤਲ ਕੇਸ ਦੇ ਮੁੱਖ ਦੋਸ਼ੀ ਹਨ ਅਤੇ ਉਨ੍ਹਾਂ ਨੂੰ ਦਸੰਬਰ 1995 ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ।

ਸਾਲ 2004 ਵਿੱਚ ਹਵਾਰਾ ਬੁੜੈਲ ਜੇਲ੍ਹ ਵਿੱਚੋਂ ਸੁਰੰਗ ਪੁੱਟ ਕੇ ਭੱਜੇ ਸਨ ਪਰ ਜੂਨ 2005 ਵਿੱਚ ਉਨ੍ਹਾਂ ਨੂੰ ਮੁੜ ਫੜ ਲਿਆ ਗਿਆ ਸੀ।

ਸਾਲ 2007 ਵਿੱਚ ਚੰਡੀਗੜ੍ਹ ਸਪੈਸ਼ਲ ਕੋਰਟ ਵੱਲੋਂ ਜਗਤਾਰ ਸਿੰਘ ਹਵਾਰਾ ਨੂੰ ਮੌਤ ਦੀ ਸਜ਼ਾ ਸੁਣਾਈ ਗਈ ਸੀ। ਪਰ ਸਾਲ 2010 ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਉਨ੍ਹਾਂ ਦੀ ਮੌਤ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਬਦਲ ਦਿੱਤਾ ਸੀ।

ਜਗਤਾਰ ਸਿੰਘ ਹਵਾਰਾ ਇਸ ਵੇਲੇ ਦਿੱਲੀ ਦੀ ਮੰਡੋਲੀ ਸੈਂਟ੍ਰਲ ਜੇਲ੍ਹ ਵਿੱਚ ਬੰਦ ਹਨ। ਜਗਤਾਰ ਸਿੰਘ ਹਵਾਰਾ ਦੇ ਵਕੀਲ ਗੁਰਸ਼ਰਨ ਸਿੰਘ ਮੁਤਾਬਕ ਦੋ ਸਾਲ ਪਹਿਲਾਂ ਹਵਾਰਾ ਨੂੰ ਦਿੱਲੀ ਤੋਂ ਪੰਜਾਬ ਦੀ ਜੇਲ੍ਹ ਵਿੱਚ ਸ਼ਿਫਟ ਕਰਨ ਲਈ ਸੁਪਰੀਮ ਕੋਰਟ ਦਾ ਰੁਖ਼ ਵੀ ਕਰ ਚੁੱਕੇ ਹਨ, ਜੋ ਅਜੇ ਪੈਂਡਿੰਗ ਚੱਲ ਰਿਹਾ ਹੈ।

ਗੁਰਸ਼ਰਨ ਸਿੰਘ ਮੁਤਾਬਕ ਜਗਤਾਰ ਸਿੰਘ ਹਵਾਰਾ 'ਤੇ 36 ਕੇਸ ਸਨ, ਜਿਨ੍ਹਾਂ ਵਿੱਚੋਂ 28 ਕੇਸਾਂ ਵਿੱਚੋਂ ਉਹ ਬਰੀ ਹੋ ਚੁੱਕੇ ਹਨ। ਬੇਅੰਤ ਸਿੰਘ ਕਤਲ ਕੇਸ ਵਿੱਚ ਜਗਤਾਰ ਹਵਾਰਾ ਹੁਣ ਉਮਰ ਕੈਦ ਦੀ ਸਜ਼ਾ ਕੱਟ ਰਹੇ ਹਨ, ਬਾਕੀ ਕੇਸਾਂ ਦੀ ਉਹ ਸਜ਼ਾ ਕੱਟ ਚੁੱਕੇ ਹਨ।

ਇਸ ਤੋਂ ਪਹਿਲਾਂ ਜਗਤਾਰ ਹਵਾਰਾ ਨੇ ਖ਼ੁਦ 2025 ਵਿੱਚ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਪੈਰੋਲ ਲਈ ਪਟੀਸ਼ਨ ਪਾਈ ਸੀ ਤਾਂ ਜੋ ਉਹ ਆਪਣੀ ਬਿਮਾਰ ਮਾਤਾ ਦੀ ਦੇਖਭਾਲ ਕਰ ਸਕਣ। ਜਿਸ 'ਤੇ ਸੁਣਵਾਈ ਕਰਦਿਆਂ ਹਾਈਕੋਰਟ ਨੇ ਸਬੰਧਤ ਅਧਿਕਾਰੀਆਂ ਨੂੰ ਇਸ ਮਾਮਲੇ 'ਤੇ ਫ਼ੈਸਲਾ ਲੈਣ ਦੇ ਹੁਕਮ ਦਿੱਤੇ ਸਨ।

ਜਿਸ 'ਤੇ ਕੁਝ ਮਹੀਨੇ ਪਹਿਲਾਂ ਪੰਜਾਬ ਸਰਕਾਰ ਦੇ ਜੇਲ੍ਹ ਵਿਭਾਗ ਅਤੇ ਪੁਲਿਸ ਨੇ ਸੁਰੱਖਿਆ ਕਾਰਨਾਂ ਅਤੇ ਪੈਂਡਿੰਗ ਕੇਸਾਂ ਦਾ ਹਵਾਲਾ ਦੇ ਕੇ ਜਗਤਾਰ ਹਵਾਰਾ ਦੀ ਪੈਰੋਲ ਦਾ ਵਿਰੋਧ ਕੀਤਾ ਸੀ।

ਪਰ ਹੁਣ ਮੁੱਖ ਮੰਤਰੀ ਭਗਵੰਤ ਮਾਨ ਖ਼ੁਦ ਜਗਤਾਰ ਸਿੰਘ ਹਵਾਰਾ ਨੂੰ ਪੈਰੋਲ ਦੇਣ ਦੀ ਵਕਾਲਤ ਕਰ ਰਹੇ ਹਨ।

ਕੌਮੀ ਇਨਸਾਫ਼ ਮੋਰਚਾ ਨੇ ਸੀਐੱਮ ਮਾਨ ਦੀ ਮੰਗ ਬਾਰੇ ਕੀ ਕਿਹਾ ਕੌਮੀ ਇਨਸਾਫ਼ ਮੋਰਚੇ ਦੇ ਕਨਵੀਨਰ ਪਾਲ ਸਿੰਘ ਫਰਾਂਸ ਸੀਐੱਮ ਮਾਨ ਵੱਲੋਂ ਕੀਤੀ ਜਾ ਰਹੀ ਜਗਤਾਰ ਹਵਾਰਾ ਨੂੰ ਪੈਰੋਲ ਦੇਣ ਦੀ ਮੰਗ ਨੂੰ ਸਿਆਸਤ ਤੋਂ ਪ੍ਰੇਰਿਤ ਦੱਸਦੇ ਹਨ।

ਹਾਲਾਂਕਿ ਉਹ ਕਹਿੰਦੇ ਹਨ ਕਿ ਉਹ ਸੀਐੱਮ ਮਾਨ ਵੱਲੋਂ ਰਾਜਪਾਲ ਨੂੰ ਭੇਜੇ ਪੱਤਰ ਦਾ ਸਵਾਗਤ ਕਰਦੇ ਹਨ ਪਰ ਨਾਲ ਹੀ ਉਹ ਸ਼ੱਕ ਜਤਾਉਂਦੇ ਹਨ ਕਿ ਸੀਐੱਮ ਮਾਨ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਤੋਂ ਕੁਝ ਮਹੀਨੇ ਪਹਿਲਾਂ ਜਗਤਾਰ ਹਵਾਰਾ ਪ੍ਰਤੀ ਨਰਮ ਰੁੱਖ ਕਿਉਂ ਆਪਣਾ ਰਹੇ ਹਨ।

ਪਾਲ ਸਿੰਘ ਫਰਾਂਸ ਮੁਤਾਬਕ, "ਇਸ ਤੋਂ ਪਹਿਲਾਂ ਪੰਜਾਬ ਸਰਕਾਰ ਕਾਨੂੰਨ ਵਿਵਸਥਾ ਦਾ ਹਵਾਲਾ ਦੇ ਕੇ ਜਗਤਾਰ ਹਵਾਰਾ ਦੀ ਪੈਰੋਲ ਦਾ ਵਿਰੋਧ ਕਰ ਚੁੱਕੀ ਹੈ, ਹੁਣ ਵੀ ਉਨ੍ਹਾਂ ਨੇ ਗੇਂਦ ਰਾਜਪਾਲ ਦੇ ਪਾਲੇ 'ਚ ਸੁੱਟ ਦਿੱਤੀ ਹੈ।"

"ਅਜੇ ਤੱਕ ਰਾਜਪਾਲ ਨੇ ਸੀਐੱਮ ਦੀ ਚਿੱਠੀ ਦਾ ਜਵਾਬ ਕਿਉਂ ਨਹੀਂ ਆਇਆ। ਸੀਐੱਮ ਕੋਲ ਗ੍ਰਹਿ ਵਿਭਾਗ ਹੈ, ਉਹ ਖ਼ੁਦ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਐੱਸਐੱਸਪੀ ਨੂੰ ਇਹ ਸਿਫ਼ਾਰਿਸ਼ ਕਰਨ ਲਈ ਕਿਉਂ ਨਹੀਂ ਕਹਿੰਦੇ ਕਿ ਜਗਤਾਰ ਹਵਾਰਾ ਨੂੰ ਪੈਰੋਲ ਦਿੱਤੀ ਜਾਵੇ।"

ਇਸੇ ਤਰ੍ਹਾਂ ਜਗਤਾਰ ਸਿੰਘ ਹਵਾਰਾ ਦੇ ਕੇਸਾਂ ਦੀ ਪੈਰਵੀ ਕਰਨ ਵਾਲੇ ਵਕੀਲ ਐਡਵੋਕੇਟ ਗੁਰਸ਼ਰਨ ਸਿੰਘ ਸਰਕਾਰ ਦੇ ਇਸ ਕਦਮ ਨੂੰ ਸ਼ੱਕ ਦੀ ਨਜ਼ਰ ਨਾਲ ਦੇਖਦੇ ਹਨ।

ਉਹ ਕਹਿੰਦੇ ਹਨ ਕਿ ਪੰਜਾਬ ਸਰਕਾਰ ਦੋਹਰੇ ਮਾਪਦੰਡ ਆਪਣਾ ਰਹੀ ਹੈ।

"ਕੋਰਟ ਦੇ ਅੰਦਰ ਜਦੋਂ ਪੰਜਾਬ ਸਰਕਾਰ ਤੋਂ ਜਵਾਬ ਮੰਗਿਆ ਜਾਂਦਾ ਹੈ ਕਿ ਕੀ ਜਗਤਾਰ ਹਵਾਰਾ ਨੂੰ ਪੈਰੋਲ ਦਿੱਤੀ ਜਾਣੀ ਚਾਹੀਦੀ ਹੈ ਤਾਂ ਉੱਥੇ ਪੰਜਾਬ ਸਰਕਾਰ ਪੈਰੋਲ ਦਾ ਵਿਰੋਧ ਕਰਦੀ ਹੈ ਤੇ ਇਹ ਦਾਅਵਾ ਕੀਤਾ ਜਾਂਦਾ ਕਿ ਹਵਾਰਾ ਦੇ ਪੈਰੋਲ 'ਤੇ ਆਉਣ ਨਾਲ ਮਾਹੌਲ ਖ਼ਰਾਬ ਹੋ ਜਾਵੇਗਾ, ਤੇ ਹੁਣ ਮੀਡੀਆ 'ਚ ਮੁੱਖ ਮੰਤਰੀ ਖ਼ੁਦ ਪੈਰੋਲ ਦਾ ਸਮਰਥਨ ਕਰ ਰਹੇ ਹਨ।"

ਉਹ ਕਹਿੰਦੇ ਹਨ, "ਪੰਜਾਬ ਸਰਕਾਰ ਇਸ ਤੋਂ ਪਹਿਲਾਂ ਜਗਤਾਰ ਸਿੰਘ ਹਵਾਰਾ ਨੂੰ ਦਿੱਲੀ ਤੋਂ ਪੰਜਾਬ ਦੀ ਜੇਲ੍ਹ ਵਿੱਚ ਸ਼ਿਫਟ ਕਰਨ ਦਾ ਵਿਰੋਧ ਵੀ ਕਰਦੇ ਰਹੇ ਹਨ। ਹੁਣ ਜਦੋਂ ਚੋਣਾਂ ਦਾ ਸਮਾਂ ਨਜ਼ਦੀਕ ਆ ਗਿਆ ਤਾਂ ਇਹ ਪੈਰੋਲ ਦੇਣ ਦੀ ਮੰਗ ਕਰ ਰਹੇ ਹਨ।"

ਗੁਰਸ਼ਰਨ ਸਿੰਘ ਦੱਸਦੇ ਹਨ ਕਿ ਹੁਣ ਵੀ 6 ਜੁਲਾਈ 2026 ਨੂੰ ਹਾਈ ਕੋਰਟ ਵੱਲੋਂ ਦਿੱਤੇ ਗਏ ਆਦੇਸ਼ ਮੁਤਾਬਕ ਪੰਜਾਬ ਸਰਕਾਰ ਨੇ 30 ਅਗਸਤ 2026 ਤੱਕ ਜਗਤਾਰ ਸਿੰਘ ਹਵਾਰਾ ਦੇ ਪੈਰੋਲ ਕੇਸ ਵਿੱਚ ਆਪਣਾ ਜਵਾਬ ਦਾਖ਼ਲ ਕਰਨਾ ਹੈ। ਜਦੋਂ ਉਹ ਜਵਾਬ ਦਾਖ਼ਲ ਹੋਵੇਗਾ, ਉਸ ਤੋਂ ਪਤਾ ਲੱਗ ਜਾਵੇਗਾ ਕਿ ਹਾਈ ਕੋਰਟ ਵਿੱਚ ਪੰਜਾਬ ਸਰਕਾਰ ਜਗਤਾਰ ਹਵਾਰਾ ਨੂੰ ਪੈਰੋਲ ਦੇਣ ਲਈ ਕੀ ਸਿਫਾਰਸ਼ ਕਰ ਰਹੀ ਹੈ।

# 15 ਅਗਸਤ 1947–ਆਜ਼ਾਦੀ ਨਹੀਂ ਉਜਾੜਾ



1947 ਵਿਚ ਅੰਗਰੇਜ਼ਾਂ ਵੱਲੋਂ ਹਿੰਦੋਸਤਾਨ ਨੂੰ ਆਜ਼ਾਦੀ ਦੇ ਨਾਂ 'ਤੇ ਦੋ ਟੁਕੜਿਆਂ ਵਿਚ ਵੰਡ ਦਿੱਤਾ ਗਿਆ। ਇਸ ਵੰਡ ਦਾ ਸਭ ਤੋਂ ਵੱਧ ਸੰਤਾਪ ਪੰਜਾਬੀਆਂ ਨੇ ਭੋਗਿਆ। ਲੱਖਾਂ ਪੰਜਾਬੀ ਮਾਰੇ ਗਏ ਤੇ ਬੇਘਰ ਹੋਏ। ਜਿੱਥੇ ਸੰਨ 1947 ਦੇਸ਼ ਵਾਸੀਆਂ ਲਈ ਆਜ਼ਾਦੀ ਦਾ ਜਸ਼ਨ ਸੀ ਉੱਥੇ ਪੰਜਾਬ ਸੂਬੇ ਦੀਆਂ ਖੂਨੀ ਵਾਰਦਾਤਾਂ ਨਾਲ ਲੱਥ-ਪਥ ਪੀੜਾਂ ਦੀ ਦੁੱਖਾਂ ਭਰੀ ਦਾਸਤਾਨ ਵੀ ਹੈ। ਵੰਡ ਦੇ ਕਰੀਬ 74 ਸਾਲ ਬੀਤ ਜਾਣ ਦੇ ਬਾਵਜੂਦ ਵੰਡ ਦਾ ਦੁੱਖ ਦੇਖਣ ਵਾਲੇ ਪੰਜਾਬੀ ਇਹ ਦੁਖਦ ਪੀੜਾ ਨੂੰ ਭੁੱਲਾ ਨਹੀਂ ਸਕੇ। '47 ਦੀ ਵੰਡ ਦੇਸ਼ ਵਾਸੀਆਂ ਖਾਸ ਕਰ ਪੰਜਾਬੀਆਂ ਦੇ ਅਣਸੀਤੇ ਜ਼ਖ਼ਮਾਂ ਦੀ ਦੁੱਖ ਭਰੀ ਦਾਸਤਾਨ ਹੈ। ਸੰਨ 47 ਦੀ ਵੰਡ ਵਿਚ ਹਿੰਦੂ, ਮੁਸਲਿਮ, ਸਿੱਖਾਂ, ਇਸਾਈਆਂ ਸਮੇਤ ਹਰ ਫਿਰਕੇ ਦੀਆਂ ਮਹਿਲਾਵਾਂ ਤਸ਼ੱਦਦ ਦਾ ਸ਼ਿਕਾਰ ਹੋਈਆਂ। ਦੋਵੇਂ ਪਾਸੇ ਹਜ਼ਾਰਾਂ ਔਰਤਾਂ ਦੇ ਬਲਾਤਕਾਰ ਅਤੇ ਕਤਲ ਹੋਏ।

ਸੰਨ 1947 ਤੋਂ ਬਾਅਦ ਲਹਿੰਦੇ ਪੰਜਾਬ ਤੋਂ ਆਏ ਸਿੱਖ ਭਾਰਤ ਦੇ ਵੱਖ-ਵੱਖ ਹਿੱਸਿਆਂ ਵਿਚ ਅਪਣੀ ਸਹੂਲਤ ਅਨੁਸਾਰ ਜਾ ਵੱਸੇ। ਜਿੱਥੇ ਆਪਣੇ ਪੁਰਖਿਆਂ ਦੇ ਵਸਾਏ ਘਰ ਬਾਰ, ਜ਼ਮੀਨਾਂ-ਜਾਇਦਾਦਾਂ, ਦੌਲਤ-ਸ਼ੋਹਰਤ ਗੁਆ ਕੇ ਆਉਣ ਦਾ ਅਸਹਿ ਤੇ ਅਕਹਿ ਦਰਦ ਸੀ, ਉੱਥੇ ਉਨ੍ਹਾਂ ਨੂੰ ਸਥਾਨਕ ਸਮਾਜ ਅੰਦਰ ਥਾਂ ਬਣਾਉਣ ਲਈ ਵੀ ਲੜਾਈ ਲੜਨੀ ਪਈ। ਉਨ੍ਹਾਂ ਦੇ ਸਿੱਖੀ ਸਰੂਪ ਦਾ ਮਜ਼ਾਕ ਬਣਾਇਆ ਗਿਆ, ਉਨ੍ਹਾਂ ਦੀ ਬੋਲੀ ਤੇ ਕਈ ਤਰਾਂ ਦੇ ਤੰਜ ਕੱਸੇ ਗਏ।

ਪਾਕਿਸਤਾਨ ਵਿੱਚ 14 ਅਗਸਤ ਤੇ ਭਾਰਤ ਵਿੱਚ 15 ਅਗਸਤ, ਜਿਸ ਨੂੰ ਅਜ਼ਾਦੀ ਦੇ ਦਿਹਾੜੇ ਵਜੋਂ ਮਨਾਇਆ ਜਾਂਦਾ ਹੈ, ਉਹ ਦੋਵੇਂ ਦਿਨ, ਦੋਵੇਂ ਪਾਸੇ ਵੰਡੇ ਗਏ ਪੰਜਾਬੀਆਂ ਵਾਸਤੇ ਖੂਨੀ ਹਨੇਰੀ ਦੀ ਤਬਾਹੀ ਭਰੀ ਸ਼ਾਜਿਸ਼ ਤੇ ਬਰਬਾਦੀ ਦੀ ਦਾਸਤਾਨ ਤੋਂ ਵੱਧ ਹੋਰ ਕੁਝ ਵੀ ਨਹੀਂ ਸਨ!

1 ਕਰੋੜ 82 ਲੱਖ ਪੰਜਾਬੀ ਉੱਜੜਿਆ

ਇਹਨਾਂ ਦੋ ਦਿਨਾਂ ਤੱਕ ਪਹੁੰਚਦਿਆਂ 1 ਕਰੋੜ 82 ਲੱਖ ਪੰਜਾਬੀ ਉੱਜੜ ਚੁੱਕੇ ਸਨ, 10 ਲੱਖ ਦੇ ਕਰੀਬ ਮਾਰੇ ਜਾ ਚੁੱਕੇ ਸਨ। 2.50 ਲੱਖ ਔਰਤਾਂ ਦਾ ਬਲਾਤਕਾਰ ਹੋ ਚੁੱਕਾ ਸੀ। ਮਾਵਾਂ ਦੇ ਪੁੱਤ, ਭੈਣਾਂ ਦੇ ਵੀਰ, ਮਾਪਿਆ ਤੋਂ ਬੱਚੇ ਤੇ ਸੁਹਾਗਣਾਂ ਦੇ ਸੁਹਾਗ ਵਿੱਛੜ ਚੁੱਕੇ ਸਨ। ਪੰਜਾਬ ਦੇ ਦਰਿਆ ਖ਼ੂਨ ਰੱਤੇ ਤੇ ਧਰਤੀ ਖ਼ੂਨ ਨਾਲ ਲੱਥ ਪੱਥ ਹੋਈ।

ਪੰਜਾਬੀ ਬੋਲੀ ਤੇ ਵਿਰਸੇ ਦਾ ਘਾਣ ਹੋਇਆ। ਸਭਿਆਚਾਰ ਦਾ ਮਲੀਆਮੇਟ ਹੋਇਆ। 85 ਫੀਸਦੀ ਕੁਰਬਾਨੀਆਂ ਦੇਣ ਵਾਲਿਆਂ ਨਾਲ ਜ਼ਬਾਨੀ-ਕਲਾਮੀ ਵੱਡੇ ਵੱਡੇ ਵਾਅਦੇ ਕੀਤੇ ਤੇ 15 ਅਗਸਤ ਲਾਲ ਕਿਲੇ 'ਤੇ ਤਿਰੰਗਾ ਝੁਲਦਿਆਂ ਹੀ ਸਭ ਕਾਫ਼ੂਰ ਹੋ ਗਏ। ਜਿਹਨਾਂ ਕੁਰਬਾਨੀਆਂ ਦਿੱਤੀਆਂ, ਉਹ ਰਾਤੋ ਰਾਤ ਫਾਡੀ ਕਰ ਦਿੱਤੇ ਗਏ ਤੇ ਜਿਨ੍ਹਾਂ ਕੁਝ ਵੀ ਨਾ ਕੀਤਾ, ਉਹ ਚੀਚੀ ਨੂੰ ਖ਼ੂਨ ਲਗਾ ਕੇ ਸ਼ਹੀਦ ਬਣ ਗਏ। ਇਸ 15 ਅਗਸਤ ਤੋਂ ਬਾਅਦ ਲਹਿੰਦੇ ਤੇ ਚੜ੍ਹਦੇ ਦੋਹੀਂ ਪਾਸੀਂ ਵਸਦੇ ਪੰਜਾਬੀਆਂ ਨਾਲ ਜੋ ਜੱਗੋਂ ਤੇਰ੍ਹਵੀਂ ਕੀਤੀ/ਕਰਵਾਈ ਗਈ ਤੇ ਅਜੇ ਵੀ ਜਾਰੀ ਹੈ, ਉਸ ਬਾਰੇ ਕੋਈ ਖੁਲਾਸਾ ਕਰਨ ਦੀ ਜ਼ਰੂਰਤ ਨਹੀਂ ਕਿਉਂਕਿ ਪੰਜਾਬ ਦਾ ਬੱਚਾ ਬੱਚਾ ਸਭ ਕੁਝ ਜਾਣਦਾ ਹੈ।


1947 ਦੀਆਂ ਦਰਦ ਭਰੀਆਂ ਘਟਨਾਵਾਂ

1947 ਦੀ ਵੰਡ ਤੋਂ ਪਹਿਲਾਂ ਕਿਲਾ ਦੀਵਾਨ ਸਿੰਘ (ਲਾਹੌਰ) ਦੇ ਸੰਧਾ ਪਰਿਵਾਰ ਜੋ ਕਿ ਵੰਡ ਉਪਰੰਤ ਫਿਰੋਜ਼ਪੁਰ ਦੇ ਪਿੰਡ ਜੀਵਾ ਅਰਾਈਂ ਆ ਵਸੇ ਸਨ ਦੇ ਪਰਿਵਾਰਕ ਮੈਂਬਰ ਡਾ. ਕੁਲਵੰਤ ਸਿੰਘ ਸੰਧਾ ਨੇ ਦੱਸਿਆ ਕਿ ਪਾਕਿਸਤਾਨ ਵਿੱਚ ਉਨ੍ਹਾਂ ਦੇ ਪੁਰਖਿਆਂ ਕੋਲ 800 ਏਕੜ ਦੇ ਕਰੀਬ ਜ਼ਮੀਨ ਸੀ ਅਤੇ ਵੰਡ ਦੇ ਰੌਲੇ ਮੌਕੇ ਉਨ੍ਹਾਂ ਦੇ ਪਰਿਵਾਰ ਦੇ ਕਰੀਬ 48 ਮੈਂਬਰਾਂ ਨੂੰ ਆਪਣੀਆਂ ਜਾਨਾਂ ਗੁਆਉਣੀਆਂ ਪਈਆਂ ਤੇ ਉਨ੍ਹਾਂ ਦੇ ਪਰਿਵਾਰ ਦੇ ਮਰਦ ਮੈਂਬਰਾਂ ਵਿੱਚੋਂ ਸਿਰਫ ਉਹਦੇ ਪਿਤਾ ਫੌਜਦਾਰ ਸਿੰਘ ਸੰਧਾ ਹੀ ਭਾਰਤ ਪਹੁੰਚ ਸਕੇ। ਜ਼ਿਕਰਯੋਗ ਹੈ ਕਿ ਇਹ ਪਰਿਵਾਰ ਮਹਾਰਾਜਾ ਰਣਜੀਤ ਸਿੰਘ ਦੇ ਸੈਨਾਪਤੀ ਬਾਬਾ ਦੀਵਾਨ ਸਿੰਘ ਦੇ ਵੰਸ਼ਿਜ਼ ਹਨ। ਡਾਕਟਰ ਕੁਲਵੰਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਪਰਿਵਾਰ ਨੂੰ ਚੜ੍ਹਦੇ ਪੰਜਾਬ ਵਿੱਚ ਸਿਰਫ 200 ਏਕੜ ਜ਼ਮੀਨ ਹੀ ਅਲਾਟ ਕੀਤੀ ਗਈ ਸੀ।

ਇਸੇ ਤਰਾਂ ਫਿਰੋਜ਼ਪੁਰ ਸ਼ਹਿਰ ਵਿੱਚ ਵੱਸੇ ਵਿਰਕ ਪਰਿਵਾਰ ਦੇ ਮਹਿੰਦਰ ਸਿੰਘ ਵਿਰਕ ਨੇ ਦੱਸਿਆ ਕਿ ਉਨ੍ਹਾਂ ਦਾ ਪਿੰਡ ਸਹਾਰੀ ਲਾਹੌਰ ਜਿਲੇ ਵਿਚ ਸਥਿਤ ਸੀ ਤੇ ਉਸਦੇ ਪਿਤਾ ਠਾਕੁਰ ਸਿੰਘ ਹੋਰਾਂ ਦਾ ਕੂਕਾ ਲਹਿਰ ਅਤੇ ਜੈਤੋ ਦਾ ਮੋਰਚਾ ਵਿੱਚ ਅਹਿਮ ਯੋਗਦਾਨ ਰਿਹਾ ਸੀ। ਸੰਨ 47 ਦੀ ਵੰਡ ਮੌਕੇ ਉਨ੍ਹਾਂ ਦੀ ਉਮਰ ਮਹਿਜ ਡੇਢ ਸਾਲ ਸੀ ਤੇ ਉਨ੍ਹਾਂ ਨੇ ਆਪਣੇ ਵਡੇਰਿਆਂ ਤੋ ਜੋ ਸੁਣਿਆਂ ਉਸ ਮੁਤਾਬਿਕ ਉਨ੍ਹਾਂ ਦੀਆਂ ਉਧਰ ਪਾਕਿਸਤਾਨ ਵਿਚ ਸੈਂਕੜੇ ਏਕੜ ਜ਼ਮੀਨਾਂ, ਬਾਗ, ਘੋੜੀਆਂ ਸਮੇਤ ਸ਼ਾਹੀ ਠਾਠ ਬਾਠ ਸੀ। ਵੰਡ ਦੌਰਾਨ ਬੇਸ਼ੱਕ ਸਾਰਾ ਸੋਨਾ,ਚਾਂਦੀ, ਪੈਸਾ ਅਤੇ ਜਾਇਦਾਦ ਉਧਰ ਰਹਿ ਗਿਆ ਪਰ ਪਰਿਵਾਰਾਂ ਦਾ ਸਾਰਾ ਕਾਫਲਾ ਸਹੀ ਸਲਾਮਤ ਚੜ੍ਹਦੇ ਪੰਜਾਬ ਆ ਗਿਆ ਸੀ। ਪਟਿਆਲਾ ਜਿਲੇ ਵਿੱਚ ਜ਼ਮੀਨ ਅਲਾਟ ਹੋਈ ਪਰ ਸਾਡੀ ਜਾਇਦਾਦ ਦੇ ਮੁਕਾਬਲੇ ਬਹੁਤ ਘੱਟ ਸੀ। ਪਰਿਵਾਰ ਨੇ ਮੇਹਨਤ ਕੀਤੀ ਅੱਜ ਹਰ ਸੁੱਖ ਸਹੂਲਤ ਪ੍ਰਾਪਤ ਹੈ।

ਭਾਰਤ ਦੀ ਵੰਡ ਇੱਕ ਮੁਸ਼ਕਲ ਮਸਲਾ ਸੀ, ਜਿਸ ਦੇ ਲਈ ਕਿਸੇ ਇੱਕ ਵਿਅਕਤੀ ਨੂੰ ਜ਼ਿੰਮੇਵਾਰ ਠਹਿਰਾਉਣਾ ਸ਼ਾਇਦ ਜਾਇਜ਼ ਨਹੀ ਹੈ। ਬੇਸ਼ੱਕ ਵੰਡ ਵਿੱਚ ਮੁਸਲਿਮ ਲੀਗ, ਹਿੰਦੂ ਮਹਾਂ ਸਭਾ, ਕਾਂਗਰਸ ਤੇ ਬਰਤਾਨਵੀ ਸ਼ਾਸਨ ਸਮੇਤ ਸਾਰਿਆਂ ਦੀ ਭੂਮਿਕਾ ਹੈ। ਕਿਸੇ ਦੀ ਘੱਟ, ਕਿਸੇ ਦੀ ਵੱਧ, ਇਸ ਬਾਰੇ ਬਹਿਸ ਦੀ ਪੂਰੀ ਗੁੰਜਾਇਸ਼ ਹੈ। ਹਰ ਸਮਾਜ ਵਿੱਚ ਨਾ ਤੇ ਰੋਜ਼ਾਨਾ ਕਲੇਸ਼ ਹੁੰਦਾ ਹੈ, ਨਾ ਹਰ ਰੋਜ਼ ਜੱਫੀਆਂ ਪੈਂਦੀਆਂ ਹਨ ਅਤੇ ਨਾ ਹੀ ਆਮ ਕਤਲੋ-ਗਾਰਦ ਹੁੰਦੇ ਹਨ। ਹਿੰਦੂਆਂ, ਮੁਸਲਮਾਨਾਂ, ਸਿੱਖਾਂ, ਇਸਾਈਆਂ ਦੇ ਸਾਂਝੇ ਪੰਜਾਬ ਦੀ ਹਿੱਕ ਤੇ ਖੁੱਭਿਆ 1947 ਦੀ ਵੰਡ ਅਜਿਹਾ ਜਖਮ ਹੈ ਜੋ ਹਮੇਸ਼ਾਂ ਰਿਸਦੇ ਰਹਿਣਾ ਏ। 15 ਅਗਸਤ ਪੰਜਾਬ ਦੇ ਇਤਿਹਾਸ ਦਾ ਸਿਆਹ ਕਾਲਾ ਦਿਨ ਹੈ। ਇਸ ਦਿਨ ਅੰਗਰੇਜ ਤਾਂ ਹਿੰਦੁਸਤਾਨ ਛੱਡ ਕੇ ਬੇਸ਼ਕ ਚਲੇ ਗਏ, ਪਰ ਮੁਲਕ ਅਜ਼ਾਦ ਨਹੀਂ ਹੋਇਆ, ਸਗੋ ਟੋਟੇ ਟੋਟੇ ਹੋਇਆ ਤੇ ਇਸ ਦਿਨ ਟੁਕੜੇ ਹੋਏ ਮੁਲਕ ਨੂੰ ਪਿਛਲੇ 75 ਸਾਲ ਤੋਂ ਕੌਣ ਸ਼ੈਤਾਨ ਕਿਵੇਂ ਆਜ਼ਾਦੀ ਦਾ ਨਾਮ ਦੇ ਕੇ ਹਰ ਸਾਲ ਜਸ਼ਨ ਮਨਾ ਰਿਹਾ ਹੈ, ਇਹ ਬਿਲਕੁਲ ਹੀ ਸਮਝ ਤੋਂ ਪਰੇ ਦੀ ਗੱਲ ਹੈ। ਇਸ ਤੋਂ ਵੀ ਵੱਡੀ ਮੂਰਖਤਾ ਵਾਲੀ ਗੱਲ ਇਹ ਹੈ ਕਿ ਸਾਡੇ ਵਿੱਚੋ ਬਹੁਤਿਆਂ ਨੇ ਕਦੇ ਇਹ ਵਿਚਾਰਨ ਦੀ ਕੋਸ਼ਿਸ਼ ਹੀ ਨਹੀਂ ਕੀਤੀ ਜਾਂ ਫੇਰ ਲੋੜ ਹੀ ਨਹੀ ਸਮਝੀ ਕਿ ਅਜ਼ਾਦੀ ਦੀ ਪਰਿਭਾਸ਼ਾ ਕੀ ਹੁੰਦੀ ਹੈ!


ARMAAN
ENTERPRISES INC
PATIO COVERS | RAILING | GATES
INSTALLATION & MAINTENANCE
RESIDENTIAL & COMMERCIAL PATIO COVERS
RAILING & GATES INSTALLATION, REPAIR & CLEANING
SERVING ALL LOWER MAINLAND / ISLAND
SPECIALIST IN:
ALUMINUM PANELS AND CLEAR GLASS OR LIGHT TINTED GLASS
WE INSTALLED PATIO COVERS AND RAILING, GATES IN REASONABLE PRICE
QUALITY WORKMANSHIP, BUILT TO LAST
QUALITY | RELIABILITY | SATISFACTION
BUILT FOR YOUR COMFORT. BUILT TO LAST.
M.S. MANGAT
604 710 1197
ARMAAN MANGAT
778 930 7500
armaanenterprisesinc7@gmail.com



## ਦੁਨੀਆਦਾਰੀ



# CUSMA ’ਤੇ ਸੰਕਟ ਗਹਿਰਾਇਆ, ਸਮਝੌਤਾ ਟੁੱਟਿਆ ਤਾਂ ਕੈਨੇਡਾ ਦੀਆਂ 1.02 ਲੱਖ ਨੌਕਰੀਆਂ ਖ਼ਤਰੇ ’ਚ



ਅਮਰੀਕੀ ਟੈਰਿਫ਼ ਦੀ ਧਮਕੀ ਵਿਚਾਲੇ ਕਾਰਨੀ ਸਰਕਾਰ ’ਤੇ ਵਧਿਆ ਦਬਾਅ; ਆਟੋ, ਸਟੀਲ, ਲੱਕੜ, ਮਸ਼ੀਨਰੀ ਅਤੇ ਹੋਰ ਉਦਯੋਗ ਹੋ ਸਕਦੇ ਹਨ ਪ੍ਰਭਾਵਿਤ

ਕੈਨੇਡਾ, ਅਮਰੀਕਾ ਅਤੇ ਮੈਕਸੀਕੋ ਵਿਚਾਲੇ ਹੋਏ ਵਪਾਰ ਸਮਝੌਤੇ ਛੂਸ਼ੰਅ ਨੂੰ ਲੈ ਕੇ ਤਣਾਅ ਵਧਦਾ ਜਾ ਰਿਹਾ ਹੈ। ਇਸ ਸਮਝੌਤੇ ਦਾ ਭਵਿੱਖ ਹੁਣ ਸਿਰਫ਼ ਵਪਾਰਕ ਸਬੰਧਾਂ ਤੱਕ ਸੀਮਿਤ ਨਹੀਂ ਰਹਿ ਗਿਆ, ਸਗੋਂ ਕੈਨੇਡਾ ਵਿੱਚ ਹਜ਼ਾਰਾਂ ਲੋਕਾਂ ਦੀਆਂ ਨੌਕਰੀਆਂ ਅਤੇ ਉਦਯੋਗਿਕ ਸਪਲਾਈ ਚੇਨਾਂ ਨਾਲ ਵੀ ਜੁੜ ਗਿਆ ਹੈ।

ਕੈਨੇਡੀਅਨ ਅਮਰੀਕਨ ਬਿਜ਼ਨਸ ਕੌਂਸਲ ਲਈ ਆਕਸਫੋਰਡ ਇਕਨਾਮਿਕਸ ਵੱਲੋਂ ਕੀਤੇ ਗਏ ਤਾਜ਼ਾ ਅਧਿਐਨ ਮੁਤਾਬਕ ਜੇ ਛੂਸ਼ੰਅ ਸਮਝੌਤਾ ਟੁੱਟਦਾ ਹੈ ਤਾਂ ਕੈਨੇਡਾ ਵਿੱਚ ਲਗਭਗ 1,02,000 ਨੌਕਰੀਆਂ ਦਾ ਨੁਕਸਾਨ ਹੋ ਸਕਦਾ ਹੈ। ਇਸ ਦੇ ਨਾਲ ਹੀ ਕੈਨੇਡਾ ਅਤੇ ਅਮਰੀਕਾ ਦੋਵਾਂ ਦੇਸ਼ਾਂ ਵਿੱਚ ਮਿਲਾ ਕੇ ਕਰੀਬ 2,14,000 ਨੌਕਰੀਆਂ ਪ੍ਰਭਾਵਿਤ ਹੋਣ ਦਾ ਅੰਦਾਜ਼ਾ ਲਗਾਇਆ ਗਿਆ ਹੈ।

ਸਰਹੱਦ ਪਾਰ ਸਪਲਾਈ ਚੇਨਾਂ ’ਤੇ ਸਭ ਤੋਂ ਵੱਡਾ ਅਸਰ

ਛੂਸ਼ੰਅ ਦੇ ਖ਼ਤਮ ਹੋਣ ਦੀ ਸਥਿਤੀ ਵਿੱਚ ਉਨ੍ਹਾਂ ਉਦਯੋਗਾਂ ਨੂੰ ਸਭ ਤੋਂ ਵੱਧ ਝਟਕਾ ਲੱਗਣ ਦੀ ਸੰਭਾਵਨਾ ਹੈ ਜਿਨ੍ਹਾਂ ਦੀਆਂ ਸਪਲਾਈ ਚੇਨਾਂ ਕਈ ਦਹਾਕਿਆਂ ਤੋਂ ਕੈਨੇਡਾ ਅਤੇ ਅਮਰੀਕਾ ਵਿਚਾਲੇ ਸਰਹੱਦ ਪਾਰ ਵਪਾਰ ’ਤੇ ਨਿਰਭਰ ਹਨ।

ਆਟੋਮੋਬਾਇਲ, ਧਾਤੂ, ਮਸ਼ੀਨਰੀ, ਇਲੈਕਟ੍ਰੋਨਿਕਸ, ਰਸਾਇਣ ਅਤੇ ਲੱਕੜ-ਕਾਗਜ਼ ਨਾਲ ਸਬੰਧਤ ਉਦਯੋਗਾਂ ’ਤੇ ਇਸ ਦਾ ਸਿੱਧਾ ਪ੍ਰਭਾਵ ਪੈ ਸਕਦਾ ਹੈ। ਇਨ੍ਹਾਂ ਖੇਤਰਾਂ ਵਿੱਚ ਉਤਪਾਦਨ, ਨਿਰਯਾਤ ਅਤੇ ਰੁਜ਼ਗਾਰ ’ਤੇ ਵਪਾਰਕ ਰੁਕਾਵਟਾਂ ਵਧਣ ਨਾਲ ਦਬਾਅ ਪੈਣ ਦੀ ਸੰਭਾਵਨਾ ਹੈ।

ਓਨਟਾਰੀਓ, ਕਿਊਬਿਕ, ਮੈਨੀਟੋਬਾ ਅਤੇ ਨਿਊ ਬ੍ਰੰਜ਼ਵਿਕ ਨੂੰ ਸੰਭਾਵਿਤ ਤੌਰ ’ਤੇ ਵੱਧ ਪ੍ਰਭਾਵਿਤ ਹੋਣ ਵਾਲੇ ਸੂਬਿਆਂ ਵਿੱਚ ਗਿਣਿਆ ਜਾ ਰਿਹਾ ਹੈ। ਖਾਸ ਕਰਕੇ ਉਹ ਖੇਤਰ ਜਿੱਥੇ ਅਮਰੀਕੀ ਬਾਜ਼ਾਰ ਨਾਲ ਵਪਾਰ ਅਤੇ ਸਰਹੱਦ ਪਾਰ ਸਪਲਾਈ ਚੇਨਾਂ ਦਾ ਮਹੱਤਵ ਜ਼ਿਆਦਾ ਹੈ, ਉੱਥੇ ਇਸ ਦਾ ਅਸਰ ਵਧੇਰੇ ਹੋ ਸਕਦਾ ਹੈ।

50 ਫੀਸਦੀ ਟੈਰਿਫ਼ ਦੀ ਧਮਕੀ ਨੇ ਵਧਾਈ ਚਿੰਤਾ

ਇਸ ਦੌਰਾਨ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਵੱਲੋਂ 19 ਅਗਸਤ ਤੋਂ ਕੈਨੇਡੀਅਨ ਵਸਤੂਆਂ ’ਤੇ ਨਵੇਂ 50 ਫੀਸਦੀ ਟੈਰਿਫ਼ ਲਗਾਉਣ ਦੀ ਧਮਕੀ ਨੇ ਓਟਾਵਾ ਦੀਆਂ ਚਿੰਤਾਵਾਂ ਹੋਰ ਵਧਾ ਦਿੱਤੀਆਂ ਹਨ।

ਇਸੇ ਪਿਛੋਕੜ ਵਿੱਚ ਕੈਨੇਡਾ ਦੇ ਅਮਰੀਕਾ ਨਾਲ ਵਪਾਰ ਮੰਤਰੀ ਡੋਮਿਨਿਕ ਲੇਬਲਾਂਕ ਅਤੇ ਮੁੱਖ ਵਪਾਰ ਵਾਰਤਾਕਾਰ ਜੈਨਿਸ ਚੈਰੇਟ ਵਾਸ਼ਿੰਗਟਨ ਵਿੱਚ ਅਮਰੀਕੀ ਵਪਾਰ ਨੁਮਾਇੰਦੇ ਜੈਮੀਸਨ ਗ੍ਰੀਅਰ ਨਾਲ ਗੱਲਬਾਤ ਕਰ ਰਹੇ ਹਨ।

ਵਾਰਤਾ ਦਾ ਮੁੱਖ ਉਦੇਸ਼ ਨਵੇਂ ਟੈਰਿਫ਼ਾਂ ਨੂੰ ਰੋਕਣਾ ਅਤੇ ਕੈਨੇਡੀਅਨ ਉਤਪਾਦਾਂ ਲਈ ਅਮਰੀਕੀ ਬਾਜ਼ਾਰ ਵਿੱਚ ਪਹੁੰਚ ਨੂੰ ਸੁਰੱਖਿਅਤ ਰੱਖਣਾ ਹੈ। ਇਸ ਦੇ ਨਾਲ ਹੀ ਵਪਾਰਕ ਰਿਆਇਤਾਂ ਦੇ ਬਦਲੇ ਟੈਰਿਫ਼ ਰਾਹਤ ਹਾਸਲ ਕਰਨ ਦੀਆਂ ਸੰਭਾਵਨਾਵਾਂ ’ਤੇ ਵੀ ਚਰਚਾ ਹੋ ਰਹੀ ਹੈ।

ਪੋਇਲਿਵਰੇ ਨੇ ਕਾਰਨੀ ਸਰਕਾਰ ਨੂੰ ਦਿੱਤੀ ਚਿਤਾਵਨੀ

ਦੂਜੇ ਪਾਸੇ, ਕੈਨੇਡਾ ਦੀ ਕੰਜ਼ਰਵੇਟਿਵ ਪਾਰਟੀ ਦੇ ਆਗੂ ਪਿਏਰੇ ਪੋਇਲਿਵਰੇ ਨੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੂੰ ਖੁੱਲ੍ਹੀ ਚਿੱਠੀ ਲਿਖ ਕੇ ਸਰਕਾਰ ਨੂੰ ਅਮਰੀਕੀ ਮੰਗਾਂ ਅੱਗੇ ਹੋਰ ਰਿਆਇਤਾਂ ਨਾ ਦੇਣ ਦੀ ਅਪੀਲ ਕੀਤੀ ਹੈ।

ਪੋਇਲਿਵਰੇ ਦਾ ਦੋਸ਼ ਹੈ ਕਿ ਓਟਾਵਾ ਪਹਿਲਾਂ ਹੀ ਕਈ ਮਾਮਲਿਆਂ ਵਿੱਚ ਅਮਰੀਕਾ ਨੂੰ ਰਿਆਇਤਾਂ ਦੇ ਚੁੱਕਾ ਹੈ। ਉਨ੍ਹਾਂ ਨੇ ਕੈਨੇਡੀਅਨ ਸਟੀਲ, ਐਲੂਮੀਨੀਅਮ, ਲੱਕੜ ਅਤੇ ਆਟੋਮੋਬਾਇਲ ਖੇਤਰ ਲਈ ਜ਼ੀਰੋ-ਟੈਰਿਫ਼ ਪਹੁੰਚ ਦੀ ਮੰਗ ਕੀਤੀ ਹੈ।

ਉਨ੍ਹਾਂ ਨੇ ‘ਬਾਏ ਅਮਰੀਕਨ’ ਨਿਯਮਾਂ ਤੋਂ ਕੈਨੇਡਾ ਨੂੰ ਛੋਟ ਦੇਣ ਦੀ ਮੰਗ ਵੀ ਕੀਤੀ ਹੈ, ਤਾਂ ਜੋ ਕੈਨੇਡੀਅਨ ਕੰਪਨੀਆਂ ਅਤੇ ਕਾਮਿਆਂ ਨੂੰ ਅਮਰੀਕੀ ਨੀਤੀਆਂ ਕਾਰਨ ਹੋਣ ਵਾਲੇ ਨੁਕਸਾਨ ਤੋਂ ਬਚਾਇਆ ਜਾ ਸਕੇ।

ਕਾਰਨੀ ਸਰਕਾਰ ਸਾਹਮਣੇ ਦੋਹਰੀ ਚੁਣੌਤੀ

ਮੌਜੂਦਾ ਹਾਲਾਤਾਂ ਵਿੱਚ ਪ੍ਰਧਾਨ ਮੰਤਰੀ ਮਾਰਕ ਕਾਰਨੀ ਦੀ ਸਰਕਾਰ ਸਾਹਮਣੇ ਦੋਹਰੀ ਚੁਣੌਤੀ ਹੈ। ਇੱਕ ਪਾਸੇ ਸਰਕਾਰ ਨੂੰ ਕੈਨੇਡਾ ਦੇ ਸਭ ਤੋਂ ਮਹੱਤਵਪੂਰਨ ਵਪਾਰਕ ਭਾਈਵਾਲ ਅਮਰੀਕਾ ਦੇ ਬਾਜ਼ਾਰ ਤੱਕ ਪਹੁੰਚ ਨੂੰ ਬਚਾਉਣਾ ਹੈ, ਜਦਕਿ ਦੂਜੇ ਪਾਸੇ ਅਜਿਹੀਆਂ ਰਿਆਇਤਾਂ ਦੇਣ ਤੋਂ ਵੀ ਬਚਣਾ ਹੈ ਜੋ ਲੰਬੇ ਸਮੇਂ ਵਿੱਚ ਕੈਨੇਡੀਅਨ ਉਦਯੋਗਾਂ ਅਤੇ ਕਾਮਿਆਂ ਨੂੰ ਕਮਜ਼ੋਰ ਕਰ ਸਕਦੀਆਂ ਹਨ।

ਛੂਸ਼ੰਅ ਦੇ ਭਵਿੱਖ ਨੂੰ ਲੈ ਕੇ ਹੋਣ ਵਾਲੀ ਵਾਰਤਾ ਇਸ ਲਈ ਕੈਨੇਡਾ ਦੀ ਅਰਥਵਿਵਸਥਾ ਲਈ ਬੇਹੱਦ ਅਹਿਮ ਮੰਨੀ ਜਾ ਰਹੀ ਹੈ। ਜੇਕਰ ਵਪਾਰਕ ਰੁਕਾਵਟਾਂ ਘਟਾਉਣ ਅਤੇ ਛੂਸ਼ੰਅ ਨੂੰ ਕਾਇਮ ਰੱਖਣ ਵਿੱਚ ਸਫ਼ਲਤਾ ਮਿਲਦੀ ਹੈ ਤਾਂ ਕੈਨੇਡਾ ਵਿੱਚ ਕਰੀਬ 98,000 ਨਵੀਆਂ ਨੌਕਰੀਆਂ ਪੈਦਾ ਹੋਣ ਦੀ ਸੰਭਾਵਨਾ ਵੀ ਆਕਸਫੋਰਡ ਇਕਨਾਮਿਕਸ ਵੱਲੋਂ ਜਤਾਈ ਗਈ ਹੈ।

ਇਸ ਤਰ੍ਹਾਂ ਆਉਣ ਵਾਲੇ ਦਿਨਾਂ ਵਿੱਚ ਕੈਨੇਡਾ ਅਤੇ ਅਮਰੀਕਾ ਵਿਚਾਲੇ ਹੋਣ ਵਾਲੀ ਵਪਾਰਕ ਗੱਲਬਾਤ ਸਿਰਫ਼ ਟੈਰਿਫ਼ਾਂ ਦਾ ਮਸਲਾ ਨਹੀਂ ਰਹੇਗੀ, ਸਗੋਂ ਕੈਨੇਡਾ ਦੀਆਂ ਨੌਕਰੀਆਂ, ਉਦਯੋਗਾਂ, ਨਿਰਯਾਤ ਅਤੇ ਆਰਥਿਕ ਭਵਿੱਖ ’ਤੇ ਵੀ ਇਸ ਦਾ ਸਿੱਧਾ ਪ੍ਰਭਾਵ ਪੈ ਸਕਦਾ ਹੈ।

## ਕਰਨ ਔਜਲਾ ਦਾ ਆਸਟ੍ਰੇਲੀਆ ਟੂਰ ਵੀਜ਼ਾ ਵਿਵਾਦ ਕਾਰਨ ਮੁਲਤਵੀ, ਗਲਤ ਪਛਾਣ ਦਾ ਸ਼ੱਕ



**ਆਸਟ੍ਰੇਲੀਆ—** ਪੰਜਾਬੀ ਸੰਗੀਤ ਜਗਤ ਦੇ ਪ੍ਰਸਿੱਧ ਗਾਇਕ ਕਰਨ ਔਜਲਾ ਦਾ ਆਸਟ੍ਰੇਲੀਆ ਅਰੀਨਾ ਟੂਰ ਵੀਜ਼ਾ ਪ੍ਰਕਿਰਿਆ ਵਿੱਚ ਦੇਰੀ ਕਾਰਨ ਪ੍ਰਭਾਵਿਤ ਹੋਇਆ ਹੈ। ਔਜਲਾ ਨੇ ਵੀਰਵਾਰ ਨੂੰ ਪਰਥ ਤੋਂ ਸ਼ੁਰੂ ਹੋਣ ਵਾਲੇ ਆਪਣੇ ਪੰਜ-ਸ਼ੋਅ ਵਾਲੇ ਆਸਟ੍ਰੇਲੀਆ ਦੌਰੇ ਦਾ ਪਹਿਲਾ ਸ਼ੋਅ ਮੁਲਤਵੀ ਕਰ ਦਿੱਤਾ ਹੈ। ਪਰਥ ਵਿੱਚ ਹੋਣ ਵਾਲਾ ਇਹ ਸ਼ੋਅ ਹੁਣ 24 ਅਗਸਤ ਨੂੰ ਕਰਵਾਇਆ ਜਾਵੇਗਾ।

ਔਜਲਾ ਦੇ ਪ੍ਰਤੀਨਿਧੀਆਂ ਮੁਤਾਬਕ ਆਸਟ੍ਰੇਲੀਆ ਦੇ ਹੋਮ ਅਫੇਅਰਜ਼ ਵਿਭਾਗ ਵੱਲੋਂ ਉਨ੍ਹਾਂ ਦੀ ਵੀਜ਼ਾ ਅਰਜ਼ੀ ਦੀ ਜਾਂਚ ਦੌਰਾਨ ਵਾਧੂ ਸਬੂਤ ਮੰਗੇ ਗਏ ਹਨ। ਰਿਪੋਰਟਾਂ ਅਨੁਸਾਰ ਅਧਿਕਾਰੀਆਂ ਵੱਲੋਂ ਉਨ੍ਹਾਂ ਨੂੰ ਇੱਕ “ਪਰਸਨ ਆਫ ਇੰਟਰੈਸਟ” ਨਾਲ ਜੋੜ ਕੇ ਹੋਰ ਜਾਣਕਾਰੀ ਮੰਗੀ ਗਈ ਹੈ।

ਇਸ ਮਾਮਲੇ ਵਿੱਚ ਗਲਤ ਪਛਾਣ (ਮਿਸਟੇਕਨ ਇਦਇਨਟਿਟੇ) ਦਾ ਮਾਮਲਾ ਸਾਹਮਣੇ ਆ ਰਿਹਾ ਹੈ। ਰਿਪੋਰਟਾਂ ਮੁਤਾਬਕ ਜਿਸ ਵਿਅਕਤੀ ਦੀ ਪਛਾਣ ਦਾ ਹਵਾਲਾ ਦਿੱਤਾ ਗਿਆ ਹੈ, ਉਸ ਦਾ ਨਾਮ ਜਸਕਰਨ ਸਿੰਘ ਹੈ, ਜਿਸ ਨੂੰ ਮਈ 2024 ਵਿੱਚ ਓਨਟਾਰੀਓ ਵਿੱਚ ਕਥਿਤ ਤੌਰ ’ਤੇ ਐਕਸਟੌਰਸ਼ਨ ਅਤੇ ਹਥਿਆਰਾਂ ਨਾਲ ਸਬੰਧਤ ਮਾਮਲੇ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ।

ਕਰਨ ਔਜਲਾ ਦਾ ਪੂਰਾ ਨਾਮ ਜਸਕਰਨ ਸਿੰਘ ਔਜਲਾ ਹੋਣ ਕਾਰਨ ਉਨ੍ਹਾਂ ਦੀ ਟੀਮ ਨੂੰ ਸ਼ੱਕ ਹੈ ਕਿ ਆਸਟ੍ਰੇਲੀਆਈ ਅਧਿਕਾਰੀਆਂ ਵੱਲੋਂ ਨਾਮ ਦੀ ਸਮਾਨਤਾ ਕਾਰਨ ਗਲਤਫਹਿਮੀ ਪੈਦਾ ਹੋਈ ਹੋ ਸਕਦੀ ਹੈ। ਔਜਲਾ ਦੀ ਟੀਮ ਦਾ ਕਹਿਣਾ ਹੈ ਕਿ ਦੋਵਾਂ ਵਿਅਕਤੀਆਂ ਦੀ ਉਮਰ ਅਤੇ ਹੋਰ ਨਿੱਜੀ ਵੇਰਵਿਆਂ ਵਿੱਚ ਅੰਤਰ ਹੈ। ਇਸ ਤੋਂ ਇਲਾਵਾ ਕਰਨ ਔਜਲਾ ਬ੍ਰਿਟਿਸ਼ ਕੋਲੰਬੀਆ ਵਿੱਚ ਰਹਿੰਦੇ ਹਨ।


ਖਾਸ ਗੱਲ ਇਹ ਹੈ ਕਿ ਕਰਨ ਔਜਲਾ ਨੂੰ ਸਤੰਬਰ 2024 ਵਿੱਚ ਆਸਟ੍ਰੇਲੀਆ ਦਾ ਵੀਜ਼ਾ ਮਿਲ ਚੁੱਕਾ ਸੀ। ਇਸ ਤੋਂ ਬਾਅਦ ਉਨ੍ਹਾਂ ਨੇ ਅਕਤੂਬਰ ਅਤੇ ਨਵੰਬਰ 2024 ਵਿੱਚ ਆਸਟ੍ਰੇਲੀਆ ਵਿੱਚ ਸਫਲਤਾਪੂਰਵਕ ਪ੍ਰਦਰਸ਼ਨ ਵੀ ਕੀਤੇ ਸਨ।

ਹੁਣ ਵੀਜ਼ਾ ਪ੍ਰਕਿਰਿਆ ਵਿੱਚ ਆਈ ਇਸ ਦੇਰੀ ਕਾਰਨ ਉਨ੍ਹਾਂ ਦੇ ਆਸਟ੍ਰੇਲੀਆ ਦੌਰੇ ਦੇ ਪ੍ਰੋਗਰਾਮ ’ਤੇ ਅਸਰ ਪਿਆ ਹੈ। ਉਨ੍ਹਾਂ ਦੇ ਪ੍ਰਸ਼ੰਸਕਾਂ ਵੱਲੋਂ ਪਰਥ ਸ਼ੋਅ ਦੀ ਨਵੀਂ ਤਾਰੀਖ ਦਾ ਇੰਤਜ਼ਾਰ ਕੀਤਾ ਜਾ ਰਿਹਾ ਹੈ, ਜਦਕਿ ਕਰਨ ਔਜਲਾ ਦੀ ਟੀਮ ਵੱਲੋਂ ਮਾਮਲਾ ਜਲਦ ਸੁਲਝਣ ਦੀ ਉਮੀਦ ਜਤਾਈ ਜਾ ਰਹੀ ਹੈ।

## ਯੂਕੇ ਵਿੱਚ ਗਰਮੀ ਨੇ ਤੋੜਿਆ ਇਸ ਸਾਲ ਦਾ ਰਿਕਾਰਡ, 38.1 ਡਿਗਰੀ ਤਾਪਮਾਨ ਨਾਲ ਲੋਕ ਬੇਹਾਲ

ਯੂਨਾਈਟਿਡ ਕਿੰਗਡਮ (ਯੂਕੇ) ਵਿੱਚ ਇਸ ਸਾਲ ਦੀ ਗਰਮੀ ਨੇ ਨਵਾਂ ਰਿਕਾਰਡ ਕਾਇਮ ਕਰ ਦਿੱਤਾ ਹੈ। ਪੱਛਮੀ ਲੰਡਨ ਵਿੱਚ ਤਾਪਮਾਨ 38.1 ਡਿਗਰੀ ਸੈਲਸੀਅਸ (100.6 ਡਿਗਰੀ ਫਾਰਨਹੀਟ) ਤੱਕ ਪਹੁੰਚ ਗਿਆ, ਜੋ ਕਿ 2026 ਵਿੱਚ ਹੁਣ ਤੱਕ ਦਰਜ ਕੀਤਾ ਗਿਆ ਸਭ ਤੋਂ ਵੱਧ ਤਾਪਮਾਨ ਹੈ। ਇਸ ਤੋਂ ਪਹਿਲਾਂ 28 ਜੂਨ ਨੂੰ ਤਾਪਮਾਨ 38 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਸੀ। ਹਾਲਾਂਕਿ ਮੌਜੂਦਾ ਤਾਪਮਾਨ 2003 ਵਿੱਚ ਅਗਸਤ ਮਹੀਨੇ ਦੌਰਾਨ ਦਰਜ ਕੀਤੇ ਗਏ 38.5 ਡਿਗਰੀ ਸੈਲਸੀਅਸ ਦੇ ਰਿਕਾਰਡ ਤੋਂ ਅਜੇ ਵੀ ਥੋੜ੍ਹਾ ਹੇਠਾਂ ਹੈ।

ਬ੍ਰਿਟੇਨ ਇਸ ਸਾਲ ਆਪਣੀ ਪੰਜਵੀਂ ਗਰਮੀ ਦੀ ਲਹਿਰ ਦਾ ਸਾਹਮਣਾ ਕਰ ਰਿਹਾ ਹੈ। 2026 ਦੌਰਾਨ ਹੁਣ ਤੱਕ ਚਾਰ ਅਜਿਹੇ ਦਿਨ ਦਰਜ ਹੋ ਚੁੱਕੇ ਹਨ, ਜਦੋਂ ਦੇਸ਼ ਵਿੱਚ ਤਾਪਮਾਨ 38 ਡਿਗਰੀ ਸੈਲਸੀਅਸ ਜਾਂ ਇਸ ਤੋਂ ਵੱਧ ਰਿਹਾ ਹੈ। ਇਸ ਦੇ ਨਾਲ ਹੀ ਪੱਛਮੀ ਯੂਰਪ ਦੇ ਹੋਰ ਦੇਸ਼ਾਂ ਵਿੱਚ ਵੀ ਗਰਮੀ ਨੇ ਲੋਕਾਂ ਦੀਆਂ ਮੁਸ਼ਕਲਾਂ ਵਧਾ ਦਿੱਤੀਆਂ ਹਨ।




ਫਰਾਂਸ ਵਿੱਚ ਹਾਲਾਤ ਹੋਰ ਵੀ ਗੰਭੀਰ ਹਨ। ਕਈ ਇਲਾਕਿਆਂ ਵਿੱਚ ਤਾਪਮਾਨ 41 ਡਿਗਰੀ ਸੈਲਸੀਅਸ ਦੇ ਨੇੜੇ ਪਹੁੰਚ ਗਿਆ ਹੈ। ਮੌਸਮ ਵਿਭਾਗ ਮੁਤਾਬਕ ਸ਼ੁੱਕਰਵਾਰ ਨੂੰ ਗਰਮੀ ਦਾ ਸਭ ਤੋਂ ਵੱਧ ਪ੍ਰਭਾਵ ਬ੍ਰਿਟੇਨ ਅਤੇ ਫਰਾਂਸ ਤੋਂ ਪੂਰਬ ਵੱਲ ਵਧਣ ਦੀ ਸੰਭਾਵਨਾ ਹੈ, ਜਦਕਿ ਵੀਕੈਂਡ ਤੱਕ ਤਾਪਮਾਨ ਵਿੱਚ ਕੁਝ ਕਮੀ ਆਉਣ ਦੀ ਉਮੀਦ ਹੈ।

ਲਗਾਤਾਰ ਪੈ ਰਹੀ ਭਿਆਨਕ ਗਰਮੀ ਨੇ ਬ੍ਰਿਟੇਨ ਅਤੇ ਫਰਾਂਸ ਦੀ ਗਰਮੀ ਨਾਲ ਨਜਿੱਠਣ ਦੀ ਤਿਆਰੀ ’ਤੇ ਵੀ ਸਵਾਲ ਖੜ੍ਹੇ ਕਰ ਦਿੱਤੇ ਹਨ। ਦੋਵਾਂ ਦੇਸ਼ਾਂ ਵਿੱਚ ਕਈ ਘਰਾਂ ਵਿੱਚ ਏਅਰ ਕੰਡੀਸ਼ਨਿੰਗ ਦੀ ਸਹੂਲਤ ਆਮ ਨਹੀਂ ਹੈ। ਖ਼ਾਸ ਤੌਰ ’ਤੇ ਬ੍ਰਿਟੇਨ ਦੀਆਂ ਪੁਰਾਣੀਆਂ ਇਮਾਰਤਾਂ ਵਿੱਚ ਕੰਮ ਕਰ ਰਹੇ ਸਿਹਤ ਕਰਮਚਾਰੀਆਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਗਰਮੀ ਕਾਰਨ ਕਈ ਨਰਸਾਂ ਦੇ ਬੇਹੋਸ਼ ਹੋਣ ਦੀਆਂ ਘਟਨਾਵਾਂ ਵੀ ਸਾਹਮਣੇ ਆਈਆਂ ਹਨ।

ਭਿਆਨਕ ਗਰਮੀ ਦਾ ਅਸਰ ਖੇਤੀਬਾੜੀ ’ਤੇ ਵੀ ਪੈ ਰਿਹਾ ਹੈ। ਕਈ ਇਲਾਕਿਆਂ ਵਿੱਚ ਫਸਲਾਂ ਸੁੱਕ ਰਹੀਆਂ ਹਨ ਅਤੇ ਨਦੀਆਂ ਵਿੱਚ ਪਾਣੀ ਦਾ ਪੱਧਰ ਘਟਣ ਕਾਰਨ ਸੋਕੇ ਵਰਗੇ ਹਾਲਾਤ ਬਣ ਰਹੇ ਹਨ। ਬ੍ਰਿਟੇਨ ਦੀ ‘ਸਦਰਨ ਵਾਟਰ’ ਕੰਪਨੀ ਨੇ ਸੋਕੇ ਸਬੰਧੀ ਹੁਕਮ ਲਾਗੂ ਕਰਨ ਲਈ ਅਰਜ਼ੀ ਦਿੱਤੀ ਹੈ। ਇਸ ਤਹਿਤ ਕਾਰਾਂ ਧੋਣ ਅਤੇ ਸਵੀਮਿੰਗ ਪੂਲ ਭਰਨ ਵਰਗੀਆਂ ਗੈਰ-ਜ਼ਰੂਰੀ ਗਤੀਵਿਧੀਆਂ ’ਤੇ ਰੋਕ ਲਗਾਈ ਜਾ ਸਕਦੀ ਹੈ।

ਸੁੱਕੀ ਹੋਈ ਜ਼ਮੀਨ ਕਾਰਨ ਜੰਗਲਾਂ ਵਿੱਚ ਅੱਗ ਲੱਗਣ ਦਾ ਖ਼ਤਰਾ ਵੀ ਕਾਫ਼ੀ ਵਧ ਗਿਆ ਹੈ। ਇੰਗਲੈਂਡ ਅਤੇ ਵੇਲਜ਼ ਵਿੱਚ ਇਸ ਸਾਲ ਹੁਣ ਤੱਕ ਜੰਗਲੀ ਅੱਗ ਦੀਆਂ 1,017 ਘਟਨਾਵਾਂ ਦਰਜ ਕੀਤੀਆਂ ਜਾ ਚੁੱਕੀਆਂ ਹਨ। ਮਾਹਿਰਾਂ ਮੁਤਾਬਕ ਲਗਾਤਾਰ ਗਰਮੀ, ਸੁੱਕੀ ਜ਼ਮੀਨ ਅਤੇ ਪਾਣੀ ਦੀ ਕਮੀ ਆਉਣ ਵਾਲੇ ਦਿਨਾਂ ਵਿੱਚ ਸਥਿਤੀ ਨੂੰ ਹੋਰ ਚੁਣੌਤੀਪੂਰਨ ਬਣਾ ਸਕਦੀ ਹੈ।

## ਸਿਡਨੀ ਵਿੱਚ ਨਸਲਪ੍ਰਸਤੀ ਖ਼ਿਲਾਫ਼ ਵਿਦਿਆਰਥੀਆਂ ਦਾ ਰੋਸ, ਪੌਲੀਨ ਹੈਨਸਨ ਤੇ ਵਨ ਨੇਸ਼ਨ ਵਿਰੁੱਧ ਕਾਰਵਾਈ ਦੀ ਮੰਗ




ਸਿਡਨੀ ਵਿੱਚ ਸਕੂਲੀ ਵਿਦਿਆਰਥੀ ਨਸਲਪ੍ਰਸਤੀ ਅਤੇ ਫੁੱਟ ਪਾਊ ਰਾਜਨੀਤੀ ਦੇ ਵਿਰੋਧ ਵਿੱਚ ਕਲਾਸਾਂ ਛੱਡ ਕੇ ਸੜਕਾਂ ’ਤੇ ਉਤਰ ਆਏ। ਵਿਦਿਆਰਥੀਆਂ ਨੇ ਮੰਗ ਕੀਤੀ ਕਿ ਨਸਲਪ੍ਰਸਤੀ ਨੂੰ ਰੋਕਣ ਲਈ ਸਖ਼ਤ ਕਦਮ ਚੁੱਕੇ ਜਾਣ ਅਤੇ ਕਥਿਤ ਤੌਰ ’ਤੇ ਫ਼ਿਰਕੂ ਟਿੱਪਣੀਆਂ ਅਤੇ ਸਮਾਜ ਵਿੱਚ ਵੰਡੀਆਂ ਪੈਦਾ ਕਰਨ ਵਾਲੀ ਰਾਜਨੀਤੀ ਲਈ ਸੰਸਦ ਮੈਂਬਰ ਪੌਲੀਨ ਹੈਨਸਨ ਅਤੇ ਉਸ ਦੀ ਪਾਰਟੀ ਵਨ ਨੇਸ਼ਨ ਵਿਰੁੱਧ ਕਾਰਵਾਈ ਕੀਤੀ ਜਾਵੇ।

ਇਹ ਰੈਲੀ ਨੈਸ਼ਨਲ ਯੂਨੀਅਨ ਆਫ਼ ਸਟੂਡੈਂਟਸ ਵੱਲੋਂ ਕਰਵਾਈ ਗਈ, ਜਿਸ ਵਿੱਚ ਸਕੂਲੀ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਪ੍ਰਦਰਸ਼ਨ ਦੌਰਾਨ ਵਿਦਿਆਰਥੀਆਂ ਨੇ ਨਸਲਵਾਦ, ਫਾਸ਼ੀਵਾਦ ਅਤੇ ਘੱਟਗਿਣਤੀਆਂ ਤੇ ਪਰਵਾਸੀਆਂ ਨੂੰ ਨਿਸ਼ਾਨਾ ਬਣਾਉਣ ਵਾਲੀ ਰਾਜਨੀਤੀ ਦੇ ਵਿਰੁੱਧ ਆਪਣੀ ਆਵਾਜ਼ ਬੁਲੰਦ ਕੀਤੀ।

ਸਿਡਨੀ ਦੇ 12ਵੀਂ ਜਮਾਤ ਦੇ ਵਿਦਿਆਰਥੀ ਥਿਓਡੋਰ ਨੇ ਕਿਹਾ ਕਿ ਵਿਦਿਆਰਥੀ ਇਤਿਹਾਸ ਵਿੱਚ ਹਮੇਸ਼ਾ ਫਾਸ਼ੀਵਾਦ ਅਤੇ ਨਸਲਵਾਦ ਵਿਰੁੱਧ ਲੜਾਈ ਦਾ ਹਿੱਸਾ ਰਹੇ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਭੋਲੇ-ਭਾਲੇ ਜਾਂ ਕਿਸੇ ਦੇ ਹੱਥਾਂ ਦੀ ਕਠਪੁਤਲੀ ਸਮਝਣਾ ਠੀਕ ਨਹੀਂ ਹੈ, ਕਿਉਂਕਿ ਵਿਦਿਆਰਥੀਆਂ ਦੀ ਵੀ ਸਮਾਜਕ ਅਤੇ ਰਾਜਨੀਤਕ ਮੁੱਦਿਆਂ ਬਾਰੇ ਆਪਣੀ ਰਾਏ ਹੈ।

ਥਿਓਡੋਰ ਮੁਤਾਬਕ ਵਿਦਿਆਰਥੀ ਇਸ ਲਈ ਸੜਕਾਂ ’ਤੇ ਉਤਰੇ ਹਨ ਕਿਉਂਕਿ ਉਹ ਮਹਿਸੂਸ ਕਰਦੇ ਹਨ ਕਿ ਵਨ ਨੇਸ਼ਨ ਦੀਆਂ ਕੁਝ ਨੀਤੀਆਂ ਪਰਵਾਸੀਆਂ ਅਤੇ ਘੱਟਗਿਣਤੀ ਭਾਈਚਾਰਿਆਂ ਨੂੰ ਨਿਸ਼ਾਨਾ ਬਣਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਇਹ ਮੁੱਦਾ ਸਿਰਫ਼ ਮੌਜੂਦਾ ਸਮੇਂ ਦੀ ਰਾਜਨੀਤੀ ਤੱਕ ਸੀਮਤ ਨਹੀਂ ਹੈ, ਸਗੋਂ ਵਿਦਿਆਰਥੀਆਂ ਦੇ ਭਵਿੱਖ ਨਾਲ ਵੀ ਜੁੜਿਆ ਹੋਇਆ ਹੈ। ਉਹ ਨਸਲਪ੍ਰਸਤੀ ਅਤੇ ਸਮਾਜ ਵਿੱਚ ਵੰਡ ਪੈਦਾ ਕਰਨ ਵਾਲੀ ਰਾਜਨੀਤੀ ਦਾ ਵਿਰੋਧ ਕਰਨਾ ਚਾਹੁੰਦੇ ਹਨ।

ਵਿਦਿਆਰਥੀ ਆਗੂ ਨੇ ਕਿਹਾ ਕਿ ਉਨ੍ਹਾਂ ਦਾ ਮੁੱਖ ਸੁਨੇਹਾ ਸਿਰਫ਼ ਪੌਲੀਨ ਹੈਨਸਨ ਦਾ ਵਿਰੋਧ ਕਰਨਾ ਨਹੀਂ ਹੈ। ਉਨ੍ਹਾਂ ਅਨੁਸਾਰ ਇਹ ਬਰਾਬਰੀ, ਬਹੁ-ਸੱਭਿਆਚਾਰਕ ਸਮਾਜ ਅਤੇ ਆਪਣੇ ਭਵਿੱਖ ਨਾਲ ਜੁੜੇ ਮੁੱਦਿਆਂ ’ਤੇ ਵਿਦਿਆਰਥੀਆਂ ਵੱਲੋਂ ਆਪਣੀ ਆਵਾਜ਼ ਉਠਾਉਣ ਦਾ ਮਾਮਲਾ ਹੈ।

ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਆਸਟਰੇਲੀਆ ਵਿੱਚ ਵੱਖ-ਵੱਖ ਭਾਈਚਾਰਿਆਂ ਦੇ ਲੋਕਾਂ ਨੂੰ ਬਰਾਬਰ ਅਧਿਕਾਰ ਅਤੇ ਸਨਮਾਨ ਮਿਲਣਾ ਚਾਹੀਦਾ ਹੈ।

ਦੂਜੇ ਪਾਸੇ ਸਰਕਾਰ ਨੇ ਵਿਦਿਆਰਥੀਆਂ ਦੇ ਵਿਚਾਰ ਪ੍ਰਗਟ ਕਰਨ ਦੇ ਅਧਿਕਾਰ ਨੂੰ ਸਵੀਕਾਰ ਕਰਦਿਆਂ ਕਿਹਾ ਕਿ ਹਰ ਵਿਅਕਤੀ ਨੂੰ ਆਪਣੀ ਰਾਏ ਰੱਖਣ ਅਤੇ ਸ਼ਾਂਤੀਪੂਰਨ ਢੰਗ ਨਾਲ ਵਿਰੋਧ ਕਰਨ ਦਾ ਹੱਕ ਹੈ। ਹਾਲਾਂਕਿ ਸਰਕਾਰ ਨੇ ਇਹ ਵੀ ਕਿਹਾ ਕਿ ਸਕੂਲਾਂ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਿੱਖਿਆ ਦੇਣਾ ਅਤੇ ਉਨ੍ਹਾਂ ਦੀ ਪੜ੍ਹਾਈ ਯਕੀਨੀ ਬਣਾਉਣਾ ਹੈ।

ਕੇਂਦਰੀ ਸਿੱਖਿਆ ਮੰਤਰੀ ਜੇਸਨ ਕਲੇਅਰ ਨੇ ਵਿਦਿਆਰਥੀਆਂ ਨੂੰ ਕਲਾਸਾਂ ਵਿੱਚ ਰਹਿਣ ਅਤੇ ਆਪਣੀਆਂ ਰਾਜਨੀਤਕ ਜਾਂ ਸਮਾਜਕ ਮੰਗਾਂ ਨੂੰ ਪ੍ਰਗਟ ਕਰਨ ਲਈ ਹਫ਼ਤੇ ਦੇ ਅੰਤ ਵਿੱਚ ਵਿਰੋਧ ਪ੍ਰਦਰਸ਼ਨ ਕਰਨ ਦੀ ਅਪੀਲ ਕੀਤੀ।

ਇਸ ਤਰ੍ਹਾਂ ਸਿਡਨੀ ਵਿੱਚ ਵਿਦਿਆਰਥੀਆਂ ਦੇ ਪ੍ਰਦਰਸ਼ਨ ਨੇ ਨਸਲਪ੍ਰਸਤੀ, ਬਹੁ-ਸੱਭਿਆਚਾਰ ਅਤੇ ਰਾਜਨੀਤਕ ਬਿਆਨਾਂ ਨੂੰ ਲੈ ਕੇ ਆਸਟਰੇਲੀਆ ਵਿੱਚ ਚੱਲ ਰਹੀ ਚਰਚਾ ਨੂੰ ਹੋਰ ਤੇਜ਼ ਕਰ ਦਿੱਤਾ ਹੈ।

## ਨਿਊਯਾਰਕ ਤੇ ਨਿਊਜਰਸੀ ਵਿੱਚ 15 ਅਗਸਤ ਨੂੰ ਮਨਾਇਆ ਜਾਵੇਗਾ ਭਾਰਤ ਦਾ ਆਜ਼ਾਦੀ ਦਿਹਾੜਾ




ਅਮਰੀਕਾ ਦੇ ਨਿਊਯਾਰਕ ਅਤੇ ਨਿਊਜਰਸੀ ਸੂਬਿਆਂ ਨੇ ਭਾਰਤ ਦੇ ਆਜ਼ਾਦੀ ਦਿਹਾੜੇ ਨੂੰ ਵਿਸ਼ੇਸ਼ ਤੌਰ ’ਤੇ ਮਨਾਉਣ ਦਾ ਐਲਾਨ ਕੀਤਾ ਹੈ। ਦੋਵਾਂ ਸੂਬਿਆਂ ਵੱਲੋਂ ਇਹ ਫ਼ੈਸਲਾ ਭਾਰਤ ਦੇ ਆਜ਼ਾਦੀ ਦੇ ਸਫ਼ਰ ਅਤੇ ਅਮਰੀਕਾ ਵਿੱਚ ਵੱਸਦੇ ਭਾਰਤੀ-ਅਮਰੀਕੀ ਭਾਈਚਾਰੇ ਦੇ ਮਹੱਤਵਪੂਰਨ ਯੋਗਦਾਨ ਨੂੰ ਮਾਨਤਾ ਦੇਣ ਲਈ ਕੀਤਾ ਗਿਆ ਹੈ।

ਨਿਊਯਾਰਕ ਸਥਿਤ ਭਾਰਤੀ ਕੌਂਸਲਖ਼ਾਨੇ ਵੱਲੋਂ ਸਾਂਝੀ ਕੀਤੀ ਜਾਣਕਾਰੀ ਮੁਤਾਬਕ ਨਿਊਯਾਰਕ ਦੀ ਗਵਰਨਰ ਕੈਥੀ ਹੋਚੁਲ ਨੇ ਹੁਕਮ ਜਾਰੀ ਕਰਕੇ 15 ਅਗਸਤ 2026 ਨੂੰ ਪੂਰੇ ਸੂਬੇ ਵਿੱਚ ‘ਭਾਰਤੀ ਆਜ਼ਾਦੀ ਦਿਵਸ’ ਵਜੋਂ ਮਨਾਉਣ ਦਾ ਐਲਾਨ ਕੀਤਾ ਹੈ। ਇਸੇ ਤਰ੍ਹਾਂ ਨਿਊਜਰਸੀ ਦੀ ਗਵਰਨਰ ਮਿੱਕੀ ਸ਼ੇਰਿਲ ਨੇ ਵੀ 15 ਅਗਸਤ ਨੂੰ ਭਾਰਤ ਦੇ ਆਜ਼ਾਦੀ ਦਿਹਾੜੇ ਵਜੋਂ ਮਾਨਤਾ ਦਿੱਤੀ ਹੈ।

ਭਾਰਤੀ ਕੌਂਸਲਖ਼ਾਨੇ ਨੇ ਕਿਹਾ ਕਿ ਇਹ ਐਲਾਨ ਭਾਰਤ ਦੇ 80ਵੇਂ ਆਜ਼ਾਦੀ ਦਿਵਸ ਦੀਆਂ ਤਿਆਰੀਆਂ ਦੇ ਮੱਦੇਨਜ਼ਰ ਕੀਤੇ ਗਏ ਹਨ। ਇਹ ਭਾਰਤ ਦੇ ਆਜ਼ਾਦੀ ਹਾਸਲ ਕਰਨ ਦੇ ਇਤਿਹਾਸਕ ਸਫ਼ਰ ਅਤੇ ਭਾਰਤ-ਅਮਰੀਕਾ ਦੇ ਸਾਂਝੇ ਲੋਕਤੰਤਰੀ ਮੁੱਲਾਂ ਨੂੰ ਵੀ ਦਰਸਾਉਂਦੇ ਹਨ।

ਨਿਊਯਾਰਕ ਅਤੇ ਨਿਊਜਰਸੀ ਦੋਵੇਂ ਅਜਿਹੇ ਸੂਬੇ ਹਨ ਜਿੱਥੇ ਵੱਡੀ ਗਿਣਤੀ ਵਿੱਚ ਭਾਰਤੀ-ਅਮਰੀਕੀ ਵੱਸਦੇ ਹਨ। ਭਾਰਤੀ ਮੂਲ ਦੇ ਲੋਕ ਇਨ੍ਹਾਂ ਸੂਬਿਆਂ ਵਿੱਚ ਕਾਰੋਬਾਰ, ਸਿਹਤ ਸੰਭਾਲ, ਤਕਨਾਲੋਜੀ, ਸਿੱਖਿਆ ਅਤੇ ਲੋਕ ਸੇਵਾ ਸਮੇਤ ਵੱਖ-ਵੱਖ ਖੇਤਰਾਂ ਵਿੱਚ ਅਹਿਮ ਯੋਗਦਾਨ ਪਾ ਰਹੇ ਹਨ।

ਭਾਰਤੀ ਕੌਂਸਲਖ਼ਾਨੇ ਨੇ ਦੋਵਾਂ ਸੂਬਿਆਂ ਦੀਆਂ ਗਵਰਨਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਮਾਨਤਾ ਭਾਰਤ ਅਤੇ ਅਮਰੀਕਾ ਦਰਮਿਆਨ ਮਜ਼ਬੂਤ ਦੋਸਤੀ ਅਤੇ ਦੋਵਾਂ ਸੂਬਿਆਂ ਵਿੱਚ ਭਾਰਤੀ-ਅਮਰੀਕੀ ਭਾਈਚਾਰੇ ਦੇ ਮਹੱਤਵਪੂਰਨ ਯੋਗਦਾਨ ਨੂੰ ਦਰਸਾਉਂਦੀ ਹੈ।